ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 24 ਦਸੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੧੦ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਸ਼ਹੀਦੀ ਹਫ਼ਤਾ (24 ਦਸੰਬਰ)

ਸਿੱਖ ਧਰਮ ਵਿੱਚ 21 ਦਸੰਬਰ ਤੋਂ ਲੈ ਕੇ ਅਗਲਾ ਇੱਕ ਹਫ਼ਤਾ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਮਨਾਉਂਦੇ ਹਨ। ਇਸ ਇੱਕ ਹਫ਼ਤੇ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 21 ਦਸੰਬਰ ਤੋਂ ਲੈ ਕੇ 29 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ 'ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰਾ ਹਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਰੋਜ਼ਾਨਾ ਦੱਸ ਰਹੇ ਹਾਂ।



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇਸ ਯੁੱਧ ਵਿੱਚ ਜਾਣਾ ਚਾਹੁੰਦੇ ਸਨ ਪਰ ਹੋਰ ਸਿੱਖਾਂ ਨੇ ਆਪਣੇ ਅਧਿਕਾਰਾਂ ਦਾ ਇਸਤੇਮਾਲਕਰਦਿਆਂ ਹੋਇਆਂ ਗੁਰੂ ਗੋਬਿੰਦ ਸਿੰਘ ਜੀ ਨੂੰ ਉਥੋਂ ਜਾਣ ਲਈ ਕਿਹਾ। ਗੁਰੂ ਸਾਹਿਬ ਇਸਨੂੰ ਮੰਨਣ ਨੂੰ ਤਿਆਰ ਨਹੀਂ ਸਨ ਪਰ ਹੋਰ ਸਿੱਖਾਂ ਦੇ ਅੱਗੇ ਉਨ੍ਹਾਂ ਨੂੰ ਮਜਬੂਰ ਹੋ ਕੇ ਉਥੋਂ ਜਾਣਾ ਪਿਆ। ਇਸ ਦਰਮਿਆਨ ਉਥੇ ਬਚੇ ਸਿੱਖਾਂ ਨੇ ਮੁਗਲੀਆ ਸੈਨਾ ਨਾਲ ਯੁੱਧ ਕੀਤਾ ਅਤੇ ਲੜਦੇ-ਲੜਦੇ ਸ਼ਹੀਦ ਹੋ ਗਏ।

ਆਵਾਜ਼ਿ ਕੌਮ
AWAZE QAUM
International Newspaper & WEB TV

## ਬ੍ਰਹਮ ਗਿਆਨੀ ਮਹਾਪੁਰਸ਼ ਸ੍ਰੀ ਮਾਨ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਦੀ 20 ਵੀਂ ਬਰਸੀ ਅੱਜ



**ਚੌਕ ਮਹਿਤਾ, 23 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ ਦਮਦਮੀ ਟਕਸਾਲ ਦੇ ਹੈਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪਰਕਾਸ਼ ਮਹਿਤਾ ਵਿੱਖੇ, ਦਮਦਮੀ ਟਕਸਾਲ ਦੇ 15 ਵੇਂ ਮੁੱਖੀ ਬ੍ਰਹਮ ਗਿਆਨੀ ਮਹਾਪੁਰਸ਼ ਸ੍ਰੀ ਮਾਨ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ 20 ਵੀਂ ਬਰਸੀ ਅੱਜ 24 ਦਸੰਬਰ 2024 ਦਿਨ ਮੰਗਲਵਾਰ ਨੂੰ ਬੜੀ ਸਰਧਾ ਭਾਵਨਾ ਨਾਲ ਮਨਾਈ ਜਾ ਰਹੀ ਹੈ, ਜਿਸ ਦੌਰਾਨ ਆਰੰਭ ਕੀਤੇ ਗਏ ਸ੍ਰੀ ਆਖੰਡ ਸਾਹਿਬ ਜੀ ਦੀ ਲੜੀ ਦੇ ਭੋਗ ਪਾਇ ਜਾਣਗੇ, ਉਪਰੰਤ 11 ਤੋਂ 12 ਵਜੇ ਤੱਕ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਮਹਾਪੁਰਸੋ ਵੱਲੋਂ ਆਪ ਸੰਗਤਾਂ ਨੂੰ ਕਥਾ ਵਿਚਾਰਾਂ ਸਰਵਣ ਕਰਵਾਈਆਂ ਜਾਣਗੀਆਂ। ਅਤੇ ਇਸ ਮੌਕੇ ਤੇ ਸੰਤ, ਮਹਾਪੁਰਸ਼, ਨਿਹੰਗ ਸਿੰਘ, ਦੇਸਾ ਵਿਦੇਸਾ ਦੀਆਂ ਸੰਗਤਾਂ ਹਾਜਰੀ ਭਰਨਗੀਆ। ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਹਾਜਰੀਆ ਭਰ ਕੇ ਲਾਹ ਪ੍ਰਾਪਤ ਕਰਨ ਕਰੋ ਜੀ।

## ਕੌਣ ਸੀ ਯੂਪੀ 'ਚ ਐਨਕਾਊਂਟਰ ਦੌਰਾਨ ਮਾਰੇ ਗਏ ਤਿੰਨ ਸਿੱਖ ਨੌਜਵਾਨ ? ਤਿੰਨੇ ਗਰੀਬ ਪਰਿਵਾਰਾਂ ਨਾਲ ਸਬੰਧਤ

**ਲਖਨਊ, 23 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਬੀਤੀ 18 ਦਸੰਬਰ ਦੀ ਰਾਤ ਨੂੰ ਗੁਰਦਾਸਪੁਰ ਦੇ ਸਰਹੱਦੀ ਕਸਬੇ ਕਲਾਨੌਰ ਦੀ ਬਖਸ਼ੀਵਾਲ ਪੁਲਿਸ ਚੌਕੀ 'ਤੇ ਗ੍ਰਨੇਡ ਹਮਲਾ ਕਰਨ ਵਾਲੇ ਤਿੰਨ ਨੌਜਵਾਨਾਂ ਦਾ ਉੱਤਰ ਪ੍ਰਦੇਸ਼ ਦੇ ਪੀਲੀਭੀਤ 'ਚ ਐਨਕਾਊਂਟਰ ਕਰ ਦਿੱਤਾ ਗਿਆ ਹੈ। ਪੁਲਿਸ ਮੁਤਾਬਕ ਮੁਕਾਬਲੇ ਵਿੱਚ ਮਾਰੇ ਗਏ ਤਿੰਨੇ ਨੌਜਵਾਨ ਕਲਾਨੌਰ ਦੇ ਰਹਿਣ ਵਾਲੇ ਸੀ। ਇਨ੍ਹਾਂ ਵਿੱਚ ਜਸ਼ਨਪ੍ਰੀਤ ਸਿੰਘ ਉਰਫ਼ ਪ੍ਰਤਾਪ ਸਿੰਘ ਉਮਰ ਕਰੀਬ 18 ਸਾਲ ਵਾਸੀ ਪਿੰਡ ਨਿੱਕਾ ਸ਼ਾਹੂਰ, ਗੁਰਵਿੰਦਰ ਸਿੰਘ ਪੁੱਤਰ ਗੁਰਦੇਵ ਸਿੰਘ ਉਮਰ 25 ਸਾਲ ਵਾਸੀ ਮੁਹੱਲਾ ਕਲਾਨੌਰ ਤੇ ਵਰਿੰਦਰ ਸਿੰਘ ਉਰਫ਼ ਰਵੀ ਪੁੱਤਰ ਰਣਜੀਤ ਸਿੰਘ ਉਮਰ 23 ਸਾਲ ਵਾਸੀ ਪਿੰਡ ਅਗਵਾਨ ਸ਼ਾਮਲ ਸਨ। ਇਹ ਤਿੰਨੇ ਬਹੁਤ ਗਰੀਬ ਪਰਿਵਾਰ ਨਾਲ ਸਬੰਧਤ ਸਨ।

**ਜਸ਼ਨਪ੍ਰੀਤ ਸਿੰਘ** ਦੇ ਪਿਤਾ ਦੀ ਮੌਤ ਤੋਂ ਬਾਅਦ ਉਸ ਦੀ ਮਾਂ ਪਰਮਜੀਤ ਕੌਰ ਨੇ ਦੂਜਾ ਵਿਆਹ ਕਰ ਲਿਆ ਸੀ ਤੇ ਪਿੰਡ ਸ਼ਹੂਰ ਵਿੱਚ ਆਪਣੇ ਬੱਚਿਆਂ ਨਾਲ ਰਹਿ ਰਹੀ ਸੀ। ਉਹ ਤਿੰਨ ਭਰਾ ਤੇ ਦੋ ਭੈਣਾਂ ਹਨ। ਜਸ਼ਨਪ੍ਰੀਤ ਦਾ 3 ਮਹੀਨੇ ਪਹਿਲਾਂ ਹੀ ਗੁਰਪ੍ਰੀਤ ਕੌਰ ਨਾਲ ਵਿਆਹ ਹੋਇਆ ਸੀ। ਗਰੀਬ ਪਰਿਵਾਰ ਹੋਣ ਕਾਰਨ ਸਾਰੇ ਮਿਹਨਤ ਮਜ਼ਦੂਰੀ ਕਰਦੇ ਹਨ। ਜਸ਼ਨਪ੍ਰੀਤ ਟਰੱਕ ਡਰਾਈਵਰ ਦਾ ਕੰਮ ਕਰਦਾ ਸੀ। ਉਹ 8 ਦਿਨਾਂ ਤੋਂ ਘਰ ਨਹੀਂ ਪਰਤਿਆ ਸੀ। ਇਸ ਬਾਰੇ ਜਾਣਕਾਰੀ ਦਿੰਦਿਆਂ ਜਸਨਪ੍ਰੀਤ ਸਿੰਘ ਦੀ ਮਾਂ ਤੇ ਪਤਨੀ ਨੇ ਦੱਸਿਆ ਕਿ ਉਹ ਆਪਣੇ ਸਾਥੀ ਵਰਿੰਦਰ ਸਿੰਘ ਉਰਫ ਰਵੀ ਅਗਵਾਨ ਦੇ ਨਾਲ ਟਰੱਕ ਡਰਾਈਵਰ ਦਾ ਕੰਮ ਕਰਦਾ ਸੀ। ਉਹ ਮੰਗਲਵਾਰ ਨੂੰ ਉਸ ਦੇ ਨਾਲ ਹੀ ਘਰੋਂ ਗਿਆ ਸੀ। ਅੱਜ ਸੂਚਨਾ ਮਿਲੀ ਕਿ ਉਨ੍ਹਾਂ ਦਾ ਐਨਕਾਊਂਟਰ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜਸ਼ਨਪ੍ਰੀਤ ਬੇਕਸੂਰ ਸੀ। ਉਨ੍ਹਾਂ ਦਾ ਪੁੱਤਰ ਅਜਿਹਾ ਨਹੀਂ ਕਰ ਸਕਦਾ।

**ਮ੍ਰਿਤਕ ਗੁਰਵਿੰਦਰ ਸਿੰਘ** ਦਾ ਪਿਤਾ ਗੁਰਦੇਵ ਸਿੰਘ ਮਿਹਨਤ ਮਜ਼ਦੂਰੀ ਕਰਦਾ ਹੈ। ਗੁਰਵਿੰਦਰ ਸਿੰਘ ਆਪਣੇ ਮਾਤਾ-ਪਿਤਾ ਦਾ ਇਕਲੌਤਾ ਪੁੱਤਰ ਸੀ ਜਿਸ ਨੂੰ ਗੋਦ ਲਿਆ ਸੀ। ਉਸ ਨੇ 12ਵੀਂ ਤੱਕ ਪੜ੍ਹਾਈ ਕੀਤੀ ਸੀ ਤੇ ਉਹ ਅਜੇ ਕੋਈ ਕੰਮ ਨਹੀਂ ਕਰਦਾ ਸੀ। ਉਸ 'ਤੇ ਪਹਿਲਾਂ ਵੀ ਮਾਮਲਾ ਦਰਜ ਹੋਇਆ ਸੀ। ਇਲਜ਼ਾਮ ਸੀ ਕਿ ਉਸ ਨੇ ਇੱਕ ਨੌਜਵਾਨ ਨੂੰ ਨਹਿਰ 'ਚ ਧੱਕਾ ਦੇ ਦਿੱਤਾ ਸੀ। ਗੁਰਵਿੰਦਰ ਵੀ ਮੰਗਲਵਾਰ ਨੂੰ ਘਰੋਂ ਨਿਕਲਿਆ ਸੀ ਤੇ ਉਸ



ਮਗਰੋਂ ਫੋਨ ਬੰਦ ਆ ਰਿਹਾ ਸੀ। ਉਸ ਦੀ ਘਰ ਵਾਲਿਆਂ ਨਾਲ ਕੋਈ ਗੱਲ ਨਹੀਂ ਹੋਈ ਸੀ। ਪਰਿਵਾਰ ਨੂੰ ਸਵੇਰੇ ਪੁਲਿਸ ਤੋਂ ਪਤਾ ਲੱਗਾ ਕਿ ਗੁਰਵਿੰਦਰ ਦਾ ਐਨਕਾਊਂਟਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਬੇਟਾ ਬੇਕਸੂਰ ਹੈ।

**ਤੀਜਾ ਨੌਜਵਾਨ ਵਰਿੰਦਰ ਸਿੰਘ** ਉਰਫ਼ ਰਵੀ ਪਿੰਡ ਅਗਵਾਨ ਦਾ ਰਹਿਣ ਵਾਲਾ ਹੈ। ਉਹ ਵੀ ਬਹੁਤ ਹੀ ਗਰੀਬ ਪਰਿਵਾਰ ਨਾਲ ਸਬੰਧਤ ਹੈ ਤੇ ਟਰੱਕ ਡਰਾਈਵਰੀ ਦਾ ਕੰਮ ਕਰਦਾ ਸੀ। ਐਨਕਾਊਂਟਰ ਦੀ ਖਬਰ ਆਉਣ ਮਗਰੋਂ ਘਰ ਵਿੱਚ ਕੋਈ ਮੌਜੂਦ ਨਹੀਂ। ਘਰ ਨੂੰ ਤਾਲਾ ਲੱਗਾ ਹੋਇਆ ਹੈ। ਉਸ ਦੀ ਮਾਂ ਵੀ ਘਰੋਂ ਕਿਤੇ ਚਲੀ ਗਈ ਹੈ।

ਦਰਅਸਲ ਪੁਲਿਸ ਨੇ ਯੂਪੀ ਦੇ ਪੀਲੀਭੀਤ ਵਿੱਚ 3 ਨੌਜਵਾਨਾਂ ਦਾ ਐਨਕਾਉਂਟਰ ਕਰਨ ਦਾ ਦਾਅਵਾ ਕੀਤਾ ਹੈ। ਪੀਲੀਭੀਤ ਪੁਲਿਸ ਤੇ ਪੰਜਾਬ ਪੁਲਿਸ ਨੇ ਸੋਮਵਾਰ ਤੜਕੇ ਇਹ ਕਾਰਵਾਈ ਕੀਤੀ ਹੈ। ਪੁਲਿਸ ਨੇ ਮਾਰੇ ਗਏ ਤਿੰਨੇ ਵਿਅਕਤੀ ਖਾਲਿਸਤਾਨ ਕਮਾਂਡੋ ਫੋਰਸ ਦੇ ਮੈਂਬਰ ਦੱਸਿਆ ਹੈ। ਪੰਜਾਬ ਪੁਲਿਸ ਦਾ ਦਾਅਵਾ ਹੈ ਕਿ ਇਨ੍ਹਾਂ ਨੇ ਹੀ 19 ਦਸੰਬਰ ਨੂੰ ਪੰਜਾਬ ਦੇ ਗੁਰਦਾਸਪੁਰ ਜ਼ਿਲ੍ਹੇ 'ਚ ਇੱਕ ਪੁਲਿਸ ਚੌਕੀ 'ਤੇ ਗ੍ਰਨੇਡ ਹਮਲਾ ਕੀਤਾ ਸੀ। ਪੁਲਿਸ ਮੁਤਾਬਕ ਮਾਰੇ ਗਏ ਨੌਜਵਾਨਾ ਕੋਲੋਂ 2 ਏਕੇ-47 ਰਾਈਫਲਾਂ, 2 ਗਲੌਕ ਪਿਸਤੌਲ ਤੇ ਵੱਡੀ ਮਾਤਰਾ 'ਚ ਕਾਰਤੂਸ ਬਰਾਮਦ ਹੋਏ ਹਨ। ਇਹ ਮੁਕਾਬਲਾ ਪੀਲੀਭੀਤ ਦੇ ਪੂਰਨਪੁਰ ਕੋਤਵਾਲੀ ਇਲਾਕੇ 'ਚ ਹੋਇਆ। ਗੋਲੀ ਲੱਗਣ ਤੋਂ ਬਾਅਦ ਤਿੰਨੋਂ ਜ਼ਖਮੀਆਂ ਨੂੰ ਪੂਰਨਪੁਰ ਸੀਐਚਸੀ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਸਾਰਿਆਂ ਨੂੰ ਮ੍ਰਿਤਕ ਐਲਾਨ ਦਿੱਤਾ।

ਪੀਲੀਭੀਤ ਦੇ ਐਸਪੀ ਅਵਿਨਾਸ਼ ਪਾਂਡੇ ਨੇ ਦੱਸਿਆ ਸੋਮਵਾਰ ਸਵੇਰੇ ਪੰਜਾਬ ਦੀ ਗੁਰਦਾਸਪੁਰ ਪੁਲਿਸ ਦੀ ਟੀਮ ਪੂਰਨਪੁਰ ਥਾਣੇ ਪਹੁੰਚੀ ਸੀ। ਉਨ੍ਹਾਂ ਦੱਸਿਆ ਕਿ ਕੁਝ ਦਿਨ ਪਹਿਲਾਂ ਗੁਰਦਾਸਪੁਰ 'ਚ ਬਖਸ਼ੀਵਾਲ ਪੁਲਿਸ ਚੌਕੀ 'ਤੇ ਗ੍ਰਨੇਡ ਨਾਲ ਹਮਲਾ ਹੋਇਆ ਸੀ। ਉਨ੍ਹਾਂ ਦੇ ਪੂਰਨਪੁਰ ਇਲਾਕੇ ਵਿੱਚ ਲੁਕੇ ਹੋਣ ਦੀ ਸੂਚਨਾ ਮਿਲੀ ਸੀ। ਇਸ ਮਗਰੋਂ ਤੁਰੰਤ ਪੂਰੇ ਜ਼ਿਲ੍ਹੇ ਵਿੱਚ ਨਾਕਾਬੰਦੀ ਕਰਕੇ ਚੈਕਿੰਗ ਸ਼ੁਰੂ ਕਰ ਦਿੱਤੀ ਗਈ। ਇਸ ਦੌਰਾਨ ਖਬਰੀਆ ਪੁਆਇੰਟ 'ਤੇ ਤਾਇਨਾਤ ਪੁਲਿਸ ਮੁਲਾਜ਼ਮਾਂ ਨੇ ਦੱਸਿਆ ਕਿ ਇੱਕ ਬਾਈਕ 'ਤੇ ਤਿੰਨ ਸ਼ੱਕੀ ਵਿਅਕਤੀਆਂ ਨੂੰ ਦੇਖਿਆ ਗਿਆ ਹੈ। ਉਨ੍ਹਾਂ ਕੋਲ ਕੁਝ ਸ਼ੱਕੀ ਵਸਤੂਆਂ ਵੀ ਹਨ। ਉਹ ਮੋਟਰ ਸਾਈਕਲ ਰਾਹੀਂ ਪੀਲੀਭੀਤ ਵੱਲ ਗਏ ਹਨ। ਪੰਜਾਬ ਪੁਲਿਸ ਤੇ ਪੂਰਨਪੁਰ ਪੁਲਿਸ ਨੇ ਉਨ੍ਹਾਂ ਦਾ ਪਿੱਛਾ ਕੀਤਾ। ਹੋਰ ਥਾਣਿਆਂ ਨੂੰ ਵੀ ਅਲਰਟ ਕਰ ਦਿੱਤਾ ਗਿਆ। ਪੂਰਨਪੁਰ ਤੇ ਪੀਲੀਭੀਤ ਵਿਚਕਾਰ ਨਿਰਮਾਣ ਅਧੀਨ ਪੁਲ 'ਤੇ ਜਦੋਂ ਪੁਲਿਸ ਨੇ ਇਨ੍ਹਾਂ ਲੋਕਾਂ ਨੂੰ ਘੇਰ ਲਿਆ ਤਾਂ ਉਹ ਪਟੜੀ ਵੱਲ ਵੱਲ ਮੁੜ ਗਏ। ਇਸ ਤੋਂ ਬਾਅਦ ਜਦੋਂ ਉਨ੍ਹਾਂ ਨੂੰ ਰੁਕਣ ਲਈ ਕਿਹਾ ਗਿਆ ਤਾਂ ਉਨ੍ਹਾਂ ਨੇ ਪੁਲਿਸ ਟੀਮ 'ਤੇ ਅੰਨ੍ਹੇਵਾਹ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਜਵਾਬੀ ਕਾਰਵਾਈ 'ਚ ਤਿੰਨੋਂ ਨੌਜਵਾਨਾਂ ਨੂੰ ਗੋਲੀ ਮਾਰ ਦਿੱਤੀ ਗਈ। ਮੁਲਜ਼ਮਾਂ ਕੋਲੋਂ ਚੋਰੀ ਦਾ ਮੋਟਰਸਾਈਕਲ ਬਰਾਮਦ ਹੋਇਆ ਹੈ। ਇਹ ਪੂਰਨਪੁਰ ਥਾਣਾ ਖੇਤਰ ਤੋਂ ਚੋਰੀ ਹੋਇਆ ਸੀ। ਮੁਕਾਬਲੇ 'ਚ ਦੋ ਪੁਲਿਸ ਕਾਂਸਟੇਬਲ ਵੀ ਜ਼ਖਮੀ ਹੋ ਗਏ। ਕਰੀਬ ਅੱਧੇ ਘੰਟੇ 'ਚ ਪੁਲਿਸ ਤੇ ਇਨ੍ਹਾਂ ਨੌਜਵਾਨਾਂ ਵਿਚਾਲੇ 100 ਤੋਂ ਵੱਧ ਰਾਊਂਡ ਫਾਇਰ ਕੀਤੇ ਗਏ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਸੰਨਚੀਨੋ ਨਗਰ ਦੀਆਂ ਸਿੱਖ ਸੰਗਤਾਂ ਵੱਲੋਂ ਸੇਵਾ ਲਈ ਗਈ ਹੈ।

# ਮਹਾਨ ਸ਼ਹੀਦੀ ਦਿਹਾੜਾ

**ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ**

**ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 27 ਦਸੰਬਰ ਸ਼ੁੱਕਰਵਾਰ 10 : 30 ਵਜੇ ਹੋਵੇਗਾ, ਐਤਵਾਰ 10:30 ਭੋਗ ਪੈਣਗੇ**

• ਸ਼ਨਿੱਚਰਵਾਰ 28 ਦਸੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ • ਐਤਵਾਰ 29 ਦਸੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਕੀਰਤਨੀ ਅਤੇ ਢਾਡੀ ਜਥਾ ਵੀ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# ਮਾਛੀਵਾੜੇ ਦੇ ਵਾਸੀ ਨਿਹਾਲੇ ਖੱਤਰੀ ਦੀ ਬਜੁਰਗ ਮਾਤਾ ਗੁਰਦੇਈ ਜੀ ਦੀ ਸਾਖੀ



ਮਾਛੀਵਾੜੇ ਦੇ ਵਾਸੀ ਨਿਹਾਲੇ ਖੱਤਰੀ ਦੀ ਬਜੁਰਗ ਮਾਤਾ ਗੁਰਦੇਈ ਅਕਸਰ ਕਹਿੰਦੀ ਪੁੱਤ ਨਿਹਾਲੇ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਮੇਰੀ ਖਵਾਹਿਸ਼ ਜ਼ੂਰ ਪੂਰੀ ਕਰਨਗੇ,ਕਿਉਂਕਿ ਹੁਣ ਮੈਂ ਬਜੁਰਗ ਹਾਂ ਮੰਜੇ ਤੋਂ ਉੱਠ ਨਹੀਂ ਸਕਦੀ ਉਹ ਅੰਤਰਯਾਮੀ ਸਤਿਗੁਰੂ ਆਪ ਬਿਧ ਬਣਾਉਣਗੇ ਮੈਨੂੰ ਅਕਾਲ ਚਲਾਣੇ ਤੋਂ ਪਹਿਲਾਂ ਮਹਾਰਾਜ ਜੀ ਦੇ ਦਰਸ਼ਨਾਂ ਦੀ ਬੜੀ ਤਾਂਘ ਹੈ। ਨਿਹਾਲੇ ਤੇ ਪਰਿਵਾਰ ਦੇ ਮੈਂਬਰਾਂ ਕਹਿ ਛੱਡਣਾਂ ਮਾਤਾ ਤੂੰ ਕਮਲ ਨਾ ਕੁਦਾਇਆ ਕਰ,ਤੈਨੂੰ ਪਤਾ ਮਹਾਰਾਜ ਸਾਹਿਬ ਜੀ ਦੇ ਅਨੰਦਪੁਰ ਸ਼ਹਿਰ ਨੂੰ ਬਾਈਧਾਰ ਦੇ ਹਿੰਦੂ ਪਹਾੜੀ ਰਾਜਿਆਂ ਤੇ ਮੁਗਲ ਫੌਜਾਂ ਨੇ ਸੱਤ ਮਹੀਨਿਆਂ ਤੋਂ ਘੇਰਾ ਪਾਇਆ ਹੈ,ਐਸੇ ਹਾਲਤਾਂ ਵਿੱਚ ਮਹਾਰਾਜ ਕਿਵੇਂ ਦੇ ਦਰਸ਼ਨ ਹੋ ਸਕਦੇ ਹਨ.....? ਮਾਤਾ ਨੇ ਪਰਿਵਾਰ ਨੂੰ ਕਹਿਣਾਂ "ਪੁੱਤ ਨਿਹਾਲਿਆ ਜੇਕਰ ਮੀਰੀ-ਪੀਰੀ ਦੇ ਮਾਲਕ,ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਮਾਤਾ ਭਾਗਭਰੀ ਨੂੰ ਕਸ਼ਮੀਰ ਜਾ ਕੇ ਦਰਸ਼ਨ ਦੇ ਸਕਦੇ ਹਨ ਤਾਂ ਮਹਾਰਾਜ ਮੇਰੀ ਗਰੀਬਣੀਂ ਦੀ ਸ਼ਰਧਾ ਜ਼ੂਰ ਪੂਰੀ ਕਰਨਗੇ,ਸਮਾਂ ਬੀਤਦਾ ਗਿਆ ਮਾਤਾ ਦ੍ਰਿੜ ਨਿਸ਼ਚੇ ਨਾਲ ਮਹਾਰਾਜ ਜੀ ਦਾ ਧਿਆਨ ਧਰਕੇ ਤਾਂਘ ਨਾਲ ਸੂਤ ਕੱਤਦੀ ਮਨ ਚ ਖਵਾਹਿਸ਼ ਕਿ ਏਹੀ ਸੂਤ ਦਾ ਚੋਲਾ ਬਣਾਂ ਕੇ ਮੈਂ ਮਹਾਰਾਜ ਸਾਹਿਬ ਜੀ ਨੂੰ ਭੇਟਾ ਕਰਾਂਗੀ,ਮਾਤਾ ਗੁਰਦੇਈ ਨੌਹਾਂ ਧੀਆਂ ਪੁੱਤਾਂ ਲਈ ਮਜਾਕ ਦਾ ਪਾਤਰ ਬਣੀ ਸੀ । ਦਸੰਬਰ 1704 8 ਪੋਹ ਦੀ ਰਾਤ ਮਾਛੀਵਾੜੇ ਦੇ ਸਰਦਾਰ ਭਾਈ ਪੰਜਾਬਾ ਭਾਈ ਗੁਲਾਬਾ ਜੀ ਨੇ ਨਿਹਾਲੇ ਖੱਤਰੀ ਦਾ ਆਣ ਬੂਹਾ ਖੜਕਾਇਆ,ਨਿਹਾਲਾ ਬੜਾ ਹੈਰਾਨ ਕਿ ਮੇਰੇ ਗਰੀਬ ਦੇ ਘਰ ਬਾਗਾਂ ਦੇ ਮਾਲਕ ਭਾਈ ਪੰਜਾਬਾ ਜੀ ਕੀ ਹੁਕਮ ਹੈ...? ਭਾਈ ਪੰਜਾਬਾ ਜੀ ਕਹਿਣ ਲੱਗੇ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਮਾਛੀਵਾੜਾ ਪਧਾਰੇ ਹਨ,ਮਾਤਾ ਗੁਰਦੇਈ ਨੂੰ ਯਾਦ ਕਰ ਰਹੇ ਹਨ,ਇਹ ਸੁਣਦਿਆਂ ਹੀ ਨਿਹਾਲੇ ਦੀਆਂ ਅੱਖਾਂ ਚੋਂ ਅੱਥਰੂ ਵਹਿ ਤੁਰੇ,ਨਿਹਾਲਾ ਕੂਕ ਉਠਿਆ

#ਧੰਨ·ਗੁਰੂ·ਧੰਨ·ਗੁਰੂ·ਧੰਨ·ਗੁਰੂ ਕਹਿੰਦਿਆਂ ਹੀ ਆਪਣੀ ਮਾਤਾ ਦੇ ਚਰਨ ਫੜ੍ਹ ਮਾਫੀਆਂ ਮੰਗਣ ਲੱਗਾ ਮਾਤਾ ਮੈਨੂੰ ਬਖਸ਼ ਦੇਈ ਮਾਂ ਤੇਰੀ ਭਗਤੀ ਸਫਲ ਸਫਲ ਸਫਲ ।ਬਖਸ਼ੰਦ ਪਿਤਾ ਕਲਗੀਧਰ ਪਾਤਸ਼ਾਹ ਜੀ ਸੱਚਮੁੱਚ ਮਾਛੀਵਾੜਾ ਆਣ ਪਧਾਰੇ ਹਨ,ਮਾਤਾ ਮੰਜੇ ਤੋਂ ਉੱਠ ਨਹੀਂ ਸਕਦੀ ਸੀ ਪਰ ਪਾਤਸ਼ਾਹ ਦੀ ਕਲਾ ਵਰਤ ਗਈ ਮਾਤਾ ਜੀ ਉਠਕੇ ਜਲਦ ਤਿਆਰ ਹੋਏ,ਭਾਈ ਪੰਜਾਬਾ ਜੀ ਕਹਿਣ ਲੱਗੇ ਮਹਾਰਾਜ ਸਾਹਿਬ ਜੀ ਨੇ ਹੁਕਮ ਕੀਤਾ ਹੈ ਮਾਤਾ ਗੁਰਦੇਈ ਜੀ ਵਲੋਂ ਕਤਿਆ ਸੂਤ ਨਾਲ ਬਣਿਆ ਥਾਨ ਨਾਲ ਲੈ ਕੇ ਆਉਣਾਂ ਏਹੀ ਥਾਨ ਸੀ ਜਿਸ ਨੂੰ ਨਬੀ ਖ਼ਾ ਅਤੇ ਗਨੀ ਖ਼ਾ ਨੇ ਨੀਲਾ ਰੰਗ ਕਰਵਾਇਆ ਜਿਸ ਨੂੰ ਪਹਿਨ ਸੱਚੇ ਪਾਤਸ਼ਾਹ ਜੀ ਉੱਚ ਦੇ ਪੀਰ ਬਣੇ ।ਕਲਗੀਧਰ ਚੋਜੀ ਪ੍ਰੀਤਮ ਸੱਚੇ ਪਾਤਸ਼ਾਹ ਜੀ ਦੀ ਜੀਵਨੀ ਵਿਚ ਐਸੀਆਂ ਬੇਅੰਤ ਘਟਨਾਵਾਂ ਦਾ ਜਿਕਰ ਇਤਿਹਾਸ ਵਿਚ ਮਿਲਦਾ ਹੈ ।

**-ਸ਼ਮਸ਼ੇਰ ਸਿੰਘ ਜੇਠੂਵਾਲ**

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

**-ਸੰਪਾਦਕ**

ਤੇਰੇ ਜਨ ਪਰਉਪਕਾਰੀ ਆਏ

ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼
ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ
100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ
51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ



ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ

ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।

ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473



ਮਹੰਤ ਕਾਹਨ ਸਿੰਘ ਸੇਵਾਪੰਥੀ



ਸੰਤ ਰਣਜੀਤ ਸਿੰਘ ਸੇਵਾਪੰਥੀ

ਵਿਸ਼ੇਸ਼ ਸਹਿਯੋਗ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ


ੴ ਸ੍ਰੀ ਵਾਹਿਗੁਰੂ ਜੀ ਕੀ ਫਤਹਿ
ਜਨਮ ਮਰਣ ਦੁਹਹੂ ਮਹਿ ਨਾਹੀ ਜਨ ਪਰਉਪਕਾਰੀ ਆਏ॥ ਜੀਅ ਦਾਨੁ ਦੇ ਭਗਤੀ ਲਾਇਨਿ ਹਰਿ ਸਿਉ ਲੈਨਿ ਮਿਲਾਏ॥
ਬ੍ਰਹਮਗਿਆਨੀ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ
20 ਸਾਲਾ ਮਿੱਠੀ ਅਤੇ ਨਿੱਘੀ ਯਾਦ ਨੂੰ ਸਮਰਪਿਤ
ਮਹਾਨ ਗੁਰਮਤਿ ਸਮਾਗਮ
ਸੰਤ ਜਰਨੈਲ ਸਿੰਘ ਜੀ ਖਾਲਸਾ
ਸੱਚਖੰਡ ਵਾਸੀ ਮਹਾਂਪੁਰਖ
ਬਾਬਾ ਠਾਕੁਰ ਸਿੰਘ ਜੀ
ਗੁਰੂ ਅਰਜਨ ਦੇਵ ਗੁਰਦੁਆਰਾ ਡਰਬੀ ਵਿਖੇ ਬਹੁਤ ਸ਼ਰਧਾਂ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ ਜਿਸ ਵਿਚ ਪੰਥ ਦੇ ਮਹਾਨ ਸੰਤ ਮਹਾਂਪੁਰਖ, ਰਾਗੀ, ਕਥਾਵਾਚਕ ਅਤੇ ਢਾਡੀ - ਕਵੀਸ਼ਰ ਪਹੁੰਚ ਰਹੇ ਹਨ। ਸੰਗਤਾਂ ਦੇ ਚਰਨਾਂ ਵਿਚ ਬੇਨਤੀ ਹੈ ਕਿ ਸਮਾਗਮ ਵਿਚ ਤਿੰਨੇ ਦਿਨ ਹਾਜ਼ਰੀਆਂ ਭਰ ਕੇ ਗੁਰੂ ਜਸ ਸਰਵਣ ਕਰਕੇ ਆਪਣਾ ਜੀਵਨ ਸਫਲਾ ਕਰੋ ਜੀ।
ਆਰੰਭ ਸ੍ਰੀ ਅਖੰਡ ਪਾਠ ਸਾਹਿਬ 27 ਦਸੰਬਰ 2024 ਦਿਨ ਸ਼ੁਕਰਵਾਰ ਸਵੇਰੇ 9:30 ਵਜੇ, ਭੋਗ ਸ੍ਰੀ ਅਖੰਡ ਪਾਠ ਸਾਹਿਬ 29 ਦਸੰਬਰ 2024 ਦਿਨ ਐਤਵਾਰ ਸਵੇਰੇ 9:30 ਵਜੇ
ਨੋਟ:- 27 ਅਤੇ 28 ਦਸਬੰਰ ਰਾਤ ਨੂੰ ਭਾਰੀ ਦੀਵਾਨ ਸੱਜਣਗੇ। ਜਿਸ ਵਿਚ ਪੰਥ ਪ੍ਰਸਿੱਧ ਰਾਗੀ ਜੱਥੇ ਅਤੇ ਕਥਾਵਾਚਕ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਕਥਾ ਨਾਲ ਨਿਹਾਲ ਕਰਨਗੇ।
ਗੁਰੂ ਪੰਥ ਦੇ ਦਾਸ-ਦਮਦਮੀ ਟਕਸਾਲ ਦੇ ਵਿਦਿਆਰਥੀ ਅਤੇ ਸਮੂੰਹ ਸਾਧਸੰਗਤ ਡਰਬੀ
ਸਥਾਨ- ਗੁਰੂ ਅਰਜਨ ਦੇਵ ਗੁਰਦੁਆਰਾ ਡਰਬੀ DE23 6QJ-07916253241


ਗ੍ਰਾਮ ਪੰਚਾਇਤ ਢੰਡੋਵਾਲ ਵੱਲੋਂ ਸ਼ਹੀਦ ਬਾਬਾ ਸੁਖਚੇਤ ਸਿੰਘ ਜੀ ਦੇ ਸ਼ਹੀਦੀ ਅਸਥਾਨਾਂ 'ਤੇ
ਸਵ: ਸ. ਨਾਜਰ ਸਿੰਘ ਜੀ ਦੀ ਯਾਦ ਨੂੰ ਸਮਰਪਿਤ
58ਵਾਂ ਸਲਾਨਾ ਛਿੰਝ ਮੇਲਾ ਢੰਡੋਵਾਲ
14 ਜਨਵਰੀ 2025 ਮੰਗਲਵਾਰ
ਪਿੰਡ ਢੰਡੋਵਾਲ, ਸ਼ਾਹਕੋਟ (ਜਲੰਧਰ)
ਪਟਕੇ ਦੀ ਕੁਸ਼ਤੀ
ਭੁਪਿੰਦਰ ਅਜਨਾਲਾ (ਪੰਜਾਬ ਕੇਸਰੀ)
ਪ੍ਰਿਤਪਾਲ ਫਗਵਾੜਾ (ਭਾਰਤ ਕੇਸਰੀ)
ਇਸ ਤੋਂ ਇਲਾਵਾ ਸਹਿਬਾਜ਼ ਆਲਮਗੀਰ, ਗੌਰਵ ਅਜਨਾਲਾ, ਸੁਰਿੰਦਰ ਸ਼ਾਹਕੋਟ, ਸੂਜਲ ਫਗਵਾੜਾ, ਨੂਰ ਆਲਮਗੀਰ, ਮੁਕੇਸ਼ ਕੌਹਾਲੀ, ਅਜੇ ਪਾਲ ਖੰਨਾ, ਜੱਸਾ ਫਗਵਾੜਾ
ਨੋਟ: ਸਿਰਫ਼ ਸੱਦੇ ਹੋਏ ਅਖਾੜਿਆਂ ਦੇ ਪਹਿਲਵਾਨਾਂ ਦੀਆਂ ਹੀ ਕੁਸ਼ਤੀਆਂ ਹੋਣਗੀਆਂ।
ਵੱਲੋਂ: ਗ੍ਰਾਮ ਪੰਚਾਇਤ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਨਗਰ ਨਿਵਾਸੀ ਪਿੰਡ ਢੰਡੋਵਾਲ
ਸੰਪਰਕ: 98151-02950, 82840-32366, 97798-12352
ਛਿੰਝ ਮੇਲੇ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।


ਸਿਰ ਜਾਵੇ ਤਾ ਜਾਵੇ ਸਾਡਾ ਸਿੱਖੀ ਸਿਦਕ ਨਾ ਜਾਵੇ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ ਆਪ ਸਰਬੱਤ ਸੰਗਤਾਂ ਦੇ ਸਹਿਯੋਗ ਨਾਲ
ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਸਤਿਕਾਰਯੋਗ ਮਾਤਾ ਗੁਜ਼ਰ ਕੌਰ ਜੀ ਵੱਡੇ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸਮਾਗਮ
ਸਫ਼ਰ-ਏ-ਸ਼ਹਾਦਤ
21 ਦਸੰਬਰ ਤੋਂ 29 ਦਸੰਬਰ 2024 ਤੱਕ
ਮਿਤੀ 21 ਦਸੰਬਰ 2024 ਸਮਾਂ: ਸਵੇਰੇ 11 ਤੋਂ ਦੁਪਹਿਰ 3 ਵਜੇ ਤੱਕ ਪੁਰਾਣੀ ਅਨਾਜ ਮੰਡੀ ਕਾਲਾਂਵਾਲੀ ਸਿਰਸਾ
ਮਿਤੀ 22 ਦਸੰਬਰ 2024 ਸਮਾਂ: ਸ਼ਾਮ 6 ਤੋਂ 9 ਵਜੇ ਤੱਕ ਰਾਤ ਗੁਰਦੁਆਰਾ ਮੰਜੀ ਸਾਹਿਬ ਅੰਬਾਲਾ
ਮਿਤੀ 23 ਦਸੰਬਰ 2014 ਸਮਾਂ: ਸਵੇਰੇ 11 ਤੋਂ 3 ਵਜੇ ਤੱਕ ਗੁਰਦੁਆਰਾ ਨਿੰਮ ਸਾਹਿਬ ਕੈਥਲ
ਮਿਤੀ 24 ਦਸੰਬਰ 2014 ਸਮਾਂ: ਸ਼ਾਮ 6 ਤੋਂ 9 ਵਜੇ ਤੱਕ ਗੁਰਦੁਆਰਾ ਮੰਜੀ ਸਾਹਿਬ ਜੀਂਦ
ਮਿਤੀ 25 ਦਸੰਬਰ 2024 ਸਮਾਂ: ਸਵੇਰੇ 11 ਤੋਂ ਦੁਪਹਿਰ 3 ਵਜੇ ਤੱਕ
ਮਿਤੀ 26 ਦਸੰਬਰ 2024 ਸਮਾਂ: ਸਵੇਰੇ 11 ਤੋਂ 3 ਵਜੇ ਤੱਕ
ਮਿਤੀ 27 ਦਸੰਬਰ 2024 ਸਮਾਂ: ਸਵੇਰੇ 11 ਤੋਂ 3 ਵਜੇ ਤੱਕ ਗੁਰਦੁਆਰਾ ਸਿੰਘ ਸਭਾ ਅਸੰਧ ਕਰਨਾਲ
ਮਿਤੀ 29 ਦਸੰਬਰ 2024 ਸਮਾਂ: ਸਵੇਰੇ 11 ਤੋਂ 3 ਵਜੇ ਤੱਕ
LIVE US ON
Akaal
WORLD ਪੰਜਾਬੀ
CHARDIKLA TIME TV
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਸਰਬੱਤ ਸੰਗਤਾਂ ਹੁੰਮ ਹੁਮਾ ਕੇ ਪੁੱਜੋ ਜੀ ਅਤੇ ਗੁਰਬਾਣੀ ਗੁਰਇਤਿਹਾਸ ਸਰਵਣ ਕਰਕੇ ਆਪਣੀ ਵਿਰਾਸਤ ਨਾਲ ਜੁੜੋ ਜੀ
ਸੰਪਰਕ ਨੰ: 86995-42966, 93560-60960
ਬੇਨਤੀ ਕਰਤਾ - ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਅਹੁਦੇਦਾਰ, ਮੈਂਬਰ ਸਾਹਿਬਾਨ ਅਤੇ ਸਾਧਸੰਗਤ


ਸ੍ਰੀ ਅਕਾਲ ਜੀ ਸਹਾਇ
ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਮਾਤਾ ਗੁਜਰ ਕੌਰ ਜੀ, ਚਾਰ ਸਾਹਿਬਜ਼ਾਦੇ ਅਤੇ ਸਮੂਹ ਸ਼ਹੀਦ ਸਿੰਘਾਂ ਦੀ ਸ਼ਹਾਦਤ ਨੂੰ ਮੁੱਖ ਰੱਖਦਿਆਂ
ਸ਼ਹੀਦੀ ਸਭਾ
24 ਅਤੇ 25 ਦਸੰਬਰ 2024 ਸਵੇਰੇ 9 ਵੱਜੇ ਤੋਂ
ਗੁ. ਸ੍ਰੀ ਮੰਜੀ ਸਾਹਿਬ (ਬਾਉਲੀ ਸਾਹਿਬ) ਅੰਬਾਲਾ ਸ਼ਹਿਰ
ਸਭਾ ਦੌਰਾਨ ਗੁਰੂ ਸਾਹਿਬ ਜੀ ਦੀ ਲਾਡਲੀਆਂ ਫੋਜ਼ਾ (ਬੱਚੇ ਅਤੇ ਬੱਚੀਆਂ) ਕਿਸੇ ਵੀ ਮੁਕਾਬਲੇ ਵਿੱਚ ਭਾਗ ਲੈ ਸਕਦੇ ਹਨ ਜੀ
24 ਦਸੰਬਰ
ਤੀਰ ਅੰਦਾਜ਼ੀ ਅਤੇ ਸ਼ੂਟਿੰਗ
ਇਸ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰਤੀਭਾਗੀ ਨੂੰ ਬੇਸਿਕ ਗਿਆਨ ਹੋਣਾ ਜ਼ਰੂਰੀ ਹੈ ਜੀ।
ਦਸਤਾਰ ਮੁਕਾਬਲਾ
ਦੁਮਾਲਾ ਮੁਕਾਬਲਾ
ਸਿੱਖ ਇਤਿਹਾਸਕ ਕਲਰਿੰਗ ਅਤੇ ਪੇਂਟਿੰਗ
(ਇਸ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰਤੀਭਾਗੀ ਕਾਰਡ ਬੋਰਡ ਅਤੇ ਕਲਰ ਨਾਲ ਲੈ ਕੇ ਆਉਣ ਜੀ)
ਕਵਿਤਾ
ਵਿਸ਼ਾ : ਸ਼ਹੀਦੀ ਇਤਿਹਾਸ ਸਬੰਧਿਤ 3 ਤੋਂ 5 ਮਿੰਟ
ਖੋ-ਖੋ
ਰੱਸੀ ਟੱਪਣਾ
(ਕੇਵਲ ਲੜਕੀਆਂ 1 4ਸਾ ਲ ਤੱਕ)
ਟਰਾਈ ਸਾਇਕਲ ਰੇਸ
ਇਸ ਰੇਸ ਵਿੱਚ 7 ਸਾਲ ਤੱਕ ਦੇ ਬੱਚੇ ਭਾਗ ਲੈ ਸਕਦੇ ਹਨ।
ਧਿਮੀ ਸਾਇਕਲ ਰੇਸ
ਇਸ ਰੇਸ ਵਿੱਚ 10 ਤੋਂ 13 ਸਾਲ ਤੱਕ ਦੇ ਬੱਚੇ ਭਾਗ ਲੈ ਸਕਦੇ ਹਨ।
ਰੱਸਾ ਖਿਚਣਾ
15 ਸਾਲ ਤੱਕ ਦੀ 8 ਮੈਂਬਰੀ ਟੀਮ
25 ਦਸੰਬਰ
ਗੁਰਬਾਣੀ ਕੰਠ
ਬਾਣੀ : ਸਲੋਕ ਮਹਲਾ ਨੌਵਾਂ ਅਤੇ ਸ਼ਬਦ (ਨੌਵੇਂ ਪਾਤਸ਼ਾਹ)
5 ਤੋਂ 8 ਸਾਲ ਪਹਿਲੇ 10 ਸਲੋਕ ਅਤੇ ਇਕ ਸ਼ਬਦ
9 ਤੋਂ 15 ਸਾਲ ਪਹਿਲੇ 25 ਸਲੋਕ ਅਤੇ ਦੋ ਸ਼ਬਦ
16 ਤੋਂ 25 ਸਾਲ 57 ਸਲੋਕ, ਚਾਰ ਸ਼ਬਦ ਅਤੇ ਤ੍ਵ ਪ੍ਰਸਾਦਿ ਸਵੱਯੇ
ਅਵਾਰਡ ਚੰਗੇਰੇ ਮਾਪੇ
ਗਤਕਾ ਪ੍ਰਦਰਸ਼ਨ
ਅੰਬਾਲਾ ਗਤਕਾ ਅਕੈਡਮੀ
ਸਿੱਖੀ ਸਰੂਪ ਮੇਰਾ ਅਸਲੀ ਰੂਪ
ਕਵੀਸ਼ਰ ਮੁਕਾਬਲਾ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ਜੀ 7988264621, 8929111683, 9812032041, 7988513083, 9466408747, 7404112798
ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਸੇਵਾ ਸੋਸਾਇਟੀ (ਰਜਿ.), ਅੰਬਾਲਾ ਸ਼ਹਿਰ
ਪ੍ਰਧਾਨ ਅਤੇ ਸਮੂਹ ਮੈਂਬਰਾਨ
ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਦਾਸਰੇ: ਮੈਨੇਜਰ
ਗੁ. ਮੰਜੀ (ਬਾਉਲੀ) ਸਾਹਿਬ, ਪਾ.੬ਵੀਂ, ੧੦ਵੀਂ ਅੰਬਾਲਾ ਸ਼ਹਿਰ 0171-2446949
ਭੁਪਿੰਦਰ ਸਿੰਘ ਅਸੰਧ ਪ੍ਰਧਾਨ HSGMC
ਸ. ਸੁਦਰਸ਼ਨ ਸਿੰਘ ਅੰਬਾਲਾ ਸੀਨੀਅਰ ਮੀਤ ਪ੍ਰਧਾਨ HSGMC
ਸ. ਤਰਵਿੰਦਰਪਾਲ ਸਿੰਘ ਅੰਬਾਲਾ ਅੰਤ੍ਰਿੰਗ ਮੈਂਬਰ HSGMC
ਸ. ਹਰਪਾਲ ਸਿੰਘ ਕੰਬੋਜ ਮੈਂਬਰ, HSGMC
ਸ. ਇੰਦਰਜੀਤ ਸਿੰਘ ਮੈਂਬਰ, HSGMC
ਸ. ਰਜਿੰਦਰ ਸਿੰਘ ਮੈਂਬਰ, HSGMC
ਕੈਪਟਨ ਦਿਲਬਾਗ ਸਿੰਘ ਮੈਂਬਰ, HSGMC
ਜ. ਬਲਜੀਤ ਸਿੰਘ ਦਾਦੂਵਾਲ ਚੇਅਰਮੈਨ, ਧਰਮ ਪ੍ਰਚਾਰ ਕਮੇਟੀ, HSGMC




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ੴ ਸ੍ਰੀ ਵਾਹਿਗੁਰੂ ਜੀ ਕੀ ਫਤਹਿ॥
ਜਨਮ ਮਰਣ ਦੁਹਹੂ ਮਹਿ ਨਾਹੀ ਜਨ ਪਰਉਪਕਾਰੀ ਆਏ ॥ ਜੀਅ ਦਾਨੁ ਦੇ ਭਗਤੀ ਲਾਇਨਿ ਹਰਿ ਸਿਉ ਲੈਨਿ ਮਿਲਾਏ ॥੨॥
ਪਰਮ ਸਤਿਕਾਰ ਯੋਗ ਗੁਰੂ ਪਿਆਰੀ ਸਾਧ ਸੰਗਤ ਜੀ, ਸਨਿਮਰ ਬੇਨਤੀ ਹੈ ਕਿ ਦਮਦਮੀ ਟਕਸਾਲ ਦੇ ਮੁਖੀ ਨਾਮ ਬਾਣੀ ਦੇ ਰਸੀਏ
ਉੱਚੇ- ਸੁੱਚੇ ਜੀਵਨ ਦੇ ਧਾਰਨੀ, ਤਿਆਗ ਬੈਰਾਗ ਦੀ ਮੂਰਤਿ ਅਤੇ ਮਹਾਨ ਪਰਉਪਕਾਰੀ
ਬ੍ਰਹਮਗਿਆਨੀ ਬਾਬਾ ਠਾਕੁਰ ਸਿੰਘ ਜੀ
ਦੀ 20 ਸਾਲਾ ਮਿੱਠੀ ਅਤੇ ਨਿੱਘੀ ਯਾਦ ਨੂੰ ਸਮਰਪਿਤ
ਮਹਾਨ ਗੁਰਮਤਿ ਸਮਾਗਮ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਗੁਰੂ ਅਰਜਨ ਦੇਵ ਗੁਰਦੁਆਰਾ, ਸਟੈਨਹੋਪ ਸਟਰੀਟ, ਡਰਬੀ DE23 6QJ ਵਿਖੇ
ਮਿਤੀ 27 ਦਸੰਬਰ 2024 ਤੋਂ 29 ਦਸੰਬਰ 2024 ਨੂੰ ਮਨਾਈ ਜਾ ਰਹੀ ਹੈ।
ਸੱਚਖੰਡ ਵਾਸੀ ਮਹਾਂਪੁਰਖ ਬਾਬਾ ਠਾਕੁਰ ਸਿੰਘ ਜੀ ਖਾਲਸਾ
ਜਿਸ ਵਿੱਚ ਪੰਥ ਦੇ ਪ੍ਰਸਿੱਧ ਰਾਗੀ, ਕਥਾ ਵਾਚਕ ਅਤੇ ਢਾਡੀ ਜੱਥੇ ਇਲਾਹੀ ਬਾਣੀ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ।
ਪ੍ਰੋਗਰਾਮਾਂ ਦਾ ਵੇਰਵਾ
ਆਰੰਭ ਸ੍ਰੀ ਅਖੰਡ ਪਾਠ ਸਾਹਿਬ 27 ਦਸੰਬਰ 2024 ਦਿਨ ਸ਼ੁੱਕਰਵਾਰ ਸਵੇਰੇ 9:30 ਵਜੇ
ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ 29 ਦਸੰਬਰ 2024 ਦਿਨ ਐਤਵਾਰ ਸਵੇਰੇ 9:30 ਵਜੇ
ਉਪਰੰਤ ਭਾਰੀ ਦੀਵਾਨ ਸੱਜਣਗੇ
ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਸਮਾਗਮਾਂ ਵਿੱਚ ਪਰਿਵਾਰਾਂ ਸਮੇਤ ਹਾਜ਼ਰੀਆਂ ਭਰ ਕੇ ਲਾਹਾ ਪ੍ਰਾਪਤ ਕਰੋ ਜੀ
ਗੁਰੂ ਪੰਥ ਦੇ ਦਾਸ : ਦਮਦਮੀ ਟਕਸਾਲ ਦੇ ਵਿਦਿਆਰਥੀ ਅਤੇ ਸਮੂਹ ਸਾਧ ਸੰਗਤ ਡਰਬੀ
ਵਿਸ਼ੇਸ਼ ਸਹਿਯੋਗ : ਗੁਰੂ ਅਰਜਨ ਦੇਵ ਗੁਰਦੁਆਰਾ ਪ੍ਰਬੰਧਕ ਕਮੇਟੀ (07916253241, 01332-776872)




ਸਿਰ ਜਾਵੇ ਤਾਂ ਜਾਵੇ ਸਾਡਾ ਸਿੱਖੀ ਸਿਦਕ ਨਾ ਜਾਵੇ
ਸਫ਼ਰ-ਏ-ਸ਼ਹਾਦਤ
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਸਤਿਕਾਰਯੋਗ ਮਾਤਾ ਗੁਜ਼ਰ ਕੌਰ ਜੀ
ਵੱਡੇ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸਮਾਗਮ
ਮਿਤੀ : 24 ਦਸੰਬਰ 2024, ਮੰਗਲਵਾਰ, ਸ਼ਾਮ 6:00 ਵਜੇ ਤੋਂ 9:00 ਵਜੇ ਤੱਕ
ਸਥਾਨ : ਗੁਰਦੁਆਰਾ ਮੰਜੀ ਸਾਹਿਬ, ਜੀਂਦ
ਗੁਰਮਤਿ ਸਮਾਗਮ ਵਿੱਚ ਪਹੁੰਚ ਰਹੇ ਕਥਾਵਾਚਕ, ਰਾਗੀ ਜੱਥੇ
ਜਥੇਦਾਰ ਭੁਪਿੰਦਰ ਸਿੰਘ ਅਸੰਧ ਪ੍ਰਧਾਨ HSGMC
ਗੋਲਡ ਮੈਡਲਿਸਟ ਢਾਡੀ ਜੱਥਾ ਭਾਈ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ
ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁ: ਦਾਦੂ ਸਾਹਿਬ
ਭਾਈ ਅਰਵਿੰਦਰ ਸਿੰਘ ਨੂਰ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ HSGMC ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ
ਗੁਰਮਤਿ ਸਮਾਗਮ ਵਿੱਚ ਪਰਿਵਾਰ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ
ਗੁਰੂ ਦਾ ਲੰਗਰ ਅਤੁੱਟ ਵਰਤੇਗਾ
ਬੀਬੀ ਪਰਮਿੰਦਰ ਕੌਰ ਜੀ, ਜੀਂਦ ਅੰਤ੍ਰਿੰਗ ਮੈਂਬਰ, HSGMC
ਸ੍ਰ. ਅਜੈਬ ਸਿੰਘ ਜੀ, ਨਿਮਨਾਬਾਦ ਮੈਂਬਰ, HSGMC
ਸ੍ਰ. ਸਤਿੰਦਰ ਸਿੰਘ ਜੀ, ਮੰਟਾ ਮੈਂਬਰ, HSGMC
ਜਥੇਦਾਰ ਗੁਰਜਿੰਦਰ ਸਿੰਘ ਜੀ ਜੀਂਦ
LIVE US ON
Akaal
WORLD
CHARDIKLA TIME TV
ਬੇਨਤੀ ਕਰਤਾ: ਮੈਨੇਜਰ, ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਜੀਂਦ 94680 09001

# ਸਿੱਖ ਕ੍ਰਿਸਮਸ ਨਹੀਂ, ਸ਼ਹੀਦੀ ਹਫ਼ਤਾ ਮਨਾਉਂਦੇ ਹਨ

ਇਸ ਹਫ਼ਤੇ ਜਿੱਥੇ ਹਰ ਪਾਸੇ ਕ੍ਰਿਸਮਸ ਦੀ ਧੂਮ ਹੈ, ਉਥੇ ਹੀ ਸਿੱਖ ਭਾਈਚਾਰੇ ਦੇ ਲੋਕ ਇਸਨੂੰ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਮਨਾਉਂਦੇ ਹਨ। ਇਸ ਇੱਕ ਹਫ਼ਤੇ ਵਿੱਚ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 21 ਦਸੰਬਰ ਤੋਂ ਲੈ ਕੇ 29 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ 'ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰੇ ਹਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਦੱਸ ਰਹੇ ਹਾਂ।

- ਸਿਮਰਨਜੀਤ ਸਿੰਘ

### 21 ਦਸੰਬਰ



**ਇਸ ਦਿਨ** ਗੁਰੂ ਗੋਬਿੰਦ ਸਿੰਘ ਜੀ ਆਪਣੇ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਕੇ ਚਲੇ ਗਏ ਸਨ। ਅਚਾਨਕ ਮੁਗਲਾਂ ਦੀ ਵਿਸ਼ਾਲ ਸੈਨਾ ਨੇ ਆਨੰਦਪੁਰ ਸਾਹਿਬ ਕਿਲੇ 'ਤੇ ਹਮਲਾ ਕਰ ਦਿੱਤਾ ਸੀ। ਗੁਰੂ ਸਾਹਿਬ ਉਨ੍ਹਾਂ ਨਾਲ ਲੜਨਾ ਚਾਹੁੰਦੇ ਸਨ ਪਰ ਉਥੇ ਮੌਜੂਦ ਹੋਰ ਸਿੱਖਾਂ ਨੇ ਉਨ੍ਹਾਂ ਨੂੰ ਉਥੋਂ ਜਾਣ ਲਈ ਕਿਹਾ, ਜਿਸ ਤੋਂ ਬਾਅਦ ਗੁਰੂ ਗੋਬਿੰਦ ਸਾਹਿਬ ਨੇ ਆਪਣੇ ਪਰਿਵਾਰ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਦਿੱਤਾ। ••

### 22 ਦਸੰਬਰ



**ਆਨੰਦਪੁਰ ਸਾਹਿਬ** ਦਾ ਕਿਲਾ ਛੱਡ ਕੇ ਗੁਰੂ ਸਾਹਿਬ ਜਦੋਂ ਪਰਿਵਾਰ ਸਮੇਤ ਸਰਸਾ ਨਦੀ ਪਾਰ ਕਰਨ ਲੱਗੇ ਤਾਂ ਪਾਣੀ ਦਾ ਵਹਾਅ ਇੰਨਾ ਤੇਜ਼ ਸੀ ਕਿ ਉਨ੍ਹਾਂ ਦਾ ਪੂਰਾ ਪਰਿਵਾਰ ਵਿਛੜ ਗਿਆ। ਵਿਛੜਨ ਤੋਂ ਬਾਅਦ ਗੁਰੂ ਸਾਹਿਬ ਆਪਣੇ ਦੋਵੇਂ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਸਮੇਤ ਚਮਕੌਰ ਪਹੁੰਚ ਗਏ। ਉਥੇ ਮਾਤਾ ਗੁਜਰੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਜੀ ਨੂੰ ਗੁਰੂ ਸਾਹਿਬ ਦਾ ਸੇਵਕ ਰਹਿ ਚੁੱਕਾ ਗੰਗੂ ਨਾਮਕ ਬ੍ਰਾਹਮਣ ਆਪਣੇ ਨਾਲ ਲੈ ਗਿਆ, ਪਰ ਉਸਨੇ ਸਰਹਿੰਦ ਦੇ ਨਵਾਬ ਵਜ਼ੀਰ ਖ਼ਾਨ ਨੂੰ ਇਸਦੀ ਸੂਚਨਾ ਦੇ ਦਿੱਤੀ। ਫਿਰ ਵਜ਼ੀਰ ਖ਼ਾਨ ਨੇ ਉਨ੍ਹਾਂ ਨੂੰ ਕੈਦ ਕਰ ਲਿਆ। ••

### 23 ਦਸੰਬਰ



**ਇਸ ਦਿਨ** ਚਮਕੌਰ ਦਾ ਯੁੱਧ ਹੋਇਆ, ਜਿਸ ਵਿੱਚ ਮੁਗਲਾਂ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸੈਨਾ ਆਹਮਣੇ-ਸਾਹਮਣੇ ਸੀ। ਅਜਿਹਾ ਕਿਹ ਜਾਂਦਾ ਹੈ ਕਿ ਮੁਗਲਾਂ ਦੀ ਸੈਨਾ ਹਜ਼ਾਰਾਂ ਦੀ ਗਿਣਤੀ ਵਿੱਚ ਸੀ ਜਦਕਿ ਸਿੱਖਾਂ ਦੀ ਗਿਣਤੀ ਬਹੁਤ ਘੱਟ ਸੀ। ਇਸਦੇ ਬਾਵਜੂਦ ਉਨ੍ਹਾਂ ਨੇ ਬਹਾਦਰੀ ਦਿਖਾਉਂਦੇ ਹੋਏ ਮੁਗਲਾਂ ਨਾਲ ਲੋਹਾ ਲਿਆ। ਯੁੱਧ ਵਿੱਚ ਆਪਣੇ ਸੈਨਿਕਾਂ ਨੂੰ ਸ਼ਹੀਦ ਹੁੰਦੇ ਦੇਖ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਨੂੰ ਕਿਹਾ ਕਿ ਉਹ ਯੁੱਧ ਵਿੱਚ ਜਾ ਕੇ ਕੌਮ ਦੇ ਲਈ ਲੜਨਾ ਚਾਹੁੰਦੇ ਹਨ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਨੂੰ ਆਗਿਆ ਦਿੰਦੇ ਹੋਏ ਯੁੱਧ ਵਿੱਚ ਉਤਾਰਿਆ, ਜਿਸ ਵਿੱਚ ਉਨ੍ਹਾਂ ਨੇ ਇੱਕ ਦੇ ਬਾਅਦ ਇੱਕ ਮੁਗਲ ਸੈਨਿਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਇਸ ਦਰਮਿਆਨ ਉਹ ਖ਼ੁਦ ਵੀ ਸ਼ਹੀਦ ਹੋ ਗਏ। ਵੱਡੇ ਭਰਾ ਨੂੰ ਯੁੱਧ ਵਿੱਚ ਸ਼ਹੀਦ ਹੁੰਦਾ ਦੇਖ ਬਾਬਾ ਜੁਝਾਰ ਸਿੰਘ ਵੀ ਪਿਤਾ ਜੀ ਦੀ ਆਗਿਆ ਲੈ ਕੇ ਯੁੱਧ ਵਿੱਚ ਉਤਰੇ ਅਤੇ ਉਨ੍ਹਾਂ ਨੇ ਵੀ ਮੁਗਲੀਆ ਸੈਨਾ ਨਾਲ ਲੋਹਾ ਲਿਆ। ਛੋਟੀ ਜਿਹੀ ਉਮਰ ਵਿੱਚ ਉਨ੍ਹਾਂ ਨੇ ਕਈ ਮੁਗਲਾਂ ਨੂੰ ਮੌਤ ਦੇ ਘਾਟ ਉਤਾਰਿਆ ਅਤੇ ਉਹ ਵੀ ਸ਼ਹੀਦ ਹੋ ਗਏ। ਇਹ ਪੂਰਾ ਨਜ਼ਾਰਾ ਗੁਰੂ ਗੋਬਿੰਦ ਸਿੰਘ ਜੀ ਚਮਕੌਰ ਦੇ ਕਿਲੇ ਤੋਂ ਦੇਖ ਰਹੇ ਸਨ। ••

### 24 ਦਸੰਬਰ



**ਸ੍ਰੀ ਗੁਰੂ** ਗੋਬਿੰਦ ਸਿੰਘ ਜੀ ਇਸ ਯੁੱਧ ਵਿੱਚ ਜਾਣਾ ਚਾਹੁੰਦੇ ਸਨ ਪਰ ਹੋਰ ਸਿੱਖਾਂ ਨੇ ਆਪਣੇ ਅਧਿਕਾਰਾਂ ਦਾ ਇਸਤੇਮਾਲਕਰਦਿਆਂ ਹੋਇਆਂ ਗੁਰੂ ਗੋਬਿੰਦ ਸਿੰਘ ਜੀ ਨੂੰ ਉਥੋਂ ਜਾਣ ਲਈ ਕਿਹਾ। ਗੁਰੂ ਸਾਹਿਬ ਇਸਨੂੰ ਮੰਨਣ ਨੂੰ ਤਿਆਰ ਨਹੀਂ ਸਨ ਪਰ ਹੋਰ ਸਿੱਖਾਂ ਦੇ ਅੱਗੇ ਉਨ੍ਹਾਂ ਨੂੰ ਮਜਬੂਰ ਹੋ ਕੇ ਉਥੋਂ ਜਾਣਾ ਪਿਆ। ਇਸ ਦਰਮਿਆਨ ਉਥੇ ਬਚੇ ਸਿੱਖਾਂ ਨੇ ਮੁਗਲੀਆ ਸੈਨਾ ਨਾਲ ਯੁੱਧ ਕੀਤਾ ਅਤੇ ਲੜਦੇ-ਲੜਦੇ ਸ਼ਹੀਦ ਹੋ ਗਏ। ••

### 25 ਦਸੰਬਰ



**ਜਦੋਂ ਸ੍ਰੀ** ਗੁਰੂ ਗੋਬਿੰਦ ਸਿੰਘ ਜੀ ਇੱਕ ਪਿੰਡ ਪਹੁੰਚੇ ਤਾਂ ਉਥੇ ਉਨ੍ਹਾਂ ਨੂੰ ਬੀਬੀ ਹਰਸ਼ਰਨ ਕੌਰ ਮਿਲੀ, ਜੋ ਗੁਰੂ ਗੋਬਿੰਦ ਸਿੰਘ ਜੀ ਨੂੰ ਆਦਰਸ਼ ਮੰਨਦੀ ਸੀ। ਉਨ੍ਹਾਂ ਨੇ ਸਾਹਿਬਜ਼ਾਦਿਆਂ ਬਾਰੇ ਪੁੱਛਿਆ, ਤਦ ਉਨ੍ਹਾਂ ਦੀ ਸ਼ਹੀਦੀ ਬਾਰੇ ਪਤਾ ਲੱਗਾ। ਇਹ ਸੁਣ ਕੇ ਬੀਬੀ ਹਰਸ਼ਰਨ ਕੌਰ ਤੁਰੰਤ ਚਮਕੌਰ ਪਹੁੰਚੀ, ਜਿੱਥੇ ਉਨ੍ਹਾਂ ਨੇ ਸ਼ਹੀਦ ਸਿੰਘਾਂ ਦੀਆਂ ਲਾਸ਼ਾਂ ਨੂੰ ਦੇਖਿਆ। ਮੁਗਲ ਚਾਹੁੰਦੇ ਸਨ ਕਿ ਇਨ੍ਹਾਂ ਦਾ ਅੰਤਿਮ ਸੰਸਕਾਰ ਨਾ ਕੀਤਾ ਜਾ ਸਕੇ ਅਤੇ ਚੀਲਾਂ, ਗਿੱਧ ਇਨ੍ਹਾਂ ਨੂੰ ਖਾਣ, ਪਰ ਬੀਬੀ ਹਰਸ਼ਰਨ ਕੌਰ ਨੇ ਉਥੇ ਪਹੁੰਚ ਕੇ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕੀਤਾ। ਇਹ ਸਭ ਮੁਗਲ ਸੈਨਾ ਨੇ ਦੇਖ ਲਿਆ। ਉਨ੍ਹਾਂ ਨੇ ਬੀਬੀ ਹਰਸ਼ਰਨ ਕੌਰ ਨੂੰ ਗੁਰੂ ਸਾਹਿਬ ਬਾਰੇ ਪੁੱਛਿਆ ਪਰ ਉਨ੍ਹਾਂ ਕੁਝ ਨਹੀਂ ਦੱਸਿਆ, ਇਸ ਤੋਂ ਬਾਅਦ ਮੁਗਲਾਂ ਨੇ ਉਨ੍ਹਾਂ ਨੂੰ ਵੀ ਅੱਗ ਵਿੱਚ ਧਕੇਲ ਦਿੱਤਾ ਅਤੇ ਉਹ ਸ਼ਹੀਦ ਹੋ ਗਈ। ••

### 26-27 ਦਸੰਬਰ



**ਮਾਤਾ ਗੁਜਰੀ** ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਵਜ਼ੀਰ ਖ਼ਾਂ ਨੇ ਕੈਦ ਕਰ ਲਿਆ ਸੀ। ਇਸ ਦਿਨ ਉਸਦੀ ਕਚਹਿਰੀ ਵਿੱਚ ਛੋਟੇ ਸਾਹਿਬਜ਼ਾਦਿਆਂ ਦੀ ਪੇਸ਼ੀ ਸੀ, ਜਿੱਥੇ ਵਜੀਰ ਖਾਨ ਨ ਛੋਟੇ ਸਾਹਿਬਜ਼ਾਦਿਆਂ ਨੂੰ ਬੇਹੱਦ ਡਰਾਇਆ-ਧਮਕਾਇਆ ਅਤੇ ਉਨ੍ਹਾਂ ਨੂੰ ਧਰਮ ਪਰਿਵਰਤਨ ਕਰਨ ਲਈ ਕਿਹਾ, ਪਰ ਛੋਟੇ ਸਾਹਿਬਜ਼ਾਦਿਆਂ ਨੇ ਬਹਾਦਰੀ ਨਾਲ ਜਵਾਬ ਦਿੰਦੇ ਹੋਏ ਕਿਹਾ ਕਿ 'ਅਸੀਂ ਗੋਬਿੰਦ ਸਿੰਘ ਦੇ ਬੇਟੇ ਹਾਂ। ਮਰ ਜਾਵਾਂਗੇ ਪਰ ਧਰਮ ਨਹੀਂ ਤਿਆਗਾਂਗੇ।' ਇਸ ਦੌਰਾਨ ਉਨ੍ਹਾਂ ਨੇ ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰੇ ਵੀ ਲਗਾਏ, ਜਿਸਨੂੰ ਸੁਣ ਕੇ ਵਜ਼ੀਰ ਖਾਂ ਅਤੇ ਹੋਰ ਲੋਕ ਗੁੱਸੇ ਵਿੱਚ ਆ ਗਏ ਅਤੇ ਉਨ੍ਹਾਂ ਨੇ ਅਗਲੇ ਦਿਨ ਆਉਣ ਲਈ ਕਿਹਾ ਅਤੇ ਨਾਲ ਹੀ ਇਹ ਵੀ ਕਿਹਾ ਕਿ ਕਲ ਜਾਂ ਤਾਂ ਧਰਮ ਪਰਿਵਰਤਨ ਕਰੋ ਜਾਂ ਮਰਨ ਲਈ ਤਿਆਰ ਰਹੋ। ••

### 28 ਦਸੰਬਰ



**ਠੰਡੇ ਬੁਰਜ** ਵਿੱਚ ਕੈਦ ਸਾਹਿਬਜ਼ਾਦਿਆਂ ਦੀ ਦਾਦੀ ਮਾਤਾ ਗੁਜਰੀ ਜੀ ਨੇ ਦੋਵੇਂ ਸਾਹਿਬਜ਼ਾਦਿਆਂ ਨੂੰ ਬੇਹੱਦ ਪਿਆਰ ਨਾਲ ਤਿਆਰ ਕਰਕੇ ਦੋਬਾਰਾ ਸੂਬੇ ਦੀ ਕਚਹਿਰੀ ਵਿੱਚ ਭੇਜਿਆ। ਇੱਥੇ ਇੱਕ ਵਾਰ ਫਿਰ ਵਜ਼ੀਰ ਖ਼ਾਨ ਨੇ ਸਾਹਿਬਜ਼ਾਦਿਆਂ ਨੂੰ ਧਰਮ ਬਦਲਣ ਲਈ ਕਿਹਾ ਪਰ ਸਾਹਿਬਜ਼ਾਦਿਆਂ ਨੇ ਫਿਰ ਮਨਾ ਕਰ ਦਿੱਤਾ। ਇੱਕ ਵਾਰ ਫਿਰ ਜੈਕਾਰੇ ਲੱਗਣ ਲੱਗੇ। ਇਹ ਸੁਣ ਵਜ਼ੀਰ ਖ਼ਾਨ ਤਿਲਮਿਲਾ ਉੱਠਿਆ ਅਤੇ ਉਸਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਜ਼ਿੰਦਾ ਦੀਵਾਰ ਵਿੱਚ ਚਿਣਵਾਉਣ ਦਾ ਹੁਕਮ ਦੇ ਦਿੱਤਾ। ਇਹ ਸੁਣਕੇ ਵੀ ਛੋਟੇ ਸਾਹਿਬਜਦਿਆਂ ਦਾ ਹੌਸਲਾ ਨਹੀਂ ਡਗਮਗਾਇਆ। ਇਸ ਤਰ੍ਹਾਂ ਵਜ਼ੀਰ ਖ਼ਾਨ ਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਦੀਵਾਰ ਵਿੱਚ ਚਿਣਵਾ ਕੇ ਸ਼ਹੀਦ ਕਰ ਕਰਵਾ ਦਿੱਤਾ। ਜਿਉਂ ਹੀ ਮਾਤਾ ਗੁਜਰੀ ਜੀ ਤੱਕ ਇਹ ਖ਼ਬਰ ਪਹੁੰਚੀ, ਉਨ੍ਹਾਂ ਨੇ ਵੀ ਪ੍ਰਾਣ ਤਿਆਗ ਦਿੱਤੇ ਅਤੇ ਇਸ ਇੱਕ ਦਿਨ ਮਾਤਾ ਗੁਜਰੀ ਜੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਸ਼ਹੀਦ ਹੋ ਗਏ। ••

### 29 ਦਸੰਬਰ



**ਵਜ਼ੀਰ ਖ਼ਾਨ** ਨੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦਾ ਅੰਤਿਮ ਸੰਸਕਾਰ ਕਰਨ ਤੋਂ ਮਨ੍ਹਾ ਕਰ ਦਿੱਤਾ ਸੀ, ਪਰ ਦੀਵਾਨ ਟੋਡਰ ਮੱਲ ਨੇ ਵਜ਼ੀਰ ਖ਼ਾਨ ਤੋਂ ਉਨ੍ਹਾਂ ਦਾ ਅੰਤਿਮ ਸੰਸਕਾਰ ਕਰਨ ਦੀ ਇਜਾਜ਼ਤ ਮੰਗੀ। ਵਜ਼ੀਰ ਖ਼ਾਨ ਨੇ ਟੋਡਰਮੱਲ ਅੱਗੇ ਸ਼ਰਤ ਰੱਖੀ ਕਿ ਉਹ ਜਿੰਨੀ ਜਗ੍ਹਾ 'ਤੇ ਸੰਸਕਾਰ ਕਰਨਾ ਚਾਹੁੰਦਾ ਹੈ, ਉਨੀ ਜਗ੍ਹਾ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਦੇਵੇ। ਇਹ ਸੁਣਕੇ ਟੋਡਰਮੱਲ ਨੇ ਉਸ ਪੂਰੇ ਹਿੱਸੇ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਕੇ ਜ਼ਮੀਨ ਲੈ ਲਈ ਅਤੇ ਮਾਤਾ ਗੁਜਰੀ ਜੀ ਅਤੇ ਦੋਵੇਂ ਸਾਹਿਬਜ਼ਾਦਆਂ ਦਾ ਅੰਤਿਮ ਸੰਸਕਾਰ ਕਰ ਦਿੱਤਾ। ••

ਆਵਾਜ਼ਿ ਕੌਮ AWAZE QAUM International Newspaper & WEB TV

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**


## ਵਾਹਿਗੁਰੂ ਜੀ ਕੀ ਖਾਲਸਾ। ਵਾਹਿਗੁਰੂ ਜੀ ਕੀ ਫ਼ਤਹਿ ॥


ਸ੍ਰੀ ਅਕਾਲ ਤਖ਼ਤ ਸਾਹਿਬ SRI AKAL TAKHAT SAHIB


ਸ੍ਰੀ ਪਟਨਾ ਸਾਹਿਬ SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ SRI KESGARH SAHIB


ਸ੍ਰੀ ਦਮਦਮਾ ਸਾਹਿਬ SRI DAMDAMA SAHIB


ਸ੍ਰੀ ਹਜ਼ੂਰ ਸਾਹਿਬ SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 10 ਫਰਵਰੀ 2025 ਤੋਂ 20 ਫਰਵਰੀ 2025 ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ਼੍ਰੀ ਦੁਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 10 ਫਰਵਰੀ, 2025 ਨੂੰ ਸ਼ੁਰੂ ਹੋਵੇਗੀ ਤੇ ਇੱਥੇ 20 ਫਰਵਰੀ, 2025 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਂਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਬਰੇਕਫਾਸਟ ਅਤੇ ਡਿਨਰ ਸ਼ਾਮਲ
- ਲਗਜਰੀ ਏ. ਸੀ. ਟਰਾਂਸਪੋਰਟੇਸ਼ਨ।
- ਚੰਡੀਗੜ੍ਹ ਤੋਂ ਹੈਦਰਾਬਾਦ ਅਤੇ ਵਾਪਸੀ 'ਤੇ ਹੈਦਰਾਬਾਦ ਤੋਂ ਚੰਡੀਗੜ੍ਹ ਦਾ ਸਫਰ ਹਵਾਈ ਜਹਾਜ਼ ਰਾਹੀਂ।
- ਹਰ ਧਾਰਮਿਕ ਅਤੇ ਇਤਿਹਾਸਕ ਜਾਣਕਾਰੀ ਮੁਹੱਈਆ ਕਰਵਾਉਣ ਲਈ ਗਾਈਡ ਨਾਲ ਹੋਣਗੇ।

**ਇੰਡੀਆਂ ਵਿਚ ਜੁਆਇਨ ਕਰਨ ਵਾਲਿਆਂ ਲਈ ਕੇਵਲ 1190 ਬ੍ਰਿਟਿਸ਼ ਪਾਉਂਡ ਪਰ ਯਾਤਰੀ ਹੋਵੇਗਾ।**

**ਯੂ ਕੇ ਤੋਂ ਅੰਤਰਰਾਸ਼ਟਰੀ ਹਵਾਈ ਸਫ਼ਰ ਸਮੇਤ 1890 ਬ੍ਰਿਟਿਸ਼ ਪਾਉਂਡ ਪਰ ਯਾਤਰੀ ਹੋਵੇਗਾ।**

ਬੁੱਕ ਕਰਨ ਦੇ ਲਈ 600 ਪਾਉਂਡ ਐਡਵਾਂਸ ਦੇ ਤੌਰ ਤੇ ਜਮਾ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

**ਅਕਾਊਂਟ ਨੰਬਰ ਤੇ ਡਿਟੇਲ**

Account Name : RAGHBIR SINGH
Bank Name : HALIFAX
Sort Code : 11-08-07
Account No. : 00516474


ਸੰਪਰਕ ਨੰ. :
+44 7458 381111 +44 7976 210161
email: gnstuk@hotmail.com


To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

*There might be an additional cost if you need direct return flight Atq –Lhr/Bhxorif your return flight is on busy dates (for example mid-term holidays etc.)


ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ

# ਪੰਜ ਤਖ਼ਤ ਯਾਤਰਾ


10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 10 ਫਰਵਰੀ (ਦਿਨ 1)




ਸਾਰੀ ਸੰਗਤ ਗੁਰਦਵਾਰਾ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 11 ਫਰਵਰੀ (ਦਿਨ 2)




ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਉਜੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 12 ਫਰਵਰੀ (ਦਿਨ 3)




ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਉ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 13 ਫਰਵਰੀ (ਦਿਨ 4)




ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 14 ਫਰਵਰੀ (ਦਿਨ 5)




ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 15 ਫਰਵਰੀ (ਦਿਨ 6)



ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਬਿ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 16 ਫਰਵਰੀ (ਦਿਨ 7)




ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 17 ਫਰਵਰੀ (ਦਿਨ 8)




ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 18 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਬਿ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 19 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਂਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 20 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੁਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿਟ ਧਾਰਮਿਕ ਤੇ ਇਤਿਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

**ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।**

ਆਵਾਜ਼ਿ ਕੌਮ
AWAZE QAUM

# AWAZE QAUM TOURS & TRAVELS

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**

ਵਾਹਿਗੁਰੂ ਜੀ ਕੀ ਖਾਲਸਾ । ਵਾਹਿਗੁਰੂ ਜੀ ਕੀ ਫ਼ਤਹਿ ॥


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2025 (10th Feb – 20thFeb 2025). During the stay we will try to provide you with all the possible facilities to make this trip a memorable one.**

## Trip Package Includes

**Visit to Takhat Patna Sahib & other 5 Gurudwaras - Hyderabad (Museum & Char Minar) - Takhat Hazoor Sahib & other 8 Gurudwaras - Takhat Keshgarh Sahib Sahib & other 8 Gurudwaras - Damdama Sahib & other 3 Gurudwaras. - Akal Takth, Sri Harimandir Sahib, Jallianwala Bagh & Wagah Border**

- Luxury Air-conditioned Coaches
- Luxury Hotel Stay (Sarai at Hazoor Sahib)
- Domestic Flights
- Guided Tours
- Flexibility to stay in India before & after the trip

**Cost If joining from India without international flights £ 1190 per person on Twin Sharing basis**

**Cost: If joining from UK with International flights - £1890 per person on Twin Sharing basis**

Deposit of £600 per person can be transferred into the following account (please write your name as a reference): Balance amount need to be deposited 2 weeks before the travel date.

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.


*There might be an additional cost if you need direct return flight Atq –Lhr/Bhxorif your return flight is on busy dates (for example mid-term holidays etc.)

**Program is subject to change without Prior Notice.**

ਆਵਾਜ਼ਿ ਕੌਮ AWAZE QAUM

## JOURNEY OF A LIFE TIME
# PANJ TAKHT YATRA
## 5 TAKHAT YATRA - 10 NIGHTS / 11 DAYS

### 10th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum (if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 11th Feb. Day 2nd.




Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 12th Feb Day 3rd




After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 13th Feb Day4th




Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 14th Feb Day5th




Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 15th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 16th Feb Day 7th




After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 17th Feb Day 8th




After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 18Th Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 19th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 20th Feb Day 11th


**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

CELEBRATING THE LIFE OF

# *Surjit Kaur* SAHOTA

17th January 1930 - 17th December 2024



ਆਵਾਜ਼ਿ ਕੌਮ
AWAZE QAUM
International Newspaper & WEB TV

**Funeral Notice**

## MONDAY 30TH DECEMBER 2024

**8.00am - 8.45am - Antim Ardaas and Darshan**

375 London Road, Stoneygate,
Leicester LE2 3JT

**9.30am - Crematorium Service**

Great Glen Crematorium, 9 London Rd,
Great Glen, Leicester LE8 9DJ

**10.15am - Bhog, Ardaas and Langar**

Guru Amar Das Gurdwara,
219 Clarendon Park Rd, Leicester LE2 3AN

ਵਾਹਿਗੁਰੂ ਜੀ ਕਾ ਖ਼ਾਲਸਾ ॥
ਵਾਹਿਗੁਰੂ ਜੀ ਕੀ ਫ਼ਤਿਹ ॥



ਆਵਾਜ਼ਿ ਕੌਮ
AWAZE QAUM
International Newspaper & WEB TV

# ਮਹਾਨ ਸ਼ਹੀਦੀ ਸਮਾਗਮ

## 19 ਜਨਵਰੀ, 2025 (ਦਿਨ ਐਤਵਾਰ)

ਗੁਰੂ ਪਿਆਰੀ ਸਾਧ ਸੰਗਤ ਜੀ ਮੁਕਤਸਰ ਦੇ 40 ਮੁਕਤੇ ਤੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਹਰੇਕ ਸਾਲ ਦੀ ਤਰਾਂ ਸ਼ਹੀਦੀ ਸਮਾਗਮ ਹੋ ਰਿਹਾ ਹੈ । ਸਾਰੀਆਂ ਸੰਗਤਾਂ ਨੂੰ ਪਰਿਵਾਰ ਸਮੇਤ ਪਹੁੰਚਣ ਦਾ ਖੁੱਲਾ ਸੱਦਾ ਦਿੱਤਾ ਜਾਂਦਾ ਹੈ। ਆਪ ਜੀ ਸਭ ਨੇ ਪਰਿਵਾਰ ਸਮੇਤ ਪਹਉਚਣ ਕ੍ਰਿਪਾਲਤਾ ਕਰਨੀ ਜੀ। ਆਪ ਜੀ ਦੇ ਅਤਿ ਧੰਨਵਾਦੀ ਹੋਵਾਂਗੇ।

--★ ਪ੍ਰੋਗਰਾਮ ★--

19 ਜਨਵਰੀ 2025 ਦਿਨ ਐਤਵਾਰ ਭੋਗ ਸ੍ਰੀ ਸਹਿਜ ਪਾਠ ਦਾ ਸਵੇਰੇ 10 ਵਜੇ

ਸ਼ਬਦ ਕੀਰਤਨ ,ਕਥਾ ਅਤੇ ਢਾਡੀ ਜਥਾ ਪ੍ਰਸੰਗ ਸੁਣਾਵੇਗਾ

ਆਪ ਜੀ ਦਾ ਸਵਾਗਤ ਕਰਤਾ **ਸਰਦਾਰ ਬਲਜੀਤ ਸਿੰਘ ਕੰਗ ਅਤੇ ਪਰਿਵਾਰ**

★ ਵਧੇਰੇ ਜਾਣਕਾਰੀ 07780605230 ★

**Address: GURDWARA BABA SANG JI**

**9 St Paul's Rd, Smethwick Birmingham B66 1EE**


ਧੰਨ ਧੰਨ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਮਿੱਠੀ ਯਾਦ ਨੂੰ ਸਮਰਪਿਤ
ਮਹਾਨ "ਸਫ਼ਰ-ਏ-ਸ਼ਹਾਦਤ" ਸਮਾਗਮ
26 ਦਸੰਬਰ 2024 ਸਮਾਂ ਸ਼ਾਮ 6 ਤੋਂ ਰਾਤ 9 ਵਜੇ ਤੱਕ
ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸੈਕਟਰ 46 ਗੁੜਗਾਂਓ ਹਰਿਆਣਾ
ਜਥੇਦਾਰ ਭੁਪਿੰਦਰ ਸਿੰਘ ਅਸੰਧ ਪ੍ਰਧਾਨ , HSGMC
ਪੰਥ ਪ੍ਰਸਿੱਧ ਢਾਡੀ ਜੱਥਾ ਗਿ: ਸੁਖਵਿੰਦਰ ਸਿੰਘ ਸੁਤੰਤਰ HSGMC
ਪ੍ਰਸਿੱਧ ਕਵੀਸ਼ਰੀ ਜੱਥਾ ਭਾਈ ਗੁਰਮੀਤ ਸਿੰਘ ਦਨੌਲੀ HSGMC
ਭਾਈ ਗੁਰਸੇਵਕ ਸਿੰਘ ਰੰਗੀਲਾ ਹਜੂਰੀ ਰਾਗੀ ਜਥਾ ਗੁਰਦੁਆਰਾ ਦਾਦੂ ਸਾਹਿਬ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ, HSGMC ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ (ਅਜਾਦ)
ਪ੍ਰਧਾਨ ਸ. ਸ਼ੇਰਦਿਲ ਸਿੰਘ ਸਿੱਧੂ
ਮੀਤ ਪ੍ਰਧਾਨ ਸ.ਕੰਵਲਜੀਤ ਸਿੰਘ
ਬੀਬੀ ਗਗਨਦੀਪ ਕੌਰ ਸਿੱਧੂ
ਸ.ਗੁਰਪ੍ਰਸਾਦ ਸਿੰਘ ਫਰੀਦਾਬਾਦ ਅੰਤ੍ਰਿੰਗ ਮੈਂਬਰ HSGMC ਜਰਨਲ ਸਕੱਤਰ SADA
ਬੇਨਤੀ ਕਰਤਾ - ਸਮੂੰਹ ਗੁਰਦੁਆਰਾ ਪ੍ਰਬੰਧਕ ਕਮੇਟੀ, ਬੀਬੀ ਗਗਨਦੀਪ ਕੌਰ ਸਿੱਧੂ ਗੁੜਗਾਂਓ ਅਤੇ ਸਾਧ ਸੰਗਤ (ਸੰਪਰਕ- 7838577777)


ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ ਆਪ ਸਰਬੱਤ ਸੰਗਤਾਂ ਦੇ ਸਹਿਯੋਗ ਨਾਲ
ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਤਿਕਾਰਯੋਗ ਮਾਤਾ ਗੁਜਰ ਕੌਰ ਜੀ ਅਤੇ ਚਾਰ ਸਾਹਿਬਜ਼ਾਦਿਆਂ ਦੀ ਮਹਾਨ ਸ਼ਹਾਦਤ ਨੂੰ ਸਮਰਪਿਤ ਕਰਵਾਏ ਜਾ ਰਹੇ
ਸ.ਫ਼ਰ ਏ ਸ਼ਹਾਦਤ ਸਮਾਗਮ
ਗੁਰਦੁਆਰਾ ਮੰਜੀ ਸਾਹਿਬ ਅੰਬਾਲਾ ਸ਼ਹਿਰ ਵਿਖੇ ਪੁੱਜ ਰਹੀਆਂ ਸੰਗਤਾਂ ਨੂੰ
ਜੀ ਆਇਆਂ ਨੂੰ
ਜਥੇਦਾਰ ਭੁਪਿੰਦਰ ਸਿੰਘ ਅਸੰਧ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ,ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅਜਾਦ
ਸ.ਸੁਦਰਸ਼ਨ ਸਿੰਘ ਅੰਬਾਲਾ ਸੀਨੀਅਰ ਮੀਤ ਪ੍ਰਧਾਨ
ਸ.ਤਰਵਿੰਦਰਪਾਲ ਸਿੰਘ ਅੰਬਾਲਾ ਅੰਤ੍ਰਿੰਗ ਮੈਂਬਰ
ਸ. ਹਰਪਾਲ ਸਿੰਘ ਕੰਬੋਜ ਮੈਂਬਰ
ਸ. ਇੰਦਰਜੀਤ ਸਿੰਘ ਸਾਹਾ ਮੈਂਬਰ
ਸ. ਰਜਿੰਦਰ ਸਿੰਘ ਮੈਂਬਰ
ਕੇਪਟਨ ਦਿਲਬਾਗ ਸਿੰਘ ਮੈਂਬਰ
ਬੇਨਤੀ ਕਰਤਾ - ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂੰਹ ਅਹੁਦੇਦਾਰ, ਮੈਂਬਰ ਸਾਹਿਬਾਨ ਅਤੇ ਸਾਧਸੰਗਤ
ਸ. ਸਰਬਜੀਤ ਸਿੰਘ ਜੰਮੂ ਸਕੱਤਰ ਧੱਰਮ ਪ੍ਰਚਾਰ ਕਮੇਟੀ HSGMC, ਦਾਸ ਮੈਨੇਜਰ ਸ. ਪ੍ਰਿਤਪਾਲ ਸਿੰਘ ਗੋਬਿੰਦਗੜ ਗੁਰਦੁਆਰਾ ਮੰਜੀ ਸਾਹਿਬ (ਬਾਉਲੀ ਸਾਹਿਬ), ਅੰਬਾਲਾ ਸ਼ਹਿਰ




## ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਵੱਲੋਂ ਫ਼ਤਹਿਗੜ੍ਹ ਸਾਹਿਬ ਵਿਖੇ 21 ਸ਼ਹੀਦਾਂ ਦੇ ਪਰਿਵਾਰਾਂ ਤੇ ਪੰਥਕ ਯੋਧਿਆਂ ਦਾ ਵਿਸ਼ੇਸ਼ ਸਨਮਾਨ

# ਸ਼ਹੀਦਾਂ ਦਾ ਸੁਪਨਾ ਛੇਤੀ ਹੋ ਰਿਹਾ ਸਾਕਾਰ : ਈਮਾਨ ਸਿੰਘ ਮਾਨ/ਰਣਜੀਤ ਸਿੰਘ ਦਮਦਮੀ ਟਕਸਾਲ

**ਅੰਮ੍ਰਿਤਸਰ, 23 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਵੱਲੋਂ ਚਾਰ ਸਾਹਿਬਜ਼ਾਦਿਆਂ ਤੇ ਮਾਤਾ ਗੁਜਰ ਕੌਰ ਦੀ ਸ਼ਹਾਦਤ ਨੂੰ ਸਮਰਪਿਤ ਸ਼ਹੀਦੀ ਸਨਮਾਨ ਸਮਾਗਮ ਗੁਰਦੁਆਰਾ ਸਿੰਘ ਸਭਾ, ਪ੍ਰੀਤ ਨਗਰ, ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਕਰਵਾਇਆ ਗਿਆ। ਸੁਖਮਨੀ ਸਾਹਿਬ ਦੇ ਪਾਠ ਉਪਰੰਤ ਢਾਡੀ ਬਲਬੀਰ ਸਿੰਘ ਗੁੱਜਰਪੁਰਾ ਤੇ ਕਥਾਵਾਚਕ ਜਸਵਿੰਦਰ ਸਿੰਘ ਕਾਹਨੂੰਵਾਨ ਨੇ ਜੋਸ਼ੀਲਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ 'ਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਸ. ਇਮਾਨ ਸਿੰਘ ਮਾਨ (ਸਪੁੱਤਰ ਸਿਮਰਨਜੀਤ ਸਿੰਘ ਮਾਨ), ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਪੰਥਕ ਪੱਤਰਕਾਰ ਭਾਈ ਭੁਪਿੰਦਰ ਸਿੰਘ ਸੱਜਣ ਅਤੇ ਬੀਬੀ ਕੁਲਵਿੰਦਰ ਕੌਰ ਖ਼ਾਲਸਾ ਨੇ ਸੰਬੋਧਨ ਕਰਦਿਆਂ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਅਰਪਣ ਕੀਤੇ। ਉਹਨਾਂ ਦੱਸਿਆ ਕਿ ਇਹ ਸਮਾਗਮ ਭਾਈ ਐੱਮ.ਐੱਸ. ਮੁਲਤਾਨੀ (ਨਿਊਯਾਰਕ, ਯੂ.ਐੱਸ.ਏ.) ਦੇ ਸਹਿਯੋਗ ਨਾਲ ਕੀਤਾ ਹੈ। ਆਗੂਆਂ ਨੇ ਕਿਹਾ ਕਿ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਅਤੇ ਸ਼ਹੀਦ ਭਾਈ ਅਮਰੀਕ ਸਿੰਘ ਵੱਲੋਂ ਅਰੰਭੇ ਸੰਘਰਸ਼ ਨੂੰ ਜਾਰੀ ਰੱਖਿਆ ਜਾਏਗਾ, ਸ਼ਹੀਦਾਂ ਦੇ ਪਾਏ ਪੂਰਨਿਆਂ ਉੱਤੇ ਪਹਿਰਾ ਦੇਣਾ ਅਤੇ ਕੌਮੀ ਘਰ ਖ਼ਾਲਿਸਤਾਨ ਦੇ ਨਿਸ਼ਾਨੇ ਨੂੰ ਸਾਕਾਰ ਕਰਨਾ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੈ। ਉਹਨਾਂ ਨੇ ਸੂਬਾ ਅਤੇ ਕੇਂਦਰ ਸਰਕਾਰਾਂ ਉੱਤੇ ਨਿਸ਼ਾਨੇ ਸਾਧਦਿਆਂ ਕਿਹਾ ਕਿ ਭਾਰਤੀ ਹਕੂਮਤ ਲਗਾਤਾਰ ਸਿੱਖਾਂ ਉੱਤੇ ਜ਼ੁਲਮ ਕਰ ਰਹੀ ਹੈ, ਵਿਦੇਸ਼ਾਂ ਵਿੱਚ ਹੋਏ ਸਿੱਖਾਂ ਦੇ ਕਤਲ ਇਸ ਗੱਲ ਦੀ ਗਵਾਹੀ ਭਰਦੇ ਹਨ। ਉਹਨਾਂ ਕਿਹਾ ਕਿ ਸ਼ਹੀਦਾਂ ਦਾ ਕੌਮੀ ਘਰ ਖ਼ਾਲਿਸਤਾਨ ਦਾ ਸੁਪਨਾ ਛੇਤੀ ਹੀ ਸਾਕਾਰ ਹੋ ਰਿਹਾ ਹੈ। ਸਮਾਗਮ 'ਚ 21 ਸ਼ਹੀਦਾਂ ਦੇ ਪਰਿਵਾਰਾਂ ਤੇ ਪੰਥਕ ਯੋਧਿਆਂ ਦਾ ਦਸ-ਦਸ ਹਜ਼ਾਰ ਰੁਪਏ ਨਗਦ ਰਾਸ਼ੀ, ਸਿਰੋਪਾਓ ਤੇ ਸ਼ੀਲਡਾਂ ਨਾਲ ਸਨਮਾਨ ਕੀਤਾ ਗਿਆ ਜਿਨ੍ਹਾਂ ਵਿੱਚ ਸ਼ਹੀਦ ਬਲਵਿੰਦਰ ਸਿੰਘ ਜਟਾਣਾ ਦੇ ਭਰਾ ਪਵਨ ਸਿੰਘ, ਸ਼ਹੀਦ ਮੁਖਤਿਆਰ ਸਿੰਘ ਕਾਲੇਕੇ ਉਤਾੜ ਦੀ ਭੈਣ ਕੁਲਦੀਪ ਕੌਰ, ਸ਼ਹੀਦ ਬਾਬਾ ਰਣਜੀਤ ਸਿੰਘ ਦਿਆਲਗੜ੍ਹ ਦੇ ਭਰਾ




ਕੁਲਵੰਤ ਸਿੰਘ, ਸ਼ਹੀਦ ਪਰਮਜੀਤ ਸਿੰਘ ਤੁਗਲਵਾਲਾ ਦੀ ਸੁਪਤਨੀ ਕੁਲਵਿੰਦਰ ਕੌਰ, ਸ਼ਹੀਦ ਲਖਬੀਰ ਸਿੰਘ ਬੱਬਰ ਦੀ ਸੁਪਤਨੀ ਸਵਿੰਦਰ ਕੌਰ, ਸ਼ਹੀਦ ਰਸਾਲ ਸਿੰਘ ਆਰਫਕੇ ਦੇ ਸਪੁੱਤਰ ਨਿਰਮਲ ਸਿੰਘ, ਸ਼ਹੀਦ ਸੁਖਦੇਵ ਸਿੰਘ ਆਰਫਕੇ ਦੇ ਭਰਾ ਕੁਲਵੰਤ ਸਿੰਘ, ਸ਼ਹੀਦ ਬਲਦੀਪ ਸਿੰਘ ਫੂਲ ਬੱਬਰ ਦੇ ਭਰਾ ਹਰਜਿੰਦਰਪਾਲ ਸਿੰਘ, ਸ਼ਹੀਦ ਸਤਵੰਤ ਸਿੰਘ ਸੋਢੀ ਚੁਗਾਵਾਂ ਦੇ ਭਰਾ ਸਤਨਾਮ ਸਿੰਘ, ਸ਼ਹੀਦ ਬਲਜੀਤ ਸਿੰਘ ਵੱਡਾਘਰ ਦੇ ਭਰਾ ਜਗਰੂਪ ਸਿੰਘ, ਸ਼ਹੀਦ ਕੇਹਰ ਸਿੰਘ ਦੇ ਪੋਤਰੇ ਬਿਕਰਮ ਸਿੰਘ, ਸ਼ਹੀਦ ਹਰਚੰਦ ਸਿੰਘ ਮੁਲਤਾਨੀ ਦੇ ਭਰਾ ਨਿਰਮਲ ਸਿੰਘ, ਜੁਝਾਰੂ ਰਵੇਲ ਸਿੰਘ ਜੱਬੋਵਾਲ, ਗੁਰਪ੍ਰੀਤ ਸਿੰਘ ਜਾਗੋਵਾਲ, ਲਖਬੀਰ ਸਿੰਘ ਡਡਿਆਣਾ, ਖਜਾਨ ਸਿੰਘ ਕਾਦੀਆਂ, ਸਤਵੰਤ ਸਿੰਘ ਮਾਣਕ, ਬਲਵਿੰਦਰ ਸਿੰਘ ਧਰਮੀ ਫੌਜੀ, ਜਸਵੰਤ ਸਿੰਘ ਧਰਮੀ ਫੌਜੀ, ਪੰਥਕ ਪੱਤਰਕਾਰ ਭੁਪਿੰਦਰ ਸਿੰਘ ਸੱਜਣ, ਕਥਾਵਾਚਕ ਜਸਵਿੰਦਰ ਸਿੰਘ ਕਾਹਨੂੰਵਾਨ, ਗਗਨਦੀਪ ਸਿੰਘ ਸੁਲਤਾਨਵਿੰਡ ਸ਼ਾਮਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



# ਕਿਸਾਨ ਆਗੂ ਸ. ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਤੋਂ ਚਿੰਤਤ ਬਾਬਾ ਬਲਬੀਰ ਸਿੰਘ ਸੀਚੇਵਾਲ ਮੈਂਬਰ ਰਾਜ ਸਭਾ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਲਿਖਿਆ ਪੱਤਰ


ਸੰਤ ਬਲਬੀਰ ਸਿੰਘ
ਮੈਂਬਰ ਪਾਰਲੀਮੈਂਟ
ਰਾਜ ਸਭਾ
ਮੈਂਬਰ ਜਲ ਸਰੋਤਾਂ ਬਾਰੇ
ਸਥਾਈ ਕਮੇਟੀ

सत्यमेव जयते

Sant Balbir Singh
Member of Parliament Rajya Sabha
Member Standing Committee
on Water Resources
Mobile: +91 9417319463
Email: santbalbir.singh@sansad.nic.in

Ref No : SBS/PMO/472-24
Date : 18-Dec-2024

ਸਤਿਕਾਰਯੋਗ,

ਪ੍ਰਧਾਨ ਮੰਤਰੀ ਜੀ,
ਭਾਰਤ ਸਰਕਾਰ।
ਨਵੀਂ ਦਿੱਲੀ।

ਵਿਸ਼ਾ : ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ ਖਤਮ ਕਰਨ ਲਈ ਕਿਸਾਨਾਂ ਦੀਆਂ ਮੰਗਾਂ ਮੰਨਣ ਅਤੇ ਤੁਰੰਤ ਦਖਲ ਦੇਣ ਦੀ ਬੇਨਤੀ।

ਉਪਰੋਕਤ ਵਿਸ਼ੇ ਦੇ ਸੰਬੰਧ ਵਿਚ ਅਸੀਂ ਤੁਹਾਨੂੰ ਆਪਣੀਆਂ ਮੰਗਾਂ ਨੂੰ ਲੈ ਕੇ ਕਿਸਾਨਾਂ ਦੇ ਚੱਲ ਰਹੇ ਸੰਘਰਸ਼ ਦੇ ਸਬੰਧ ਵਿਚ ਬਹੁਤ ਚਿੰਤਾ ਨਾਲ ਲਿਖ ਰਿਹਾ ਹਾਂ, ਜੋ ਸਾਡੇ ਦੇਸ਼ ਦੀ ਹੋਂਦ ਲਈ ਬਹੁਤ ਜਰੂਰੀ ਹਨ. ਦੇਸ਼ ਦਾ ਢਿੱਡ ਭਰਨ ਵਾਲੇ ਜਿਹੜੇ ਕਿਸਾਨਾਂ ਨੂੰ ਖੇਤਾਂ ਵਿਚ ਹੋਣਾ ਚਾਹੀਦਾ ਸੀ, ਉਹ ਅੱਜ ਸੜਕਾਂ 'ਤੇ ਆਪਣੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੇ ਹਨ। ਇਸ ਵੇਲੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਉਨ੍ਹਾਂ ਮੰਗਾਂ ਨੂੰ ਲੈ ਕੇ ਖਨੌਰੀ ਸਰਹੱਦ 'ਤੇ ਭੁੱਖ ਹੜਤਾਲ 'ਤੇ ਬੈਠੇ ਹਨ, ਜੋ ਕੇਂਦਰ ਸਰਕਾਰ ਵਲੋਂ ਮੰਨੀਆਂ ਵੀ ਗਈਆਂ ਹਨ, ਪਰ ਫਿਰ ਵੀ ਲਾਗੂ ਨਹੀਂ ਕੀਤੀਆਂ ਗਈਆਂ ਹਨ। ਕਿਸਾਨ ਆਗੂ ਡੱਲੇਵਾਲ ਦੀ ਜ਼ਿੰਦਗੀ, ਜੋ ਕਿ ਭਾਰਤ ਭਰ ਦੇ ਕਿਸਾਨਾਂ ਦੀ ਭਲਾਈ ਲਈ ਬਹੁਤ ਮਹੱਤਵ ਰੱਖਦੀ ਹੈ, ਗੰਭੀਰ ਖਤਰੇ ਵਿਚ ਹੈ। ਉਨ੍ਹਾਂ ਦੀ ਵਿਗੜਦੀ ਸਿਹਤ ਕਾਰਨ ਨਾ ਸਿਰਫ ਪੰਜਾਬ ਦੇ ਕਿਸਾਨ, ਸਗੋਂ ਦੇਸ਼ ਭਰ ਦੇ ਕਿਸਾਨਾਂ-ਮਜ਼ਦੂਰਾਂ ਦੇ ਨਾਲ-ਨਾਲ ਸੁਪਰੀਮ ਕੋਰਟ ਵਿਚ ਵੀ ਉਸ ਦੇ ਵਰਤ ਨੇ ਗੰਭੀਰ ਚਿੰਤਾਵਾਂ ਪੈਦਾ ਕਰ ਦਿੱਤੀਆਂ ਹਨ।

ਇਹ ਦੱਸਣਾ ਦੁਖਦਾਈ ਹੈ ਕਿ ਆਜ਼ਾਦੀ ਦੇ 75 ਸਾਲਾਂ ਬਾਅਦ, ਜਦੋਂ ਕਿ ਕਈ ਖੇਤਰਾਂ ਨੇ ਤਰੱਕੀ ਕੀਤੀ ਹੈ, ਪਰ ਕਿਸਾਨਾਂ ਦੀ ਹਾਲਤ ਲਗਾਤਾਰ ਬਦਤਰ ਹੁੰਦੀ ਜਾ ਰਹੀ ਹੈ। ਦੇਸ਼ ਦੇ ਅੰਨ ਭੰਡਾਰਾਂ ਨੂੰ ਭਰਨ ਵਿਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਦੇ ਬਾਵਜੂਦ, ਕਿਸਾਨ ਅਜੇ ਵੀ ਨਾਕਾਫੀ ਵਿੱਤੀ ਸਹਾਇਤਾ ਨਾਲ ਸੰਘਰਸ਼ ਕਰ ਰਹੇ ਹਨ। ਉਹਨਾਂ ਨੂੰ ਹਾਲੇ ਤੱਕ ਵੀ ਆਪਣੀਆਂ ਫਸਲਾਂ ਦਾ ਘੱਟੋ ਘੱਟ ਸਮਰਥਨ ਮੁੱਲ ਨਹੀਂ ਮਿਲ ਸਕਿਆ ਹੈ। ਜੇਕਰ ਦੇਸ਼ ਦਾ ਕਿਸਾਨ ਖੇਤਾਂ ਵਿੱਚ ਕੰਮ ਕਰੇਗਾ ਤਾਂ ਹੀ ਦੇਸ਼ ਦਾ ਢਿੱਡ ਭਰਿਆ ਜਾ ਸਕਦਾ ਹੈ।

ਸੋ ਸਾਡੀ ਪੁਰਜ਼ੋਰ ਅਪੀਲ ਹੈ ਕਿ ਕਿਸਾਨ ਆਗੂ ਜਗਜੀਤ ਸਿੰਘ ਜੀ ਡੱਲੇਵਾਲ ਅਤੇ ਹੱਕਾਂ ਲਈ ਸੰਘਰਸ਼ ਕਰ ਰਹੇ ਕਿਸਾਨਾਂ ਦੀ ਗੱਲ ਸੁਣੀ ਜਾਵੇ ਤੇ ਕਿਸਾਨ ਆਗੂ ਡੱਲੇਵਾਲ ਦੀ ਜਾਨ ਬਚਾਈ ਜਾਵੇ।

ਧੰਨਵਾਦ ਸਹਿਤ,

ਸੰਤ ਬਲਬੀਰ ਸਿੰਘ ਸੀਚੇਵਾਲ

ਪਤਾ / Address
ਨਿਰਮਲ ਕੁਟੀਆ ਪਿੰਡ ਸੀਚੇਵਾਲ, ਡਾਕ. ਰੂਪੇਵਾਲੀ, ਤਹਿ. ਸ਼ਾਹਕੋਟ, ਜ਼ਿਲ੍ਹਾ ਜਲੰਧਰ, ਪੰਜਾਬ 144701 Nirmal Kuteya Vill. Seechewal, P.O Rupewali, Teh. Shahkot, Distt. Jalandhar, Punjab 144701
16-C Ferozshah Road, New Delhi - 110001 Tel.-01828-299363

**ਕਿਸਾਨ ਆਗੂ ਸ. ਜਗਜੀਤ ਸਿੰਘ ਡੱਲੇਵਾਲ ਸਾਹਿਬ ਦੀ ਸਿਹਤ ਤੋਂ ਚਿੰਤਤ ਤੇ ਉਨਾਂ ਦੀ ਕੀਮਤੀ ਜ਼ਿੰਦਗੀ ਨੂੰ ਬਚਾਉਣ ਤੇ ਕਿਸਾਨਾਂ ਦੇ ਮਸਲਿਆਂ ਨੂੰ ਹੱਲ ਕਰਵਾਉਣ ਤੇ ਦਖਲ ਦੇਣ ਹਿੱਤ ਵਿਸ਼ਵ ਪ੍ਰਸਿੱਧ ਵਾਤਾਵਰਣ ਪ੍ਰੇਮੀ ਬਾਬਾ ਬਲਬੀਰ ਸਿੰਘ ਸੀਚੇਵਾਲ ਮੈਂਬਰ ਰਾਜ ਸਭਾ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਲਿਖਿਆ ਪੱਤਰ !**

ਆਵਾਜ਼ਿ ਕੌਮ AWAZE QAUM International Newspaper & WEB TV



# ਬੀਬੀ ਸਤਵੰਤ ਕੌਰ ਸਮੁੱਚੇ ਪੰਥ ਦੀ ਧੀ, ਮੇਰੇ ਵਲੋਂ ਕੋਈ ਵੀ ਹੋਈ ਗਲਤੀ ਦੀ ਕੌਮ ਤੋਂ ਮੁਆਫ਼ੀ ਮੰਗਦਾ ਹਾਂ : ਮਹੇਸ਼ਇੰਦਰ ਸਿੰਘ ਗਰੇਵਾਲ



## ਮਹੇਸ਼ਇੰਦਰ ਸਿੰਘ ਗਰੇਵਾਲ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਮੁਆ.ਫ਼ੀ ਮੰਗੀ

**ਸ੍ਰੀ ਅੰਮ੍ਰਿਤਸਰ ਸਾਹਿਬ, 23 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨੀਂ ਅਮਰ ਸ਼ਹੀਦ ਭਾਈ ਅਮਰੀਕ ਸਿੰਘ ਜੀ ਦੀ ਬੇਟੀ ਬੀਬੀ ਸਤਵੰਤ ਕੌਰ ਖਿਲਾਫ਼ ਗ਼ਲਤ ਬਿਆਨਬਾਜ਼ੀ ਕਰਨ ਦੇ ਦੋਸ਼ ਤਹਿਤ ਅੱਜ ਮਹੇਸ਼ਹਿੰਦਰ ਸਿੰਘ ਗਰੇਵਾਲ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਗਿਆਨੀ ਰਘਵੀਰ ਸਿੰਘ ਜੀ ਕੋਲ ਆਪਣਾ ਮੁਆਫ਼ੀਨਾਮਾ ਭੇਜਿਆ ਹੈ, ਜਿਸ ਦਾ ਇੰਨ-ਬਿੰਨ ਉਤਾਰਾ ਅਸੀਂ ਆਪਣੇ ਪਾਠਕਾਂ ਲਈ ਇੱਥੇ ਪੇਸ਼ ਕਰ ਰਹੇ ਹਾਂ :

ਪਰਮ ਸਤਿਕਾਰ ਯੋਗ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀਓ, ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ।

**ਵਾਹਿਗੁਰੂ ਜੀ ਕਾ ਖਾਲਸਾ।**
**ਵਾਹਿਗੁਰੂ ਜੀ ਕੀ ਫ਼ਤਹਿ॥**
**ਵਿਸ਼ਾ : ਖਿਮਾ ਯਾਚਨਾ ਬਾਰੇ।**

ਬੇਨਤੀ ਹੈ ਕਿ ਦਾਸ ਕਦੇ ਇਸ ਗੱਲ ਦੀ ਕਲਪਨਾ ਵੀ ਨਹੀਂ ਕਰ ਸਕਦਾ ਕਿ ਉਹ ਸ਼ਹੀਦਾਂ ਤੇ ਕੁਰਬਾਨੀ ਵਾਲੇ ਪ੍ਰਵਾਰਾਂ ਦਾ ਸਤਿਕਾਰ ਨਾ ਕਰੇ । ਦਾਸ ਤੇ ਜੋ ਇਲਜ਼ਾਮ ਲਗਾਇਆ ਜਾ ਰਿਹਾ ਹੈ ਕਿ ਉਸਨੇ ਪੀ ਟੀ ਸੀ ਚੈਨਲ ਤੇ ਚੱਲਦੀ ਡਿਬੇਟ ਵਿੱਚ ਅਮਰ ਸ਼ਹੀਦ ਭਾਈ ਅਮਰੀਕ ਸਿੰਘ ਜੀ ਦੀ ਹੋਣਹਾਰ ਬੇਟੀ ਬੀਬੀ ਸਤਵੰਤ ਕੌਰ ਕੌਰ ਖਿਲਾਫ ਕੋਈ ਗ.ਲਤ ਬਿਆਨਬਾਜ਼ੀ ਕੀਤੀ ਹੈ।ਮੈਂ ਸਮਝਦਾ ਹਾਂ ਕਿ ਸ਼ਾਇਦ ਚਲਦੀ ਬਹਿਸ ਵਿੱਚ ਮੇਰੇ ਕੋਲੋਂ ਅਚਾਨਕ ਕੋਈ ਗੱਲ ਪਾਰਟੀ ਦਾ ਪੱਖ ਰੱਖਦਿਆਂ ਕਹੀ ਗਈ ਹੈ। ਜਿਸਦਾ ਬੀਬੀ ਸਤਵੰਤ ਕੌਰ ਤੇ ਪੰਥਕ ਦਰਦੀਆਂ ਵਲੋਂ ਬੁਰਾ ਮਨਾਇਆ ਗਿਆ ਹੈ।ਮੇਰੇ ਵਲੋਂ ਕਹੀ ਗਈ ਗੱਲ ਨਾਲ਼ ਜੇਕਰ ਬੀਬੀ ਸਤਵੰਤ ਕੌਰ ਤੇ ਹੋਰਨਾਂ ਪੰਥਕ ਸੋਚ ਦੇ ਧਾਰਨੀਆਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ ਤਾਂ ਉਸਦੀ ਮੈਂ ਬਿਨਾਂ ਬਹਿਸਬਾਜ਼ੀ ਦੇ ਖਿਮਾਂ ਮੰਗਦਾ ਹਾਂ ।ਬੀਬੀ ਸਤਵੰਤ ਕੌਰ ਸਮੁੱਚੇ ਪੰਥ ਦੀ ਧੀ ਹੈ ਤੇ ਮੇਰੀ ਵੀ ਬੇਟੀਆਂ ਵਰਗੀ ਹੈ ਸੋ ਆਪ ਜੀ ਨੂੰ ਸਨਿਮਰ ਬੇਨਤੀ ਹੈ ਕਿ ਮੇਰੇ ਵਲੋਂ ਕੋਈ ਵੀ ਹੋਈ ਗਲਤੀ ਦੀ ਆਪ ਜੀ ਪਾਸੋਂ ਨਿਮਰਤਾ ਸਹਿਤ ਮੈਂ ਮਾਫ਼ੀ ਮੰਗਦਾ ਹਾਂ। ਮੈਂ ਆਸ ਕਰਦਾ ਹਾਂ ਕਿ ਆਪ ਜੀ ਦਾਸ ਨੂੰ ਮਾਫ਼ ਕਰੋਗੇ। ਆਪ ਜੀ ਦਾ ਅਤਿ ਧੰਨਵਾਦੀ ਹੋਵਾਂਗਾ ।


ਆਵਾਜ਼ਿ ਕੌਮ AWAZE QAUM International Newspaper & WEB TV



**ਗੁਰੂ ਪੰਥ ਦਾ ਦਾਸ**
**ਮਹੇਸ਼ਿੰਦਰ ਸਿੰਘ ਗਰੇਵਾਲ**
**ਲੁਧਿਆਣਾ**

**ਮਿਤੀ 22 ਦਸੰਬਰ 2024**

## ਮੁਆ.ਫੀਨਾਮੇ ਦੀ ਕਾਪੀ


ਪਰਮ ਸਤਿਕਾਰ ਯੋਗ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀਓ,
ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ।

ਵਾਹਿਗੁਰੂ ਜੀ ਕਾ ਖਾਲਸਾ।
ਵਾਹਿਗੁਰੂ ਜੀ ਕੀ ਫ਼ਤਹਿ॥

ਵਿਸ਼ਾ : ਖਿਮਾ ਯਾਚਨਾ ਬਾਰੇ।

ਬੇਨਤੀ ਹੈ ਕਿ ਦਾਸ ਕਦੇ ਇਸ ਗੱਲ ਦੀ ਕਲਪਨਾ ਵੀ ਨਹੀਂ ਕਰ ਸਕਦਾ ਕਿ ਉਹ ਸ਼ਹੀਦਾਂ ਤੇ ਕੁਰਬਾਨੀ ਵਾਲੇ ਪ੍ਰਵਾਰਾਂ ਦਾ ਸਤਿਕਾਰ ਨਾ ਕਰੇ। ਦਾਸ ਤੇ ਜੋ ਇਲਜ਼ਾਮ ਲਗਾਇਆ ਜਾ ਰਿਹਾ ਹੈ ਕਿ ਉਸਨੇ ਪੀ ਟੀ ਸੀ ਚੈਨਲ ਤੇ ਚੱਲਦੀ ਡਿਬੇਟ ਵਿੱਚ ਅਮਰ ਸ਼ਹੀਦ ਭਾਈ ਅਮਰੀਕ ਸਿੰਘ ਜੀ ਦੀ ਹੋਣਹਾਰ ਬੇਟੀ ਬੀਬੀ ਸਤਵੰਤ ਕੌਰ ਕੌਰ ਖਿਲਾਫ ਕੋਈ ਗਲਤ ਬਿਆਨਬਾਜ਼ੀ ਕੀਤੀ ਹੈ। ਮੈਂ ਸਮਝਦਾ ਹਾਂ ਕਿ ਸ਼ਾਇਦ ਚਲਦੀ ਬਹਿਸ ਵਿੱਚ ਮੇਰੇ ਕੋਲੋਂ ਅਚਾਨਕ ਕੋਈ ਗੱਲ ਪਾਰਟੀ ਦਾ ਪੱਖ ਰੱਖਦਿਆਂ ਕਹੀ ਗਈ ਹੈ। ਜਿਸਦਾ ਬੀਬੀ ਸਤਵੰਤ ਕੌਰ ਤੇ ਪੰਥਕ ਦਰਦੀਆਂ ਵਲੋਂ ਬੁਰਾ ਮਨਾਇਆ ਗਿਆ ਹੈ। ਮੇਰੇ ਵਲੋਂ ਕਹੀ ਗਈ ਗੱਲ ਨਾਲ ਜੇਕਰ ਬੀਬੀ ਸਤਵੰਤ ਕੌਰ ਤੇ ਹੋਰਨਾਂ ਪੰਥਕ ਸੋਚ ਦੇ ਧਾਰਨੀਆਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ ਤਾਂ ਉਸਦੀ ਮੈਂ ਬਿਨਾਂ ਬਹਿਸਬਾਜ਼ੀ ਦੇ ਖਿਮਾਂ ਮੰਗਦਾ ਹਾਂ। ਬੀਬੀ ਸਤਵੰਤ ਕੌਰ ਸਮੁੱਚੇ ਪੰਥ ਦੀ ਧੀ ਹੈ ਤੇ ਮੇਰੀ ਵੀ ਬੇਟੀਆਂ ਵਰਗੀ ਹੈ। ਸੋ ਆਪ ਜੀ ਨੂੰ ਸਨਿਮਰ ਬੇਨਤੀ ਹੈ ਕਿ ਮੇਰੇ ਵਲੋਂ ਕੋਈ ਵੀ ਹੋਈ ਗਲਤੀ ਦੀ ਆਪ ਜੀ ਪਾਸੋਂ ਨਿਮਰਤਾ ਸਹਿਤ ਮੈਂ ਮਾਫ਼ੀ ਮੰਗਦਾ ਹਾਂ। ਮੈਂ ਆਸ ਕਰਦਾ ਹਾਂ ਕਿ ਆਪ ਜੀ ਦਾਸ ਨੂੰ ਮਾਫ਼ ਕਰੋਗੇ। ਆਪ ਜੀ ਦਾ ਅਤਿ ਧੰਨਵਾਦੀ ਹੋਵਾਂਗਾ।

ਮਿਤੀ 22 ਦਸੰਬਰ 2024

ਗੁਰੂ ਪੰਥ ਦਾ ਦਾਸ
ਮਹੇਸ਼ਇੰਦਰ ਸਿੰਘ ਗਰੇਵਾਲ

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਅਤੇ ਵਿਵਾਦਿਤ ਲੋਕ



**ਸਿੱਖ** ਅਤੇ ਪੰਜਾਬ ਦੇ ਆਮ ਲੋਕਾਂ ਨੂੰ ਹਰ ਆਏ ਦਿਨ ਪੁੱਠੇ/ਸਿਧੇ ਝੂਠ ਨਾਲ ਗੁਮਰਾਹ ਕੀਤਾ ਜਾਂਦਾ ਹੈ।ਬਹਿਰੂਪੀਆਂ ਦੇ ਰੂਪ ਵਿੱਚ ਅਜਿਹੇ ਪੰਥ ਵਿਰੋਧੀ ਲੋਕ ਹਮੇਸ਼ਾ ਇਸੇ ਤਾੜ ਵਿੱਚ ਧੁੰਨ ਲਗਾਈ ਰੱਖਦੇ ਹਨ ।ਪਿਛਲੇ ਦਿਨੀ ਮਹਾਰਾਸ਼ਟਰ ਸਟੇਟ ਵਿੱਚ ਅਸੰਬਲੀ ਚੋਣਾਂ ਦਾ ਦੌਰ ਸਰਗਰਮ ਸੀ । ਬੀ ਜੇ ਪੀ ਸੰਗਠਨ (ਐਨ. ਡੀ .ਏ.) ਅਤੇ ਕਾਂਗਰਸ ਸੰਗਠਨ (ਇੰਡੀਆ) ਵਿੱਚ ਮੁਕਾਬਲਾ ਸੀ ।ਮਹਾਰਾਸ਼ਟਰ ਸਟੇਟ ਵਿੱਚ ਤਖਤ ਹਜ਼ੂਰ ਸਾਹਿਬ ਤੋ ਉਪਰੰਤ ਇਸ ਸਟੇਟ ਵਿੱਚ ਸਿੱਖਾਂ ਦੀ ਕਾਫ਼ੀ ਆਬਾਦੀ ਹੈ ।ਇਸ ਤੋ ਇਲਾਵਾ ਵਣਜਾਰੇ ਸਿੱਖ ਤੇ ਸਿਗਲੀਘਰ ਸਿੱਖਾਂ ਦੀ ਵੱਡੀ ਵੱਸੋਂ ਮਹਾਰਾਸ਼ਟਰ ਵਿੱਚ ਵਸਦੀ ਹੈ ।ਇਹਨਾਂ ਨਾਨਕ ਨਾਮ ਲੇਵਾ ਸਿੱਖਾਂ ਦੇ ਹਾਲਾਤ ਬਹੁਤ ਤੰਗੀ ਵਾਲੇ ਹਨ । ਦੇਸ਼ ਤੇ ਬਦੇਸ਼ ਦੇ ਸਿੱਖਾਂ ਵਿੱਚ ਇਸ ਗੱਲ ਦੀ ਹਮੇਸ਼ਾ ਚਰਚਾ ਰਹਿੰਦੀ ਹੈ । ਇਸੇ ਵਿਚਾਰ ਨੂੰ ਗੁਰੂ ਆਸ਼ੇ ਅਨੁਸਾਰ ਵਿਚਾਰ ਕੇ ਕਈ ਵੱਖ ਵੱਖ ਧਿਰਾਂ ਨੇ ਇਹਨਾਂ ਨਾਨਕ ਨਾਮ ਲੇਵਾ ਸਿੱਖਾਂ ਦੇ ਹਾਲਾਤ ਬਾਰੇ ਕੁਝ ਸੁਚੱਜੀ ਸੋਚ ਦੀਆਂ ਕੋਸ਼ਿਸ਼ਾਂ ਕੀਤੀਆਂ , ਕਿ ਇਹਨਾਂ ਸਿੱਖਾਂ ਦੀਆਂ ਜੀਵਨ ਦੀਆਂ ਲੋੜਾਂ ਵਿੱਚ ਮਦਦ ਹੋ ਸਕੇ। ਇਹ ਭੀ ਗੱਲ ਜ਼ਰੂਰੀ ਬਣ ਗਈ ਹੈ ਕਿ ਤਖਤ ਹਜ਼ੂਰ ਸਾਹਿਬ , ਨੂੰ ਵੀ ਹੋਰ ਸੰਪਰਕ ਸਾਧਨਾ ਰਾਹੀ , ਸਿੱਖ ਸੰਗਤਾਂ ਨਾਲ ਹੋਰ ਜਿਆਦਾ ਕੇਂਦਰਤ ਕੀਤਾ ਜਾ ਸਕੇ ।ਇਸੇ ਨੂੰ ਹੀ ਆਧਾਰ ਮੰਨ ਕੇ ਬਾਬਾ ਸਿੰਘ ਖਾਲਸਾ (ਮੁਖੀ ਦਮਦਮੀ ਟਕਸਾਲ) ਨੇ ਤਖ਼ਤ ਹਜ਼ੂਰ ਸਾਹਿਬ ਦੇ ਪ੍ਰਬੰਧ ਅਤੇ ਮਹਾਰਾਸ਼ਟਰ ਦੇ ਸਮੁੱਚੇ ਸਿੱਖ ਭਾਈਚਾਰੇ ਦੇ ਹਿਤ ਵਿੱਚ ਡਟਵਾਂ ਸਟੈਂਡ ਲਿਆ ਉਹਨਾਂ ਨੇ ਹਜ਼ੂਰ ਸਾਹਿਬ ਦੇ ਪ੍ਰਬੰਧ ,ਵਣਜਾਰੇ ਤੇ ਸਿਕਲੀਗਰ ਸਿੱਖਾਂ ਦੇ ਹਾਲਾਤ,ਮਾਇਨਾਰਿਟੀ ਕਮਿਸ਼ਨਰੀ ਵਿੱਚ ਸਿੱਖ ਨੁਮਾਇੰਦਗੀ,ਗਿਆਰਾਂ ਮੈਂਬਰੀ ਕਮੇਟੀ ਦੀ ਗਠਿਤ,ਗਰੀਬ ਵੱਸੋਂ ਵੱਲੇ ਸਿੱਖਾਂ ਨੂੰ ਝੌਂਪੜੀਆਂ ਵਿੱਚੋਂ ਤਬਦੀਲ ਕਰਕੇ ਪੱਕੇ ਘਰ ਦਿਵਾਉਣ ਦੀ ਮੰਗ ,ਪੜਾਈ ਦੇ ਖੇਤਰ ਵਿੱਚ ਪੰਜਾਬੀ ਅਕਾਡਮੀ ਕਾਇਮ ਕਰਨ ਤੇ ਪੰਜਾਬੀ ਸਲੇਬਸ ਦਰਜ ਕਰਵਾਉਣ ਦੀ ਮੰਗ , ਮੁੰਬਈ ਖੇਤਰ ਵਿੱਚ ਜਗਾ ਅਲਾਟ ਕਰਵਾ ਕੇ ਸਿੱਖ ਪ੍ਰਚਾਰ ਸੈਂਟਰ ਬਣਾਉਣਾ , ਇਤਿਆਦਿਕ ਮੰਗਾ ਨੂੰ ਮਹਾਰਾਸ਼ਟਰ ਦੇ ਸਰਕਾਰੀ ਡਾਂਚੇ ਅੱਗੇ ਰੱਖਿਆ । ਚੋਣਾਂ ਦੌਰਾਨ ਇਸ ਚਲਦੇ ਮਸਲਿਆਂ ਤੇ ਬੀ ਜੇ ਪੀ ਪਾਰਟੀ ਸੰਗਠਨ ਨੇ ਪੂਰਾ ਭਰੋਸਾ ਦਿੱਤਾ ।ਜਦ ਕਿ ਕਾਂਗਰਸੀ ਸੰਗਠਨ ਨੇ ਚੁੱਪ ਧਾਰ ਲਈ ਸੀ। ਇਸ ਉਪਰੰਤ ਹੀ ਜਾ ਕੇ ਬਾਬਾ ਸਿੰਘ ਖਾਲਸਾ ਜੀ ਨੇ ਬੀ ਜੇ ਪੀ ਸੰਗਠਨ ਦਾ ਚੋਣਾਂ ਵਿੱਚ ਸਾਥ ਦੇਣ ਦਾ ਐਲਾਨ ਕੀਤਾ ।ਚੋਣ ਨਤੀਜੇ ਵੀ ਉਸੇ ਦਿਸ਼ਾ ਵਿੱਚ ਸਾਹਮਣੇ ਆ ਗਏ ਜੋ ਸਿੱਖ ਭਾਈਚਾਰੇ ਦੀ ਆਵਾਜ਼ ਸਨ । ਕੁੱਲ 288 ਸੀਟਾਂ ਵਿੱਚੋਂ ਬੀ ਜੇ ਪੀ ਸੰਗੰਠਨ ਨੇ 235 ਸੀਟਾਂ ਨਾਲ ਹੂੰਝਾ ਫੇਰ , ਭਾਰੀ ਬਹੁਮਤ ਵਾਲ਼ ਜਿੱਤ ਪ੍ਰਾਪਤ ਕੀਤੀ ।ਕਾਂਗਰਸੀ ਸੰਗਠਨ ਨੂੰ ਸਿਰਫ 50 ਸੀਟਾਂ ਅਤੇ 3 ਆਜ਼ਾਦ ਜਿੱਤੇ । ਜਿਵੇ ਹੀ ਮਹਾਰਾਸ਼ਟਰ ਵਿੱਚ ਸਿੱਖ ਮਸਲੇ ਦੇ ਸਾਹਮਣੇ ਆਉਣ ਨਾਲ ਕਾਂਗਰਸ ਦੀ ਬਹੁਤ ਬੁਰੀ ਹਾਰ ਹੋਈ ,ਤਦ ਦੇਸ਼ ਬਦੇਸ਼ ਵਿਚ ਇੰਦਰਾ ਖਾਨਦਾਨ ਦੇ ਸੋਨੀਆ,ਰਾਹੁਲ ਉਹਨਾਂ ਭਗਤਾਂ ਨੂੰ ਦੁੱਖ ਹੋਇਆ ਜੋ ਪਗੜੀਧਾਰੀ ਸਿੱਖ ਦਿਸਦੇ ਹਨ ?ਇਹ ਅਜਿਹਾ ਰੂਪ ਰੱਖ ਕੇ 1984 ਉਪਰੰਤ ਸਮਿਆਂ ਤੋ ਇੰਦਰਾ ਭਗਤ ਹੀ ਚਲੇ ਆਏ ਹਨ । ਅਜਿਹਾ ਹੀ ਰੂਪ ਯੂ ਕੇ ਵਿਚ ਇਕ ਜਾਅਲੀ ਐਫ ਐਸ ਓ ਹੈ , ਜਿਸ ਨੇ ਬਾਬਾ ਧੁੰਮਾਂ ਜੀ ਵਿਰੁਧ ਇਹ ਝੂਠਾ ਬਿਆਨ ਦਿੱਤਾ ਕਿ ਬੀ ਜੇ ਪੀ ਸਿੱਖ ਵਿਰੋਧੀ ਹੈ । ਲੋਕ ਸ਼ਾਇਦ ਭੁੱਲ ਜਾਂਦੇ ਹਨ ਕਿ ਇਹ ਲੋਕ ਬੀ ਜੇ ਪੀ ਦਾ ਵਿਰੋਧ ਇਸ ਕਾਰਨ ਕਰਦੇ ਹਨ ਕਿ ਇਹ ਖੁਦ ਕਾਂਗਰਸ ਰਾਜ ਵਲੋ ਸਿੱਖਾਂ ਵਿਰੁੱਧ ਹੋਏ ਅੱਤਿਆਚਾਰਾਂ ਉੱਤੇ ਪਰਦਾ ਪਾਉਂਦੇ ਹਨ ।ਐਫ ਐਸ ਓ ਦਾ ਇਹ ਢਾਂਚਾ ਕਾਂਗਰਸੀ ਹੋਣ ਕਾਰਨ ਹੀ ਰਾਹੁਲ ਗਾਂਧੀ ਨਾਲ ਸਾਂਝ ਰੱਖਦਾ ਹੈ ।ਇਸੇ ਢਾਂਚੇ ਦੇ ਇੱਕ ਮੈਂਬਰ ਮਿਸਟਰ ਗਿੱਲ ਦਾ ਰਾਹਲ ਗਾਂਧੀ ਨਾਲ ਸਾਂਝ ਪੁਗਾਊ ਦਾ ਬਿਆਨ ਇਹਨਾਂ ਦੇ ਗੰਠਜੋੜ ਦੀ ਮੂੰਹ ਬੋਲਦੀ ਕਾਂਗਰਸੀ ਬੋਲੀ ਹੈ ।ਇਹ ਲੋਕ ਕਾਂਗਰਸ ਵੱਲੋਂ ਸਿੱਖਾਂ ਦੀ ਕੀਤੀ ਨਸਲਕੁਸ਼ੀ ਤੋ ਇਨਕਾਰੀ ਹਨ ।ਜਦ ਕਿ 2016 ਵਿਚ ਭਾਰਤੀ ਪਾਰਲੀਮੈਂਟ ਵਿਚ ਸਮੇਂ ਦੇ ਹੋਮ ਮਨਿਸਟਰ ਨੇ ਐਲਾਨਿਆ ਕਿ ਨਵੰਬਰ 2984 ਵਿਚ ਕਾਂਗਰਸ ਵੱਲੋਂ ਸਿੱਖਾਂ ਦੀ ਨਸਲਕੁਸ਼ੀ ਕੀਤੀ ਗਈ ਸੀ । ਪ੍ਰਧਾਨ ਮੰਤਰੀ ਮੋਦੀ ਨੇ ਤਾਂ ਇਥੋਂ ਤੱਕ ਕਹਿ ਦਿੱਤਾ , ਕਿ ਜੇਕਰ ਦੇਸ਼ ਵਿਚ ਕਾਂਗਰਸ ਦੀ ਰਾਜ ਨਾ ਹੁੰਦਾ ,ਤਾਂ 1984 ਦਾ ਘਲੂਘਾਰਾ ਕਦੇ ਨਾ ਵਰਤਦਾ । ਇਤਨਾ ਕੁਝ ਹੁੰਦਾ ਦਿਸਣ ਦੇ ਬਾਵਜੂਦ ਵੀ "ਇੰਦਰਾ ਭਗਤਾਂ" ਅਥਵਾ ਐਫ ਐਸ ਓ ਮੋਹਰੀਆਂ ਕੋਲ ਵਿਰੋਧ ਤੋ ਬਿਨਾਂ ਕੁਝ ਵੀ ਪੱਲੇ ਦੀ ਅਕਲ ਨਹੀਂ ਹੈ ।ਮਹਾਰਾਸ਼ਟਰ ਵਿੱਚ ਕਈ ਸਾਲਾਂ ਤੋਂ ਵੱਖਰੇ ਵੱਖਰੇ ਧਿਰਾਂ ਵੱਲੋਂ ਸਿਕਲੀਗਰ ਸਿੱਖਾਂ ਦੇ ਹਾਲਾਤ ਦੀ ਮਦਦ ਵਾਸਤੇ ਕੋਸ਼ਿਸ਼ਾਂ ਹੁੰਦੀਆਂ ਰਹੀਆਂ । ਯੂ ਕੇ ਤੋ ਇੱਕ ਉਚੇਚੀ ਬਣਾਈ ਸੰਸਥਾਂ ਨੇ ਤਾਂ ਕਈ ਦਹਾਕਿਆਂ ਤੋ ਕਾਫ਼ੀ ਪੈਸਾ ਵੀ "ਸਿਕਲੀਗਰ " ਸਿੱਖਾਂ ਦੀ ਮਦਦ ਵਾਸਤੇ ਇਕੱਠਾ ਕੀਤਾ ।ਉਪਰੋਕਤ ਸੰਸਥਾ ਐਫ ਐਸ ਓ ਵਿੱਚ ਵੀ ਇੱਕ ਧਿਰ ਪੱਖੋਂ ਪ੍ਰਭਾਵ ਹੈ ।ਇਸ ਸੰਸਥਾ ਨ ਆਪਣਾ ਕੰਮ ਚਲਾਉਣ ਲਈ ਉਸ ਸਮੇਂ ਰਾਸ਼ਟਰੀ ਸਿਖ ਸੰਗਤ ਆਗੂ ਸਰਦਾਰ ਰੁਲਦਾ ਸਿੰਘ ਤੋ ਪੂਰਾ ਸਾਥ ਲੈ ਕੇ ਆਪਣਾ ਕੰਮ ਤੋਰਿਆ ਸੀ ।

ਰੁਲਦਾ ਸਿੰਘ ਟਕਸਾਲ ਵਿਚ ਸੰਤ ਜਰਨੈਲ ਸਿੰਘ ਹੋਰਾਂ ਸਮੇਂ ਦੌਰਾਨ ਦਾ ਟਕਸਾਲੀ ਵਿਦਿਆਰਥੀ ਸੀ । ਉਹ ਸਿੱਖ ਸੰਸਥਾ "ਰਾਸ਼ਟਰੀ ਸਿੱਖ ਸੰਗਤ" ਦਾ ਮੋਢੀ ਜਨਰਲ ਸਕੱਤਰ ਸੀ ।ਇਹ ਸੰਸਥਾ ਕੋਈ ਢਾਈ ਦਹਾਕੇ ਪਹਿਲਾਂ , ਜਥੇਦਾਰ ਜੋਗਿੰਦਰ ਸਿੰਘ ਵੇਦਾਂਤੀ ਦੇ ਸਮੇ , ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਅਰਦਾਸ ਕਰਕੇ ਐਲਾਨੀ (ਬਣਾਈ ) ਗਈ ਸੀ ।ਉੱਪਰ ਦੱਸੇ ਮੁਤਾਬਕ ਯੂ ਕੇ ਤੋ ਬਰਿਟਸ਼ ਸਿੱਖ ਨਾਮ ਦੀ ਜੋਸੰਸਥਾ ਸਿਕਲੀਗਰ ਸਿੱਖਾਂ ਲਈ ਬਣਾਈ ਸੀ , ਰੁਲਦਾ ਸਿੰਘ ਤੋ ਇਹਨਾਂ ਹਰ ਖੇਤਰ ਵਿੱਚ ਸਾਥ ਲਿਆ ।ਮਹਾਰਾਸ਼ਟਰ ਵਿੱਚ ਉਸ ਸਮੇ ਇੱਕ ਬੀ ਜੇ ਪੀ , ਦੇ ਐਮ ਪੀ ਦਾ ਸਾਥ ਵਰਤਿਆ ।ਯੂ ਕੇ ਤੋ ਇਹਨਾਂ ਨੇ ਪਹੁੰਚ ਕਾਨਫਰੰਸ ਤੇ ਮੀਟਿੰਗਾਂ ਕੀਤੀਆਂ ।ਸੰਨ 2004 ਦੇ ਸਮੇਂ ਦੌਰਾਨ ਰੁਲਦਾ ਸਿੰਘ ਯੂ ਕੇ ਆਇਆ ਸੀ ।ਉਹ ਪਹਿਲੀ ਵਾਰ ਮੈਨੂੰ ਸਾਊਥਾਲ ਗੁਰਦੁਆਰੇ ਮਿਲੀਆ, ਕਿ ਉਹ ਮੇਰੇ ਨਾਲ ਬਰਮਿੰਘਮ ਜਾਣਾ ਚਾਹੁੰਦਾ ਹੈ । ਕਿਉਂਕਿ ਉਸ ਨੂੰ ਪਤਾ ਲੱਗਾ ਕਿ ਮੈਂ ਸਮੈਥਿਕ ਮੀਟਿੰਗ ਤੇ ਜਾਣਾ ਸੀ ।ਉੱਥੇ ਜਾ ਕੇ ਪਤਾ ਲੱਗਾ ਕਿ ਇਸ ਦੇ ਸਾਥੀਆਂ ਨੇ ਇਸ ਨੂੰ ਸੱਦਿਆ ਸੀ । ਉਸੇ ਸ਼ਾਮ ਨੂੰ ਸਮਾਪਤੀ ਤੋਂ ਬਾਅਦ ਰੁਲਦਾ ਸਿੰਘ ਦਾ ਸਾਮਾਨ, ਬੈਗ ਵਗੈਰਾ, ਮੇਰੀ ਕਾਰ ਵਿੱਚੋਂ , ਫੈਡਰੇਸ਼ਨ ਆਗੂ ,ਸਰਦਾਰ ਕੁਲਦੀਪ ਸਿੰਘ ਚਹੇੜੂ ਨੇ ਲਿਆ ਤੇ ਰੁਲਦਾ ਸਿੰਘ ਸਮੇਤ ਦੋਨੋ ਲੈਸਟਰ ਨੂੰ ਚਲੇ ਗਏ ।ਕਿਉਂਕਿ ਚਹੇੜੂ ਸਾਹਿਬ ਵੀ ਟਕਸਾਲ ਦੇ ਸਮਰਥਕ ਸੀ , ਦੋਨਾਂ ਨੂੰ ਦੇਖ ਕੇ ਇੱਕ ਚੰਗਾ ਜਿਹਾ ਸਾਥ ਨਜ਼ਰ ਆਇਆ ।ਬਾਅਦ ਵਿੱਚ ਪਤਾ ਚੱਲਿਆ ਕਿ ਕਾਵੈਂਟਰੀ ਸਥਿਤ, ਸਿਕਲੀਗਰ ਵਾਲੀ ਬਰਿਟਿਸ਼ ਸੰਸਥਾ ਨੇ ਰੁਲਦਾ ਸਿੰਘ ਨਾਲ ਵਿਵਾਦ ਛੇੜ ਲਿਆ ।ਉਸ ਨੂੰ ਇਕੱਲੇ ਨੂੰ ਲੈਸਟਰ ਗੁਰਦੁਆਰੇ ਸਦ ਕੇ ,ਬੈਗ,ਟੈਲੀਫ਼ੋਨ ਖੋਹ ਲਏ। ਗੁਰਦੁਆਰੇ ਦੇ ਅੰਦਰ ਰੁਲਦਾ ਸਿੰਘ ਦੇ ਗਲ ਵਿੱਚ ਇਹਨਾਂ ਸੰਸਥਾ ਵਾਲਿਆ ਨੇ "ਛਿੱਤਰਾਂ " ਦਾ ਹਾਰ ਪਾ ਦਿੱਤਾ। ਪ੍ਰਧਾਨ ਮੰਗਲ ਸਿੰਘ ਨੇ ਇਹਨਾਂ ਦੇ ਘਟੀਆ ਪਨ ਦਾ ਡਟ ਕੇ ਵਿਰੋਧ ਕੀਤਾ ।ਅਜਿਹਾ ਕੋੜਾਪਨ ਸਿੱਖ ਵਿਰਸੇ ਵਿੱਚ ਨਾ ਕਦੇ ਹੋਇਆ , ਨਾ ਹੀ ਕਦੇ ਸੁਣਿਆ ਗਿਆ ਸੀ ।ਫਿਰ ਅਗਲੇ ਦਿਨ ਇੱਕ "ਚੌਧਰੀ" ਨੇ ਇਹ ਕਹਿ ਕੇ ਖਬਰ ਲੁਆਈ ਕਿ " ਆਰ ਐਸ ਐਸ ਦਾ ਰੁਲਦਾ ਸਿੰਘ ..ਸੜਕ ਤੇ ਖੜਾ ਕਰ ਦਿੱਤਾ ।ਸਿੱਖ ਸੰਸਥਾ ਦੇ ਨਾਮ ਰਾਸ਼ਟਰੀ ਸਿੱਖ ਸੰਸਥਾ ਨੂੰ ਆਰ ਐਸ ਐਸ ਲਿਖ ਕੇ ਰੁਲਦਾ ਸਿੰਘ ਤੇ ਸਮੁੱਚੇ ਸਿੱਖਾਂ ਨੂੰ ਅਪਮਾਨਿਤ ਕੀਤਾ । ਕੁਝ ਸਮਾਂ ਬਾਅਦ ਇਸੇ ਭਰਾ ਮਾਰੂ ਜੰਗ ਨੇ ਰਲਦਾ ਸਿੰਘ ਦੀ ਜਾਨ ਲੈ ਲਈ ।ਬਰਮਿੰਘਮ ਤੋ ਇਸੇ ਐਫ ਐਸ ਓ ਦੇ ਕੋਆਰਡੀਨੇਟਰ ਨੇ , ਰੁਲਦਾ ਸਿੰਘ ਬਾਰੇ ਵੈਸਟ ਲੰਡਨ ਰੇਡੀਓ ਤੋ ਨੀਵੀਂ ਭਾਸ਼ਾ ਵਿਚ ਕਿਹਾ ਕਿ "ਆਪਣੇ ਆਪ ਨੂੰ ਟਕਸਾਲੀ ਸਮਝਦਾ ਸੀ " !ਵੈਸੇ ਤਾਂ ਇਹ ਸਭ ਕੁਝ ਵੇਰਵੇ ਸਾਹਿਤ ਦਹਾਕੇ ਪਹਿਲਾਂ ਅਖ਼ਬਾਰਾਂ ਵਿਚ ਲਿਖਿਆ ਜਾ ਚੁੱਕਾ ਹੈ ।ਪਰ ਕਿਉਂਕਿ ਅੱਜ ਜਦ ਕਿ ਮਹਾਰਾਸ਼ਟਰ ਵਿਚ ਬਾਬਾ ਸਿੰਘ ਖਾਲਸਾ ਨੇ ਉੱਥੇ ਦੇ ਸਮੁੱਚੇ ਸਿੱਖ ਭਾਈਚਾਰੇ ਦੇ ਹਾਲਾਤਾਂ ਨੂੰ ਇੱਕ ਸਹੀ ਤਰੀਕੇ ਨਾਲ ਸਰਕਾਰ ਸਾਹਮਣੇ ਲਿਆਂਦਾ ਹੈ , ਤਦ ਅਜਿਹੇ ਸਮੇਂ ਸਹਿਯੋਗ ਦੇਣਾ ਦੇਸ਼ ਬਦੇਸ਼ ਦੇ ਸਿੱਖਾਂ ਦਾ ਫਰਜ ਹੈ । 1984 ਘਲੂਘਾਰੇ ਦੇ ਸ਼ਹੀਦਾਂ ਦੀ ਯਾਦਗਾਰ ਜੋ ਅਕਾਲ ਤਖ਼ਤ ਅੰਮ੍ਰਿਤਸਰ ਵਿਖੇ ਕਾਇਮ ਕੀਤੀ ਗਈ ਹੈ , ਉਹ ਵੀ ਬਾਬਾ ਹਰਨਾਮ ਸਿੰਘ ਖਾਲਸਾ ਦੇ ਸਹਿਯੋਗ ਤੇ ਕੀਤੇ ਉੱਦਮ ਦਾ ਹੀ ਸਿੱਟਾ ਹੈ ।ਇਹ ਯਾਦਗਾਰ ਵੀ ਕਾਂਗਰਸ ਰਾਜ ਦੇ ਜ਼ੁਲਮ ਦੀ ਤਸਵੀਰ ਅਤੇ ਕਾਂਗਰਸ ਰਾਜ ਦੇ ਮੱਥੇ ਦੇ ਕਲੰਕ ਦਾ ਨਤੀਜਾ ਹੈ । ਜਿਹਨਾ ਲੋਕਾਂ ਨੇ ਸਿਕਲੀਗਰ ਸਿੱਖਾਂ ਦੇ ਨਾਮ ਕਰੋੜਾਂ ਰੁਪਿਆ ਇਕੱਠਾ ਕੀਤਾ , ਰੁਲਦਾ ਸਿੰਘ ਤੇ ਮਹਾਰਾਸ਼ਟਰ ਦੇ ਸਿਆਸੀ ਢਾਂਚੇ ਨੂੰ ਇਸ ਮੁਫਾਦ ਵਿੱਚ ਵਰਤਿਆ। ਤੇ ਜੋ ਮਾਇਆ ਸਿਕਲੀਗਰ ਸਿੱਖਾਂ ਦੀ ਅਮਾਨਤ ਸੀ , ਉਸ ਨੂੰ ਇੱਕ ਹੀ ਸੱਜਣ ਆਪਣੇ ਕੰਟਰੋਲ ਵਿੱਚ ਲੈ ਲਵੇ , ਆਪਣੇ ਹੀ ਪਿੰਡ ਵਿੱਚ , ਆਪਣੇ ਹੀ ਨਾਮ ਇੱਕ ਸਕੂਲ ਖੋਹਲ ਲਵੇ।ਕਰੋੜਾਂ ਦੀ ਕੌਮੀ ਅਮਾਨਤ ਨੂੰ ਆਪਣੀ ਜਾਇਦਾਦਾਂ ਬਣਾ ਲਵੇ । , ਉਹੀ ਜਦ ਐਫ ਐਸ ਓ ਦੇ ਢੌਂਗ ਰਾਹੀਂ, ਬਾਬੇ ਹਰਨਾਮ ਸਿੰਘ ਖਾਲਸਾ ਦਾ ਵਿਰੋਧ ਕਰਨ ਲਗ ਪੈਣ , ਆਪਣਾ ਧੋਖੇ ਵਾਲਾ ਇਕੱਤਰ ਕੀਤਾ ਦਾਨ ਲੁਕਾਉਣ ਲਈ ਹੀ ਕਰ ਰਹੇ ਹਨ । ਗੱਲ ਸਹੀ ਹੀ ਕਾਰਨ ਬਣ ਕੇ ਸੰਗਤਾਂ ਸਾਹਮਣੇ ਹੈ ।ਇਹ ਲੋਕ ਕਾਂਗਰਸੀ ਹਨ ਜਾਂ ਨਹੀਂ ਪਰ ਟਕਸਾਲ ਵਿਰੋਧੀ ਸ਼ੁਰੂਆਤ ਤੋ ਹੀ ਹਨ । ਅੱਜ ਮਹਾਰਾਸ਼ਟਰ ਦੇ ਸਮੁੱਚੇ ਸਿੱਖਾਂ ਦਾ ਮਸਲਾ ਇੱਕ ਵਿਚਾਰਕ ਰੂਪ ਨਾਲ ਸਰਕਾਰੀ ਪੱਧਰ ਤੇ ਵਿਚਾਰਿਆ ਜਾ ਰਿਹਾ ਹੈ । ਸਾਨੂੰ ਚੰਗੇ ਨਤੀਜਿਆਂ ਦੀ ਆਸ ਰੱਖਣ ਹਿਤ ਸਹਿਯੋਗ ਦੇਣਾ ਚਾਹੀਦਾ ਹੈ। ••



ਪਰਮਿੰਦਰ ਸਿੰਘ ਬੱਲ
ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ.
Email:psbal46@gmail.com

ਆਵਾਜ਼ਿ ਕੌਮ AWAZE QAUM International Newspaper & WEB TV

## ਸਿੱਖ ਫੈਡਰੇਸ਼ਨ ਯੂ ਕੇ ਵੂਲਵਰਹੈਪਟਨ ਬ੍ਰਾਂਚ ਵੱਲੋਂ ਮਾਤਾ ਗੁਜਰ ਕੌਰ ਜੀ ਚਾਰ ਸਾਹਿਬਜਾਦੇ ਅਤੇ

# ਸਮੂਹ ਸ਼ਹੀਦਾਂ ਦੀ ਯਾਦ ਵਿੱਚ ਮਹਾਨ ਸ਼ਹੀਦੀ ਸਮਾਗਮ 27 ਦਸੰਬਰ ਨੂੰ




**ਵੂਲਵਰਹੈਪਟਨ, 23 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਿੱਖ ਫੈਡਰੇਸ਼ਨ ਯੂ ਕੇ ਵੂਲਵਰਹੈਪਟਨ ਬ੍ਰਾਂਚ ਵੱਲੋਂ ਕਲਗੀਧਰ ਦਸ਼ਮੇਸ਼ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਤਿਕਾਰਯੋਗ ਮਾਤਾ ਮਾਤਾ ਗੁਜਰ ਕੌਰ ਜੀ ਚਾਰ ਸਾਹਿਬਜ਼ਾਦੇ ਅਤੇ ਬਾਬਾ ਮੋਤੀ ਰਾਮ ਮਹਿਰਾ ਜੀ ਦੀ ਯਾਦ ਵਿੱਚ ਮਹਾਨ ਸ਼ਹੀਦੀ ਸਮਾਗਮ ਗੁਰੂ ਕਾ ਨਿਵਾਸ ਗੁਰਦੁਆਰਾ ਨਿਊ ਬਰਮਿੰਘਮ ਰੋਡ ਵੂਲਵਰਹੈਪਟਨ ਵਿਖੇ 27 ਦਸੰਬਰ 2024 ਦਿਨ ਸ਼ੁਕਰਵਾਰ ਨੂੰ ਕਰਵਾਏ ਜਾ ਰਹੇ ਹਨ ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿੱਖ ਫੈਡਰੇਸ਼ਨ ਯੂ ਕੇ ਦੇ ਆਗੂ ਭਾਈ ਹਰਦੀਸ਼ ਸਿੰਘ ਪੱਤੜ ਅਤੇ ਭਾਈ ਕੁਲਵੰਤ ਸਿੰਘ ਮੁਠੱਡਾ ਨੇ ਦੱਸਿਆ ਕਿ 25 ਦਸੰਬਰ ਦਿਨ ਬੁੱਧਵਾਰ ਸ਼ਾਮ ਨੂੰ ਪੰਜ ਵਜੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ 27 ਦਸੰਬਰ ਦਿਨ ਸ਼ੁਕਰਵਾਰ ਨੂੰ ਸ਼ਾਮ ਨੂੰ 5 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਉਪਰੰਤ ਕੀਰਤਨੀ ਜਥੇ, ਰਾਗੀ ਢਾਡੀ ਸੰਗਤਾਂ ਨੂੰ ਗੁਰ ਇਤਿਹਾਸ ਦੁਆਰਾ ਨਿਹਾਲ ਕਰਨਗੇ ਅਤੇ ਆਏ ਹੋਏ ਪੰਥਕ ਬੁਲਾਰੇ ਵੀ ਸੰਗਤਾਂ ਨਾਲ ਵਿਚਾਰ ਸਾਂਝੇ ਕਰਨਗੇ ਸਮੂਹ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਕਿ ਆਪ ਜੀ ਨੇ ਤਿੰਨੇ ਦਿਨ ਹੀ ਇਸ ਮਹਾਨ ਸ਼ਹੀਦੀ ਸਮਾਗਮ ਵਿੱਚ ਹਾਜ਼ਰੀਆਂ ਭਰਨ ਦੀ ਕਿਰਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

**ਸੰਗਤਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਪੁੱਜਣ ਦੀ ਅਪੀਲ : ਪੱਤੜ, ਮੁਠੱਡਾ**

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿਸਟਰ ਪੰਜਾਬ ਦੀ ਇਕ ਪਲੇਠੀ ਮੀਟਿੰਗ ਹੋਈ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 23 ਦਸੰਬਰ (ਕੁਲਜੀਤ ਸਿੰਘ ਖੋਖਰ)**-ਅੱਜ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿ ਪੰਜਾਬ ਦੇ ਸੂਬਾ ਪ੍ਰਧਾਨ ਡਾਕਟਰ ਧੰਨਾ ਮਲ ਗੋਇਲ ਜੀ ਨੇ ਵਿਸ਼ੇਸ਼ ਤੌਰ ਤੇ ਜਿਲਾ ਗੁਰਦਾਸਪੁਰ ਦੇ ਬਲਾਕ ਹਰਚੋਵਾਲ ਵਿਖੇ ਜਿਲਾ ਜਨਰਲ ਸਕੱਤਰ ਡਾਕਟਰ ਭੁਪਿੰਦਰ ਸਿੰਘ ਗਿੱਲ ਦੇ ਗ੍ਰਹਿ ਵਿਖੇ ਪਹੁੰਚ ਕੇ ਜਿਲਾ ਗੁਰਦਾਸਪੁਰ ਦੇ ਸੀਨੀਅਰ ਆਗੂਆਂ ਨਾਲ ਜਥੇਬੰਦੀ ਦੇ ਵਿਸਥਾਰ ਅਤੇ ਭਵਿੱਖ ਵਿੱਚ ਆਪਣੇ ਮਸਲੇ ਨੂੰ ਲੈ ਕੇ ਆਉਣ ਵਾਲੀ ਰਣਨੀਤੀ ਬਾਰੇ ਖੁੱਲ ਕੇ ਵਿਚਾਰ ਵਟਾਂਦਰਾ ਕੀਤਾ ਇਸ ਵਿਸ਼ੇਸ਼ ਅਹੁਦੇਦਾਰਾਂ ਦੀ ਮੀਟਿੰਗ ਦੇ ਵਿੱਚ ਸੂਬਾ ਸੀਨੀਅਰ ਮੀਤ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਿਲਾ ਲਾਲ ਸਿੰਘ ,ਜਿਲਾ ਗੁਰਦਾਸਪੁਰ ਦੇ ਪ੍ਰਧਾਨ ਡਾਕਟਰ ਪਿਆਰਾ ਸਿੰਘ ਹੰਬੋਵਾਲ, ਜਿਲਾ ਚੇਅਰਮੈਨ ਡਾਕਟਰ ਗੁਰਨੇਕ ਸਿੰਘ ਹਰਚੋਵਾਲ, ਜਿਲਾ ਜਨਰਲ ਸਕੱਤਰ ਡਾਕਟਰ ਭੁਪਿੰਦਰ ਸਿੰਘ ਗਿੱਲ, ਸਰਕਲ ਹਰਚੋਵਾਲ ਦੇ ਜਨਰਲ ਸਕੱਤਰ ਅਤੇ ਸੂਬਾ ਕਮੇਟੀ ਮੈਂਬਰ ਅਤੇ ਜਿਲ੍ਹਾ ਪ੍ਰੈਸ ਸਕੱਤਰ ਡਾ ਸਤਨਾਮ ਸਿੰਘ ਕੰਢੀਲਾ, ਸਰਕਲ ਹਰਚੋਵਾਲ ਦੇ ਸੀਨੀਅਰ ਮੀਤ ਪ੍ਰਧਾਨ ਡਾ ਦਿਲਬਾਗ ਸਿੰਘ ਭੇਟਪਤਨ, ਸਰਕਲ ਹਰਚੋਵਾਲ ਦੇ ਖਜਾਨਚੀ ਡਾ ਰਸ਼ਪਾਲ ਸਿੰਘ ਵਰਿਆਂ ਆਦਿ ਆਗੂਆਂ ਨੇ ਸੂਬਾ ਪ੍ਰਧਾਨ ਧੰਨਾ ਮਲ ਗੋਇਲ ਨਾਲ ਖੁੱਲ ਕੇ ਵਿਚਾਰ ਵਟਾਂਦਰਾ ਕੀਤਾ ਅਤੇ ਉਨਾਂ ਨੂੰ ਹਰਚੋਵਾਲ ਵਿਖੇ ਪਹੁੰਚਣ ਤੇ ਜੀ ਆਇਆ ਕਿਹਾ ।ਇਸ ਮੌਕੇ ਡਾਕਟਰ ਗੋਇਲ ਨੇ ਜਥੇਬੰਦੀ ਦੇ ਵਿਸਥਾਰ ਨੂੰ ਲੈ ਕੇ ਸਮੂਹ ਆਗੂਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੈਡੀਕਲ ਪ੍ਰੈਕਟੀਸ਼ਨਾਂ ਦੇ ਮਸਲੇ ਨੂੰ ਹੱਲ ਕਰਨ ਵਾਸਤੇ ਸਾਨੂੰ ਰਲ ਮਿਲ ਕੇ ਜਥੇਬੰਦੀ ਨੂੰ ਹੋਰ ਸਿਖਰਾਂ ਤੇ ਲੈ ਕੇ ਜਾਣ ਦੇ ਉਪਰਾਲੇ ਕਰਨ ਦੀ ਲੋੜ ਹੈ ਅਤੇ ਸਾਨੂੰ ਸਮੂਹ ਜਥੇਬੰਦੀਆਂ ਅਤੇ ਡਾਕਟਰਾਂ ਦੀ ਏਕਤਾ ਵਾਸਤੇ ਯੋਗ ਉਪਰਾਲੇ ਕਰਨੇ ਚਾਹੀਦੇ ਹਨ ਤਾਂ ਜੋ ਸਰਕਾਰਾਂ ਉੱਪਰ ਜੋਰ ਪਾ ਕੇ ਆਪਣੇ ਮਸਲੇ ਨੂੰ ਹੱਲ ਕਰਵਾਇਆ ਜਾ ਸਕੇ ।ਇਸ ਮੌਕੇ ਜਿਲ੍ਹਾ ਗੁਰਦਾਸਪੁਰ ਦੇ ਉਪਰੋਕਤ ਆਗੂਆਂ ਨੇ ਡਾਕਟਰ ਧੰਨਾ ਮਲ ਗੋਇਲ ਨੂੰ ਸਰੋਪਾ ਦੇ ਕੇ ਸਨਮਾਨ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਆਲ ਇੰਡੀਆ ਇੰਟਰ ਯੂਨੀਵਰਸਿਟੀ ਚੈਂਪੀਅਨਸ਼ਿਪ ਵਿਚ

# ਜੀ.ਕੇ.ਯੂ. ਦੀਆਂ ਖਿਡਾਰਨਾਂ ਦਾ ਸ਼ਾਨਦਾਰ ਪ੍ਰਦਰਸ਼ਨ ਜਾਰੀ





**ਤਲਵੰਡੀ ਸਾਬੋ, 23 ਦਸੰਬਰ (ਗੁਰਜੰਟ ਸਿੰਘ ਨਥੇਹਾ)**- ਡਾ. ਇੰਦਰਜੀਤ ਸਿੰਘ ਵਾਈਸ-ਚਾਂਸਲਰ ਗੁਰੂ ਕਾਸ਼ੀ ਯੂਨੂਵਰਸਿਟੀ ਦੀ ਰਹਿ-ਨੁਮਾਈ ਹੇਠ ਚੱਲ ਰਹੀ ਆਲ ਇੰਡੀਆ ਇੰਟਰ ਯੂਨੀਵਰਸਿਟੀ ਬਾਕਸਿੰਗ (ਲੜਕੀਆਂ) ਚੈਂਪੀਅਨਸ਼ਿਪ ਵਿੱਚ ਮੇਜ਼ਬਾਨ ਜੀ.ਕੇ.ਯੂ ਦੀਆਂ ਖਿਡਾਰਨਾਂ ਦਾ ਸ਼ਾਨਦਾਰ ਪ੍ਰਦਰਸ਼ਨ ਜਾਰੀ ਹੈ। ਇਸ ਮੌਕੇ ਡਾ. ਰਾਜ ਕੁਮਾਰ ਸ਼ਰਮਾ ਡਾਇਰੈਕਟਰ ਸਪੋਰਟਸ ਨੇ ਸੈਮੀ ਫਾਈਨਲ ਨਤੀਜਿਆਂ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਕ੍ਰਮਵਾਰ 46 ਕਿਲੋ ਭਾਰ ਵਰਗ ਵਿੱਚ ਗੁੱਡੀ, ਚੌਧਰੀ ਬੰਸੀ ਲਾਲ ਯੂਨੀਵਰਸਿਟੀ ਭਿਵਾਨੀ, ਮਲਿਕਾ ਮੋਰ, ਰਵਿੰਦਰ ਨਾਥ ਟੈਗੋਰ ਯੂਨੀਵਰਸਿਟੀ ਮੱਧ ਪ੍ਰਦੇਸ਼ ,50 ਕਿਲੋ ਭਾਰ ਵਰਗ ਵਿੱਚ ਤਮੰਨਾ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਪੰਜਾਬ, ਏਕਤਾ ਸਰੋਜ, ਗੁਰੂ ਕਾਸ਼ੀ ਯੂਨੀਵਰਸਿਟੀ, 52 ਕਿਲੋ ਭਾਰ ਵਰਗ ਵਿੱਚ ਪ੍ਰਿਯੰਕਾ, ਗੁਰੂ ਕਾਸ਼ੀ ਯੂਨੀਵਰਸਿਟੀ, ਮੋਹਨੀ, ਸਪੋਰਟਸ ਯੂਨੀਵਰਸਿਟੀ ਹਰਿਆਣਾ ਸੋਨੀਪਤ, 54 ਕਿਲੋ ਭਾਰ ਵਰਗ ਵਿੱਚ ਹਰਮੀਤ ਕੌਰ, ਗੁਰੂ ਕਾਸ਼ੀ ਯੂਨੀਵਰਸਿਟੀ, ਕੀਰਤੀ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, 57 ਕਿਲੋ ਭਾਰ ਵਰਗ ਵਿੱਚ ਨੇਹਾ, ਗੁਰੂ ਕਾਸ਼ੀ ਯੂਨੀਵਰਸਿਟੀ, ਵਿੰਕਾ, ਕੁਰੂਕਸ਼ੇਤਰਾ.ਯੂਨੀਵਰਸਿਟੀ ਕੁਰੂਕਸ਼ੇਤਰਾ, 60 ਕਿਲੋ ਭਾਰ ਵਰਗ ਵਿੱਚ ਨਿਕਿਤਾ ਚਾਂਦ, ਸੋਬਨ ਸਿੰਘ ਜੀਨਾ ਯੂਨੀਵਰਸਿਟੀ ਅਲਮੋੜਾ, ਵਾਗਮੇਰੇ ਵੈਸ਼ਨਵੀ, ਸਵਿਤਰੀ ਫੂਲੇ ਪੂਨੇ ਯੂਨੀਵਰਸਿਟੀ ਪੂਨੇ, 63 ਕਿਲੋ ਭਾਰ ਵਰਗ ਵਿੱਚ ਹੁਦੀਰੋਮ ਅੰਮਬੇਸ਼ਵਰੀ ਦੇਵੀ, ਮਨੀਪੁਰ ਯੂਨੀਵਰਸਿਟੀ ਮਨੀਪੁਰ, ਸਪਨਾ, ਪੰਜਾਬੀ ਯੂਨੀਵਰਸਿਟੀ ਪਟਿਆਲਾ, 66 ਕਿਲੋ ਭਾਰ ਵਰਗ ਵਿੱਚ ਲਲਿਤਾ ਗੁਰੂ ਕਾਸ਼ੀ ਯੂਨੀਵਰਸਿਟੀ, ਅਰਸ਼ਦੀਪ ਕੌਰ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, 70 ਕਿਲੋ ਭਾਰ ਵਰਗ ਵਿੱਚ ਸਨੇਹ ਗੁਰੂ ਕਾਸ਼ੀ ਯੂਨੀਵਰਸਿਟੀ, ਪ੍ਰਾਂਜਲ ਯਾਦਵ, ਚੰਡੀਗੜ੍ਹ ਯੂਨੀਵਰਸਿਟੀ ਮੁਹਾਲੀ, 75 ਕਿਲੋ ਭਾਰ ਵਰਗ ਵਿੱਚ ਨਿਕਿਤਾ ਕੁਮਾਰੀ ਮਹਾਰਾਜਾ ਗੰਗਾ ਸਿੰਘ ਯੂਨੀਵਰਸਿਟੀ ਬੀਕਾਨੇਰ, ਸ਼ਵੇਤਾ, ਮਹਾਂਰਿਸ਼ੀ ਦਇਆਨੰਦ ਸਰਸਵਤੀ ਯੂਨੀਵਰਸਿਟੀ ਅਜਮੇਰ, 81 ਕਿਲੋ ਭਾਰ ਵਰਗ ਵਿੱਚ ਏਕਤਾ, ਗੁਰੂ ਕਾਸ਼ੀ ਯੂਨੀਵਰਸਿਟੀ, ਨੈਨਾ,ਬਾਬਾ ਮਸਤ ਨਾਥ ਯੂਨੀਵਰਸਿਟੀ ਰੋਹਤਕ, 81 ਕਿਲੋ ਤੋਂ ਜ਼ਿਆਦਾ ਵਰਗ ਵਿੱਚ ਇਪਸਿਤਾ ਵਿਕਰਮ, ਛੱਤਰਪਤੀ ਸਾਹੂ ਜੀ ਮਹਾਰਾਜ ਯੂਨੀਵਰਸਿਟੀ ਕਾਨਪੁਰ, ਵੰਸ਼ਿਕਾ ਗੋਸੁਆਮੀ, ਹਿਮਾਚਲ ਯੂਨੀਵਰਸਿਟੀ ਹਿਮਾਚਲ ਪ੍ਰਦੇਸ਼ ਨੇ ਆਪਣੇ ਤਗਮੇ ਪੱਕੇ ਕੀਤੇ। ਡਾ. ਸ਼ਰਮਾ ਨੇ ਇਹ ਵੀ ਦੱਸਿਆ ਕਿ ਕੱਲ ਫਾਈਨਲ ਮੁਕਾਬਲੇ ਦੇ ਜੇਤੂਆਂ ਨੂੰ ਇਨਾਮ ਵੰਡ ਸਮਾਰੋਹ ਵਿੱਚ ਪ੍ਰੋ.(ਡਾ.) ਇੰਦਰਜੀਤ ਸਿੰਘ ਉਪ-ਕੁਲਪਤੀ ਤੇ ਪਤਵੰਤਿਆਂ ਵਲੋਂ ਇਨਾਮ ਤਕਸੀਮ ਕੀਤੇ ਜਾਣਗੇ। ਡਾ. ਬਲਵਿੰਦਰ ਕੁਮਾਰ ਸ਼ਰਮਾ, ਡੀਨ ਫੈਕਲਟੀ ਆੱਫ ਫਿਜ਼ੀਕਲ ਐਜੁਕੇਸ਼ਨ ਤੇ ਸਰਦੂਲ ਸਿੰਘ ਸਿੱਧੂ, ਡਾਇਰੈਕਟਰ ਵਿਦਿਆਰਥੀ ਭਲਾਈ ਨੇ ਦੱਸਿਆ ਕਿ ਫਾਈਨਲ ਵਿੱਚ 12 ਸੋਨ, 12 ਚਾਂਦੀ ਤੇ 24 ਕਾਂਸੇ ਦੇ ਤਗਮਿਆਂ ਦਾ ਫੈਸਲਾ ਹੋਵੇਗਾ। ਉਹਨਾਂ ਕਿਹਾ ਕਿ ਇਹਨਾਂ ਮੁਕਾਬਲਿਆਂ ਲਈ ਜੀ.ਕੇ.ਯੂ. ਵੱਲੋਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਉਹਨਾਂ ਇਹ ਵੀ ਕਿਹਾ ਕਿ ਇਸ ਚੈਂਪੀਅਨਸ਼ਿਪ ਵਿੱਚ 166 ਯੂਨੀਵਰਸਿਟੀਆਂ ਦੇ ਲਗਭਗ 1200 ਖਿਡਾਰੀਆਂ ਨੇ ਸ਼ਿਰਕਤ ਕੀਤੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

**ਫਾਈਨਲ 'ਚ 7 ਸੋਨ ਤਗਮਿਆਂ 'ਤੇ ਲਗਾਉਣਗੀਆਂ ਪੰਚ**

### ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਨਗਰ ਪੰਚਾਇਤ ਦਿੜ੍ਹਬਾ ਦੇ

# ਨਵੇਂ ਚੁਣੇ ਮੈਂਬਰਾਂ ਨੂੰ ਇਮਾਨਦਾਰੀ ਨਾਲ ਵਿਕਾਸ ਕਾਰਜ ਕਰਨ ਦਾ ਸੱਦਾ



**ਦਿੜ੍ਹਬਾ /ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਨਗਰ ਪੰਚਾਇਤ ਦਿੜ੍ਹਬਾ ਦੇ ਸਾਰੇ 13 ਵਾਰਡਾਂ ਵਿੱਚ ਜਿੱਤ ਹਾਸਿਲ ਕਰਨ ਵਾਲੇ ਮੈਂਬਰਾਂ ਨੂੰ ਮੁਬਾਰਕਬਾਦ ਭੇਟ ਕਰਦਿਆਂ ਬਹੁ ਪੱਖੀ ਵਿਕਾਸ ਨੂੰ ਪੂਰੀ ਇਮਾਨਦਾਰੀ, ਦ੍ਰਿੜਤਾ ਤੇ ਲਗਨ ਨਾਲ ਯਕੀਨੀ ਬਣਾਉਣ ਦਾ ਸੱਦਾ ਦਿੱਤਾ।ਸ. ਚੀਮਾ ਅੱਜ ਸਬ ਡਵੀਜ਼ਨਲ ਕੰਪਲੈਕਸ ਦਿੜ੍ਹਬਾ ਵਿਖੇ ਇਹਨਾਂ ਨਵੇਂ ਚੁਣੇ ਮੈਂਬਰਾਂ ਨੂੰ ਰਿਟਰਨਿੰਗ ਅਫਸਰ ਸ੍ਰੀ ਰਾਜੇਸ਼ ਸ਼ਰਮਾ ਦੁਆਰਾ ਜੇਤੂ ਸਰਟੀਫਿਕੇਟ ਵੰਡਣ ਦੀ ਰਸਮ ਅਦਾ ਕਰਨ ਮੌਕੇ ਵਿਸ਼ੇਸ਼ ਤੌਰ ਤੇ ਨਵੇਂ ਮੈਂਬਰਾਂ ਨੂੰ ਵਧਾਈ ਦੇਣ ਲਈ ਪਹੁੰਚੇ ਸਨ। ਕੈਬਨਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਖੁਸ਼ੀ ਪ੍ਰਗਟਾਉਂਦਿਆਂ ਕਿਹਾ ਕਿ ਨਗਰ ਪੰਚਾਇਤ ਦਿੜ੍ਹਬਾ ਦੇ ਇਤਿਹਾਸ ਵਿੱਚ ਅਜਿਹਾ ਪਹਿਲੀ ਵਾਰ ਹੋਇਆ ਹੈ ਕਿ ਸਾਰੀਆਂ ਹੀ ਪਾਰਟੀਆਂ ਦੇ ਜੇਤੂ ਰਹੇ ਮੈਂਬਰ ਇਕ ਮੰਚ ਉੱਤੇ ਇਕੱਠੇ ਹੋਏ ਹਨ ਅਤੇ ਭਾਈਚਾਰਕ ਸਾਂਝ ਦਾ ਸਬੂਤ ਦਿੱਤਾ ਹੈ। ਉਹਨਾਂ ਦੱਸਿਆ ਕਿ 13 ਵਾਰਡਾਂ ਵਿੱਚੋਂ 11 ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਜੇਤੂ ਰਹੇ ਹਨ ਅਤੇ ਬਾਕੀ 2 ਵਾਰਡਾਂ ਵਿੱਚ ਭਾਵੇਂ ਆਜ਼ਾਦ ਤੇ ਇਕ ਹੋਰ ਪਾਰਟੀ ਦੇ ਮੈਂਬਰ ਜੇਤੂ ਰਹੇ ਹਨ ਪਰ ਸਾਰਿਆਂ ਨੂੰ ਹੀ ਅੱਜ ਪਾਰਦਰਸ਼ਤਾ ਅਤੇ ਨਿਰਪੱਖਤਾ ਦੇ ਨਾਲ ਨਗਰ ਪੰਚਾਇਤ ਦੇ ਵਿਕਾਸ ਨੂੰ ਯਕੀਨੀ ਬਣਾਉਣ ਵਿੱਚ ਯੋਗਦਾਨ ਪਾਉਣ ਲਈ ਹੱਲਾਸ਼ੇਰੀ ਦਿੱਤੀ ਗਈ ਹੈ। ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਪਿਛਲੇ ਪੌਣੇ ਤਿੰਨ ਸਾਲਾਂ ਦੇ ਸਮੇਂ ਅੰਦਰ ਵਿਧਾਨ ਸਭਾ ਹਲਕਾ ਦਿੜਬਾ ਦੀ ਨੁਹਾਰ ਨੂੰ ਸੰਵਾਰਨ ਲਈ ਕਰੋੜਾਂ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜ ਪੜਾਅਵਾਰ ਢੰਗ ਨਾਲ ਨੇਪਰੇ ਚੜਾਏ ਗਏ ਹਨ ਜਿਨਾਂ ਵਿੱਚ ਇਹ ਲਗਭਗ 9 ਏਕੜ ਵਿੱਚ ਬਣਾਇਆ ਗਿਆ ਸਬ ਡਵੀਜ਼ਨਲ ਕੰਪਲੈਕਸ ਵੀ ਸ਼ਾਮਿਲ ਹੈ। ਉਨ੍ਹਾਂ ਕਿਹਾ ਕਿ 11 ਖੇਡਾਂ ਲਈ 7 ਕਰੋੜ ਦੀ ਲਾਗਤ ਨਾਲ ਦਿੜ੍ਹਬਾ ਵਿਖੇ ਬਣਾਏ ਜਾਣ ਵਾਲੇ ਇਨਡੋਰ ਸਟੇਡੀਅਮ ਦੇ ਨਿਰਮਾਣ ਦੀ ਸ਼ੁਰੁਆਤ ਵੀ ਜਲਦ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਵਿਕਾਸ ਕਾਰਜਾਂ ਲਈ ਪੰਜਾਬ ਸਰਕਾਰ ਕੋਲ ਫੰਡਾਂ ਦੀ ਕਿਸੇ ਕਿਸਮ ਦੀ ਕਮੀ ਨਹੀਂ ਹੈ ਅਤੇ ਲੋਕਾਂ ਨੂੰ ਸਰਵੋਤਮ ਸੇਵਾਵਾਂ ਤੇ ਬੁਨਿਆਦੀ ਸੁਵਿਧਾਵਾਂ ਉਪਲਬਧ ਕਰਵਾਉਣ ਲਈ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮੌਕੇ ਡੀਐਸਪੀ ਪ੍ਰਿਥਵੀ ਸਿੰਘ ਚਾਹਲ, ਕੈਬਨਿਟ ਮੰਤਰੀ ਦੇ ਓਐਸਡੀ ਤਪਿੰਦਰ ਸਿੰਘ ਸੋਹੀ, ਈਓ ਚੰਦਰ ਪ੍ਰਕਾਸ਼ ਵਧਵਾ ਸਮੇਤ ਵੱਖ-ਵੱਖ ਵਾਰਡਾਂ ਦੇ ਨਵੇਂ ਚੁਣੇ ਗਏ ਮੈਂਬਰ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**☛ ਰਿਟਰਨਿੰਗ ਅਫਸਰ ਰਾਜੇਸ਼ ਸ਼ਰਮਾ ਵੱਲੋਂ ਨਗਰ ਪੰਚਾਇਤ ਦਿੜ੍ਹਬਾ ਦੇ ਨਵੇਂ ਚੁਣੇ ਮੈਂਬਰਾਂ ਨੂੰ ਪ੍ਰਮਾਣ ਪੱਤਰਾਂ ਦੀ ਵੰਡ ☛ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦੀ ਮੌਜੂਦਗੀ ਵਿੱਚ ਵੰਡੇ ਪ੍ਰਮਾਣ ਪੱਤਰ**

# ਭਾਈ ਅਮਨਦੀਪ ਸਿੰਘ ਦੇ ਪਿਤਾ ਜਗਤਾਰ ਸਿੰਘ ਹੋਏ ਪੰਜ ਤੱਤ 'ਚ ਵਲੀਨ

### ਪੰਥ ਦੀਆਂ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਸ਼ਖਸ਼ੀਅਤਾਂ ਨੇ ਕੀਤਾ ਗਹਿਰੇ ਦੁੱਖ ਦਾ ਪ੍ਰਗਟਾਵਾ



**ਚੌਕ ਮਹਿਤਾ, 23 (ਬਾਬਾ ਸੁਖਵੰਤ ਸਿੰਘ ਚੰਨਣਕੇ )**-ਬਾਬਾ ਦੀਪ ਸਿੰਘ ਟਰੱਸਟ ਦੇ ਸੇਵਾਦਾਰ ਭਾਈ ਅਮਨਦੀਪ ਸਿੰਘ ਦੇ ਪਿਤਾ ਜਗਤਾਰ ਸਿੰਘ ਜੋ ਪਰਿਵਾਰ ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਸਰਦਾਰ ਜਗਤਾਰ ਸਿੰਘ ਜੀ ਦਾ ਅੰਤਿਮ ਸੰਸਕਾਰ ਗੁਰਦੁਆਰਾ ਸ਼ਹੀਦ ਗੰਜ ਦੇ ਨਜਦੀਕ ਸ਼ਮਸ਼ਾਨ ਘਾਟ ਵਿਖੇ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਧਾਰਮਿਕ ਸਮਾਜਿਕ ਅਤੇ ਰਾਜਨੀਤਿਕ ਆਗੂਆਂ ਨੇ ਭਾਈ ਅਮਨਦੀਪ ਸਿੰਘ ਜੀ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਬੀਬੀ ਕੋਲਾਂ ਜੀ ਭਲਾਈ ਕੇਂਦਰ, ਬਾਬਾ ਤਜਿੰਦਰ ਸਿੰਘ ਜਿੰਦੂ ਨਾਨਕਸਰ,ਬਾਬਾ ਹਰੀ ਸਿੰਘ ਹਰੀ ਕੇ ਪਤਨ ਵਾਲੇ, ਸ ਅਮਰਬੀਰ ਸਿੰਘ ਢੋਟ ਸਿੱਖ ਸਟੂਡੈਂਟ ਫੈਡਰੇਸ਼ਨ ,ਸਰਦਾਰ ਗੁਰਦੀਪ ਸਿੰਘ ਆਹੂਜਾ ਪ੍ਰਧਾਨ ਸੁਖਮਨੀ ਸਾਹਿਬ ਸੇਵਾ ਸੁਸਾਇਟੀ,ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਰੋਜਾਨਾ ਅਜੀਤ ਦੇ ਪੱਤਰਕਾਰ ਗੁਰਪ੍ਰੀਤ ਸਿੰਘ ਮੱਤੇਵਾਲ ਨੂੰ ਬਹੁਤ ਭਾਰੀ ਸਦਮਾ , ਸਤਿਕਾਰ ਯੋਗ ਮਾਤਾ ਗੁਰਬਚਨ ਕੌਰ ਜੀ ਹੋਇਆ ਦੇਹਾਂਤ



**ਚੌਕ ਮਹਿਤਾ, 23 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮੱਤੇਵਾਲ ਤੋਂ ਰੋਜ਼ਾਨਾ ਅਜੀਤ ਦੇ ਪੱਤਰਕਾਰ ਗੁਰਪ੍ਰੀਤ ਸਿੰਘ ਮੱਤੇਵਾਲ ਦੇ ਮਾਤਾ ਜੀ ਸ੍ਰੀਮਤੀ ਗੁਰਬਚਨ ਕੌਰ ਮੱਤੇਵਾਲ ਜ਼ੋ ਬੀਤੇ ਦਿਨੀ 21 ਦਸੰਬਰ ਨੂੰ ਦਿਲ ਦਾ ਦੌਰਾ ਪੈਣ ਕਰਕੇ ਸਦੀਵੀ ਵਿਛੋੜਾ ਦੇ ਗਏ ਸਨ ਉਨ੍ਹਾਂ ਦਾ ਅੰਤਿਮ ਸੰਸਕਾਰ ਪਿੰਡ ਮੱਤੇਵਾਲ ਦੇ ਸ਼ਮਸ਼ਾਨਘਾਟ ਵਿੱਚ ਸੈਂਕੜੇ ਸੇਜਲ ਅੱਖਾਂ ਦੀ ਮੌਜੂਦਗੀ ਵਿੱਚ ਕੀਤਾ ਗਿਆ ਇਸ ਮੌਕੇ ਉਨ੍ਹਾਂ ਦੇ ਸਪੁੱਤਰ ਗੁਰਪ੍ਰੀਤ ਸਿੰਘ ਵੱਲੋ ਚਿੱਖਾ ਨੂੰ ਅਗਨੀ ਦਿਤੀ੍ ਇਸ ਦੁੱਖ ਦੀ ਘੜੀ ਵਿੱਚ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਵੱਲੋਂ ਗੁਰਪ੍ਰੀਤ ਸਿੰਘ ਮੱਤੇਵਾਲ ਤੈ ਸਮੂਹ ਪਰਿਵਾਰ ਪਰਿਵਾਰ ਨਾਲ ਡੂੰਘੇ ਦੁਖ ਦਾ ਪ੍ਰਗਟਾਵਾ ਕੀਤਾ। ਜਿਨ੍ਹਾਂ ਵਿੱਚ ਹੋਰਨਾਂ ਤੋਂ ਇਲਾਵਾ ਸਾਬਕਾ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਪ੍ਰਿੰਸੀਪਲ ਪਰਮਬੀਰ ਸਿੰਘ ਮੱਤੇਵਾਲ, ਸਾਬਕਾ ਚੈਅਰਮੈਨ ਮਨਜੀਤ ਸਿੰਘ ਤਰਸਿਕਾ, ਪ੍ਰੋਫੈਸਰ ਸਤਬੀਰ ਸਿੰਘ ਮੱਤੇਵਾਲ, ਪ੍ਰਿੰਸੀਪਲ ਗੁਰਸੇਵਕ ਸਿੰਘ, ਪਲਵਿੰਦਰ ਸਿੰਘ ਸਰਹਾਲਾ ਡਾਇਰੈਕਟਰ ਨੋਬਲਵੀਜਨ ਸਕੂਲ, ਪਰਮਜੀਤ ਸਿੰਘ ਦੁਬਾਈ, ਬਾਬਾ ਸੁਖਵੰਤ ਸਿੰਘ ਚੰਨਣਕੇ, ਅਮਰਪਾਲ ਸਿੰਘ ਪਾਲੀ ਉਦੋਕੇ, ਦਿਲਬਾਗ ਸਿੰਘ ਕਲੇਰ ਸਰਕਲ ਪ੍ਰਧਾਨ, ਗੁਲਵਿੰਦਰ ਸਿੰਘ ਉਦੋਕੇ, ਗੁਰਬੀਰ ਸਿੰਘ ਮੱਲ੍ਹੀ ਸਮੇਤ ਰੋਜ਼ਾਨਾ ਅਜੀਤ ਤੋਂ ਪੱਤਰਕਾਰ ਭਾਈਚਾਰਾ ਤੇ ਪੰਚ ਸਰਪੰਚ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਧੂਰੀ ਹਲਕੇ ਦੇ ਵਿਕਾਸ ਕਾਰਜਾਂ ਲਈ ਵਚਨਵੱਧ ਹਨ: ਚੇਅਰਮੈਨ ਘੁੱਲੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੇ ਕੈਂਪ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਪਿੰਡ ਬੁਰਜ ਗੌਹਰਾ ਦੇ ਸਰਪੰਚ ਸ, ਗੁਰਮੇਲ ਸਿੰਘ ਦੀ ਅਗਵਾਈ ਹੇਠ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਹ ਕਿ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਧੂਰੀ ਹਲਕੇ ਦੀ ਨੁਹਾਰ ਬਦਲ ਜਾ ਰਹੇ ਹਨ।ਪਿੰਡਾਂ ਵਿੱਚ ਨਵੀਆਂ ਚੁਣੀਆਂ ਗਈਆਂ ਪੰਚਾਇਤਾਂ ਨੂੰ ਗਰਾਂਟਾਂ ਦੇ ਗੱਫੇ ਦੇ ਕੇ ਹਰ ਪਿੰਡ ਨੂੰ ਨਮੂਨੇ ਦਾ ਪਿੰਡ ਬਣਾਉਣ ਦੇ ਲਈ ਬਚਨ ਵੱਧ ਹਨ ।ਇਸ ਮੌਕੇ ਪੰਚਾਇਤ ਯੂਨੀਅਨ ਦੇ ਪ੍ਰਧਾਨ ਸਰਪੰਚ ਜੱਗਾ ਭੋਜੋਵਾਲੀ, ਉੱਘੇ ਸਮਾਜ ਸੇਵੀ ਗੁਰਪ੍ਰੀਤ ਸਿੰਘ, ਬੇਅੰਤ ਸਿੰਘ ਪੰਚ, ਪ੍ਰਗਟ ਸਿੰਘ ਪੰਚ, ਹਰਮੀਤ ਸਿੰਘ ਪੰਚ, ਪਰਮਿੰਦਰ ਕੌਰ ਪੰਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ


ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਅੱਜ ਸ਼ਹੀਦੀ ਦਿਹਾੜੇ 'ਤੇ ਵਿਸ਼ੇਸ਼

# ਹਠੀਲਾ ਸਿੰਘ ਸੀ ਭਾਈ ਤਾਰਾ ਸਿੰਘ ਜੀ 'ਵਾਂ'

**ਭਾਈ ਤਾਰਾ ਸਿੰਘ 'ਵਾਂ'** ਦੇ ਦਾਦਾ ਦਾ ਨਾਂਅ 'ਚਘਾ' ਸੀ ਤੇ 'ਚਘਾ' ਦੇ ਵਡੇਰੇ ਪਿੰਡ ਈਚੋਗਿਲ ਉਤਾੜ ਦੇ ਰਹਿਣ ਵਾਲੇ ਸਨ, ਪਰ ਇਹ ਆਪਣਾ ਪਿੰਡ ਛੱਡ ਕੇ ਪਿੰਡ 'ਵਾਂ' ਆ ਕੇ ਵੱਸ ਗਏ ਸਨ। 'ਚਘਾ' ਜੀ ਸ੍ਰੀ ਗੁਰੂ ਹਰਿਰਾਏ ਸਾਹਿਬ ਜੀ ਦੇ ਅਨਿੰਨ ਸੇਵਕ ਸ਼ਰਧਾਲੂ ਸਨ। 'ਚਘਾ' ਜੀ ਦੇ ਘਰ ਮਾਹੀ, ਜੈਤਾ ਤੇ ਗੁਰਦਾਸ ਤਿੰਨ ਪੁੱਤਰ ਪੈਦਾ ਹੋਏ ।ਗੁਰਦਾਸ ਜੀ ਛੋਟੇ ਸਨ। ਗੁਰਦਾਸ ਜੀ ਨੇ ਗੁਰੂ ਗੋਬਿੰਦ ਸਿੰਘ ਜੀ ਦੇ ਸਮੇਂ ਅੰਮ੍ਰਿਤ ਪਾਨ ਕੀਤਾ ਤੇ ਸਿੰਘ ਸੱਜ ਗਏ ।ਜਦ ਗੁਰੂ ਗੋਬਿੰਦ ਸਿੰਘ ਜੀ ਦੱਖਣ ਵਾਲੇ ਪਾਸੇ ਚਲੇ ਗਏ ਤਾਂ ਇਹ ਆਪਣੇ ਪਿੰਡ ਆ ਕੇ ਜੱਟਾਂ ਦਾ ਕੰਮ ਵਾਹੀ ਖੇਤੀ ਕਰਨ ਲੱਗ ਪਏ।



ਜਦ ਬਾਬਾ ਬੰਦਾ ਸਿੰਘ ਬਹਾਦਰ ਜੀ ਨੇ ਪੰਜਾਬ ਵੱਲ ਕੂਚ ਕੀਤਾ ਤਾਂ ਪਤਾ ਲੱਗਣ ਤੇ ਭਾਈ ਗੁਰਦਾਸ ਸਿੰਘ ਜੀ ਬਾਬਾ ਬੰਦਾ ਬਹਾਦਰ ਜੀ ਦੇ ਨਾਲ ਜੰਗਾਂ ਯੁੱਧਾਂ ਵਿੱਚ ਹਿੱਸਾ ਲੈਣ ਲੱਗੇ। ਭਾਈ ਗੁਰਦਾਸ ਜੀ ਦੇ ਘਰ ਪੰਜ ਪੁੱਤਰ ਭਾਈ ਤਾਰਾ ਸਿੰਘ, ਭਾਗ ਸਿੰਘ, ਸੰਗਤ ਸਿੰਘ, ਨਥੂ ਸਿੰਘ ਤੇ ਕਥੂ ਸਿੰਘ ਪੈਦਾ ਹੋਏ। ਭਾਈ ਤਾਰਾ ਸਿੰਘ ਸਭ ਤੋਂ ਵੱਡੇ

ਆਵਾਜ਼ਿ ਕੌਮ
AWAZE QAUM
International Newspaper & WEB TV

ਥਾਂ ਸਨ। ਭਾਈ ਤਾਰਾ ਸਿੰਘ ਦਾ ਜਨਮ 1702 ਈ: ਵਿਚ ਪਿਤਾ ਭਾਈ ਗੁਰਦਾਸ ਸਿੰਘ ਜੀ ਦੇ ਘਰ ਪਿੰਡ 'ਵਾਂ' ਵਿੱਚ ਹੋਇਆ। ਜਦੋਂ ਭਾਈ ਮਨੀ ਸਿੰਘ ਜੀ ਮਾਤਾ ਸੁੰਦਰੀ ਜੀ ਦੇ ਅਦੇਸ਼ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਸਾਂਭ ਸੰਭਾਲ ਲਈ ਆਏ ਤਾਂ ਭਾਈ ਤਾਰਾ ਸਿੰਘ 'ਵਾਂ' ਨੇ ਭਾਈ ਮਨੀ ਸਿੰਘ ਜੀ ਦੇ ਜੱਥੇ ਤੋਂ ਅੰਮ੍ਰਿਤ ਪਾਨ ਕੀਤਾ ਤੇ ਸਿੰਘ ਸਜ ਗਏ ।ਘਰ ਵਾਹੀ ਖੇਤੀ ਦਾ ਕੰਮ ਭਾਈ ਤਾਰਾ ਸਿੰਘ ਹੀ ਕਰਦੇ ਸਨ। ਭਾਈ ਤਾਰਾ ਸਿੰਘ ਨੇ ਆਪਣੇ ਖੇਤਾਂ ਵਿੱਚ ਇੱਕ ਖੁੱਲਾ ਵਾੜਾ (ਕੰਡੇ ਵਾਲੇ ਦਰੱਖਤਾਂ ਦੀ ਸੰਘਣੀ ਵਾੜ) ਵਲਿਆ ਹੋਇਆ ਸੀ। ਜਿਸ ਵਿੱਚ ਨਾ ਤਾਂ ਕੋਈ ਘੋੜੇ ਤੇ ਸਿੱਧਾ ਅੰਦਰ ਆ ਸਕਦਾ ਸੀ ਤੇ ਨਾ ਹੀ ਊਠ ਤੇ ਸਵਾਰ ਦੀ ਅੰਦਰ ਨਜ਼ਰ ਪੈ ਸਕਦੀ ਸੀ। ਸਿਰਫ ਅੰਦਰ ਆਉਣ ਜਾਣ ਲਈ ਇੱਕ ਦਰਵਾਜ਼ਾ ਸੀ ਜੋ ਅੰਦਰੋ ਬਾਹਰੋਂ ਬੰਦ ਹੋ ਜਾਂਦਾ ਸੀ ।ਅੰਦਰ ਇੱਕ ਬਹੁਤ ਹੀ ਡੂੰਘਾ ਟੋਇਆ ਪੱਟਿਆ ਹੋਇਆਂ ਸੀ, ਜਿਸ ਵਿਚ ਦਰੱਖਤਾਂ ਦੇ ਵੱਡੇ-ਵੱਡੇ ਮੁੰਢ ਸੁੱਟ ਕੇ ਅੱਗ ਲਾਈ ਜਾਂਦੀ ਸੀ ਜੋ ਸਾਰਾ ਸਿਆਲ ਮੱਘਦੇ ਰਹਿੰਦੇ ਸਨ ਤੇ ਰਾਤ ਬਰਾਤੇ ਆਏ ਸਿੰਘਾਂ ਲਈ ਪਾਲੇ ਤੋਂ ਬੱਚਣ ਦਾ ਵਧੀਆਂ ਜਰੀਆਂ ਸੀ।

ਭਾਈ ਤਾਰਾ ਸਿੰਘ ਆਪਣੀ ਕਿਰਤ ਕਮਾਈ ਵਿੱਚੋਂ ਵੰਡ ਕੇ ਛੱਕਣ ਨੂੰ ਤਰਜੀਹ ਦਿੰਦੇ ਸਨ। ਇਸੇ ਲਈ ਇੰਨ੍ਹਾਂ ਦੇ ਵਾੜੇ ਵਿੱਚ ਗੁਰੂ ਕਾ ਅਤੁੱਟ ਲੰਗਰ ਚੌਵੀ ਘੰਟੇ ਚੱਲਦਾ ਰਹਿੰਦਾ ਸੀ। ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਤੋਂ ਬਾਅਦ ਜ਼ਕਰੀਆ ਖਾਨ ਨੇ ਬਚੇ ਹੋਏ ਸਿੰਘਾਂ ਤੇ ਹੱਦੋ ਵੱਧ ਸਖਤੀ ਕੀਤੀ ਤਾਂ ਸਿੰਘ ਸਭ ਕੁਝ ਛੱਡ ਕੇ ਜੰਗਲਾਂ ਵਿੱਚ ਚਲੇ ਸਨ। ਆਪਣੇ ਗੁਜ਼ਰ ਬਸਰ ਵਾਸਤੇ ਮੁਗਲਾਂ, ਪਠਾਣਾਂ, ਸੌਦਾਗਰਾਂ ਤੇ ਸਰਕਾਰੀ ਖਜ਼ਾਨਿਆਂ ਨੂੰ ਆਪਣੀ ਲੁੱਟ ਦਾ ਸ਼ਿਕਾਰ ਬਣਾਉਂਦੇ ਸਨ ਤੇ ਫਿਰ ਜੰਗਲਾਂ ਵਿੱਚ ਰੂਪੋਸ਼ ਹੋ ਜਾਦੇ ਸਨ ਤੇ ਰਾਤ ਭਾਈ ਤਾਰਾ ਸਿੰਘ ਦੇ ਵਾੜੇ ਵਿੱਚ ਲੰਗਰ ਪਾਣੀ ਛੱਕਣ ਤੇ ਅਰਾਮ ਕਰਨ ਲਈ ਆ ਜਾਂਦੇ ਸਨ। ਸਵੇਰ ਹੋਣ ਤੇ ਫਿਰ ਨਿਕਲ ਜਾਂਦੇ ਸਨ।

ਦੂਜਾ ਭਾਈ ਤਾਰਾ ਸਿੰਘ 'ਵਾਂ' ਘੋੜਿਆਂ ਦੇ ਚੰਗੇ ਪਾਰਖੂ ਤੇ ਘੋੜਿਆਂ ਦੀ ਦਵਾ ਦਾਰੂ ਬਾਰੇ ਬਾਖੂਬੀ ਜਾਣਦੇ ਸਨ। ਇਸ ਲਈ ਇੰਨ੍ਹਾਂ ਦੇ ਵਾੜੇ ਦੀ ਚਾਰੇ ਪਾਸੇ ਚਰਚਾ ਸੀ। ਜ਼ਿਆਦਾਤਰ ਸਿੰਘ ਇਸ ਵਾੜੇ ਵਿੱਚ ਹੀ ਆ ਕੇ ਠਹਿਰਦੇ ਸਨ। ਉੱਧਰ ਜਦ ਨੌਸ਼ਿਹਰੇ ਢਾਲੇ ਦੇ ਚੌਧਰੀ ਸਾਹਿਬ ਰਾਏ ਨੇ ਪਿੰਡ 'ਪਢਾਣਾ' ਦੇ ਦੋ ਸਿੰਘਾਂ ਭਾਈ ਮਾਲੀ ਸਿੰਘ ਤੇ ਭਾਈ ਗੁਰਬਖਸ਼ ਸਿੰਘ ਦੀ ਫਸਲ ਘੋੜੀਆਂ ਛੱਡ ਕੇ ਉਜਾੜ ਦਿੱਤੀ ਤਾਂ ਇੰਨ੍ਹਾਂ ਸਿੰਘਾਂ ਦੇ ਰੋਕਣ ਤੇ ਕੇਸਾਂ ਦੇ ਰੱਸੇ ਵੱਟਣ ਤੇ ਮੌਤ ਦੀਆਂ ਧਮਕੀਆਂ ਦੇਣ ਲੱਗਾ ਤੇ ਕਈ ਬੋਲ ਕੁਬੋਲ ਬੋਲਣ ਲੱਗਾ। ਇੰਨ੍ਹਾਂ ਦੋਵਾਂ ਸਿੰਘਾਂ ਨੇ ਇਸ ਦੀਆਂ ਘੋੜੀਆਂ ਰਾਤੋ ਰਾਤ ਕਿਧਰੇ ਦੂਰ ਦੁਰਾਡੇ ਭਿੱਜਵਾ ਦਿੱਤੀਆਂ ਤੇ ਆਪ ਭਾਈ ਤਾਰਾ ਸਿੰਘ ਦੇ ਵਾੜੇ ਵਿੱਚ ਚਲੇ ਗਏ। ਚੌਧਰੀ ਸਾਹਿਬ ਰਾਏ ਵੀ ਮਗਰ ਹੀ ਪਹੁੰਚ ਗਿਆ ਤੇ ਭਾਈ ਤਾਰਾ ਸਿੰਘ ਤੇ ਦੋਸ਼ ਲਾਇਆ। ਉੱਥੇ ਮੌਜੂਦ ਸਿੰਘਾਂ ਨੇ ਇਸ ਨੂੰ ਫੜ ਕੇ ਹੱਡੀਆਂ ਨੂੰ ਚੰਗਾ ਸੇਕ ਦਿੱਤਾ। ਇਹ ਬੜੀ ਮੁਸ਼ਕਿਲ ਨਾਲ ਜਾਨ ਬਚਾ ਕੇ ਪੱਟੀ ਦੇ ਫੌਜਦਾਰ 'ਜ਼ਾਫਰ ਬੇਗ' ਦੀ ਕਚਹਿਰੀ ਵਿੱਚ ਪੁੱਜਾ ਤੇ ਸਿੱਖਾਂ ਦੀ ਵੱਧਦੀ ਹੋਈ ਤਾਕਤ ਨੂੰ ਕਾਬੂ ਕਰਨ ਦੇ ਵਾਸਤੇ ਪਾਉਣ ਲੱਗਾ ।ਇਹ ਖਬਰ ਲਾਹੌਰ ਜਕਰੀਆਂ ਖਾਨ ਤੱਕ ਪਹੁੰਚ ਗਈ ਤਾਂ ਉਸਨੇ ਮੋਮਨ ਖਾਨ ਨੂੰ ਭਾਰੀ ਭਰਕਮ ਪੈਦਲ ਤੇ ਘੋੜ ਸਵਾਰ ਫੌਜ, ਭਾਰੀ ਗੋਲੀ ਸਿੱਕਾ ਦੇ ਕੇ ਭਾਈ ਤਾਰਾ ਸਿੰਘ ਨੂੰ ਗ੍ਰਿਫਤਾਰ ਕਰਨ ਲਈ ਭੇਜਿਆ।

ਭਾਈ ਤਾਰਾ ਸਿੰਘ ਨੂੰ ਖਬਰ ਮਿਲ ਗਈ ਕਿ ਫੌਜਾਂ ਚੜ੍ਹ ਆਈਆਂ ਹਨ ਤਾਂ ਸਿੰਘਾਂ ਨੇ ਮਤਾ ਪਕਾਇਆ ਕਿ ਸਿਰਫ 18 ਸਿੰਘ ਹੀ ਇਸ ਫੌਜ ਦੇ ਮੁਕਾਬਲੇ ਤੇ ਡੱਟੇ ਰਹਿਣਗੇ ਤੇ ਬਾਕੀ ਦਰਿਆ ਪਾਰ ਮਾਲਵੇ ਖੇਤਰ ਵੱਲ ਚਲੇ ਜਾਣ। ਫੌਜ ਨੇ ਆਣ ਘੇਰਾ ਪਾਇਆ ਤੇ ਰਾਤ ਹੋਣ ਕਾਰਨ ਸਵੇਰ ਦੀ ਉਡੀਕ ਹੋਣ ਲੱਗੀ। ਭਾਈ ਸਾਹਬ ਜਾਣ ਗਏ ਕਿ ਸ਼ਹੀਦੀਆਂ ਪਾਉਣ ਦਾ ਵਕਤ ਆ ਗਿਆ ਹੈ। ਅੰਮ੍ਰਿਤ ਵੇਲੇ ਇਸ਼ਨਾਨ ਕਰ ਅਰਦਾਸਾ ਸੋਧ ਜੈਕਾਰੇ ਲਾਏ, ਨਗਾਰੇ ਤੇ ਚੋਟਾਂ ਲਾ ਘਮਸਾਨ ਦਾ ਯੁੱਧ ਸ਼ੁਰੂ ਹੋਇਆ। ਸਿੰਘਾਂ ਨੇ ਵੱਡੇ-ਵੱਡੇ ਅਫਸਰ ਤੱਕੀ ਬੇਗ, ਮੁਰੀਦ ਖਾਨ, ਮਨਸਾ ਰਾਮ ਤੇ ਦਯਾ ਰਾਮ ਨੂੰ ਪਾਰ ਬੁਲਾ ਦਿੱਤਾ। ਬਾਹਰੋਂ ਹਨੇਰੀ ਵਾਂਗ ਆਏ ਪਿੰਡ ਕਰਬਾਠ ਦੇ ਦੋ ਤਿੰਨ ਸਿੰਘ ਫੌਜ ਦੀ ਵੱਢ ਟੁੱਕ ਕਰਕੇ ਅੰਦਰਲੇ ਸਿੰਘਾਂ ਨਾਲ ਜਾ ਰਲੇ। ਰਾਤ ਹੋਣ ਤੇ ਜੰਗ ਫਿਰ ਰੁਕ ਗਈ।

ਅਗਲੀ ਸਵੇਰ 24 ਦਸੰਬਰ 1725 ਈ: ਨੂੰ ਫਿਰ ਜੰਗ ਸ਼ੁਰੂ ਹੋਈ ਜ਼ੁਲਮ ਦਾ ਟਾਕਰਾ, ਫੌਜ ਦਾ ਹੱਦੋਂ ਵੱਧ ਨੁਕਸਾਨ ਕਰਕੇ 21 ਸਿੰਘ ਸ਼ਹੀਦੀ ਪ੍ਰਾਪਤ ਕਰ ਗਏ ਮੋਮਨ ਖਾਨ ਭਾਈ ਤਾਰਾ ਸਿੰਘ ਸਮੇਤ ਸਾਰੇ ਸਿੰਘਾਂ ਦੇ ਸਿਰ ਨੇਜ਼ਿਆ ਉੱਪਰ ਟੰਗ ਕੇ ਲਾਹੌਰ ਪਹੁੰਚ ਗਿਆ। ਭਾਈ ਤਾਰਾ ਸਿੰਘ 'ਵਾਂ' ਜੀ ਦੀ ਸ਼ਹੀਦੀ ਤੋਂ ਬਾਅਦ ਅਗਲੇ ਹੀ ਸਾਲ 'ਸਰਬੱਤ ਖਾਲਸਾ' ਨੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦੇਣ ਦਾ ਫੈਸਲਾ ਕੀਤਾ। ਸਿੱਖ ਕੌਮ ਅਜਿਹੇ ਬਹਾਦਰ, ਨਿੱਡਰ , ਨਿਰਭੈ ਤੇ ਸੂਰਬੀਰ ਯੋਧਿਆਂ ਨੂੰ ਕੋਟਿਨ-ਕੋਟਿ ਪ੍ਰਣਾਮ ਕਰਦੀ ਹੈ।

**-ਧਰਮਿੰਦਰ ਸਿੰਘ (ਚੱਬਾ)**
**ਪਿੰਡ ਤੇ ਡਾਕ:ਚੱਬਾ, ਤਰਨ ਤਾਰਨ ਰੋਡ, ਅੰਮ੍ਰਿਤਸਰ**

ਅੱਜ ਬਰਸੀ 'ਤੇ ਵਿਸ਼ੇਸ਼

# ਸੰਤ ਬਾਬਾ ਠਾਕੁਰ ਸਿੰਘ ਜੀ ਭਿੰਡਰਾਂਵਾਲੇ

**ਸਤਿਗੁਰ ਬਚਨ ਕਮਾਏ ਜਿਨਿ ਜੀਤੇ ਪੰਚ ਬਿਕਾਰ**
**ਤਿਨੁ ਸੰਤਨੁ ਕਉ ਬੰਦਨਾ ਸਿਰੁ ਚਰਨਨਿ ਪਰ ਧਾਰਿ**

ਸੰਤ ਬਾਬਾ ਠਾਕੁਰ ਸਿੰਘ ਜੀ ਮਹਾਂਪੁਰਸ਼ਾਂ ਨੂੰ ਸਿੰਘਾਂ ਨੇ ਦੱਸਿਆ ਕਿ ਬਾਬਾ ਜੀ ਬੜਾ ਕਹਿਰ ਹੋਇਆ,ਪਾਪੀ ਜਾਲ੍ਹਮ ਪੂਹਲੇ ਨੇ ਭਾਈ ਬਲਵਿੰਦਰ ਸਿੰਘ ਜਟਾਣਾ ਦਾ ਪਰਿਵਾਰ ਜਿਊਂਦਾ ਸਾੜ੍ਹ ਦਿੱਤਾ ਹੈ।

ਮਹਾਂਪੁਰਸ਼ ਕਹਿਣ ਲੱਗੇ "ਸਿੰਘੋ ਪੂਹਲਾ ਵੀ ਜਿਊਂਦਾ ਹੀ ਸੜ੍ਹ ਕੇ ਮਰੂਗਾ"

ਇਹ ਬਚਨ ਮਹਾਂਪੁਰਖਾਂ ਨੇ ਅਗਸਤ 1991 ਵਿਚ ਕਹੇ ਸਨ ਜੋ ਅਗਸਤ 2008 ਵਿਚ ਪੂਰੇ ਹੋਏ ਜਦੋਂ ਅੰਮ੍ਰਿਤਸਰ ਦੀ ਜ਼ੇਲ੍ਹ ਵਿਚ

ਆਵਾਜ਼ਿ ਕੌਮ
AWAZE QAUM
International Newspaper & WEB TV

ਪੂਹਲੇ ਨੂੰ ਮਾਝੇ ਦੇ ਦੋ ਸਿੰਘਾਂ ਤੇਲ ਪਾ ਕੇ ਜਿਊਂਦਾ ਫੂਕ ਦਿੱਤਾ ਇਤਫਾਕਨ ਉਸ ਦਿਨ ਵੀ ਅਗਸਤ ਦੀ ਉਹੀ ਤਰੀਕ ਸੀ ।

ਦਮਦਮੀ ਟਕਸਾਲ ਵਿਖੇ ਦਰਸ਼ਨ ਦੀਦਾਰ ਲਈ ਇਕ ਗੁਰਸਿੱਖ ਪਰਿਵਾਰ ਆਇਆ ਜਿੰਨਾ ਨੇ ਬਾਬਾ ਜੀ ਨੂੰ ਲੈਂਸਰ ਕਾਰ ਭੇਟਾ ਕੀਤੀ ਤਾਂ ਬਾਬਾ ਜੀ ਨੇ ਕਿਹਾ ਕਿ ਸਾਡੇ ਕੋਲ ਤੇ ਗੁਜ਼ਾਰੇ ਯੋਗ ਸਾਧਨ ਹਨ, ਇਹ ਕਾਰ ਸਾਨੂ ਨਹੀਂ ਚਾਹੀਦੀ,ਪਰਿਵਾਰ ਨੇ ਬੇਨਤੀ ਕੀਤੀ ਬਾਬਾ ਜੀ ਆਪ ਜੀ ਇਹ ਪ੍ਰਵਾਨ ਕਰ ਲਵੋ ,ਉਸੇ ਵਕਤ ਸ਼ਹੀਦ ਭਾਈ


ਸ਼ਮਸ਼ੇਰ ਸਿੰਘ ਜੇਠੂਵਾਲ

ਹਰਜਿੰਦਰ ਸਿੰਘ ਜੀ ਦੇ ਮਾਤਾ ਜੀ ਬਾਬਾ ਜੀ ਕੋਲ ਦਰਸ਼ਨਾਂ ਨੂੰ ਆਏ,ਮਾਤਾ ਜੀ ਦੇ ਪੈਰਾਂ ਵਿਚ ਰਬੜ੍ਹ ਦੀਆਂ ਚੱਪਲਾਂ ਪਹਿਨੀਆਂ ਸਨ,ਬਾਬਾ ਠਾਕੁਰ ਸਿੰਘ ਜੀ ਨੇ ਸਿੰਘਾਂ ਨੂੰ ਕਿਹਾ "ਸਿੰਘੋ ਆਹ ਵੇਖੋ ਸ਼ਹੀਦ ਦੀ ਮਹਾਨ ਮਾਤਾ ਜੀ ਨੇ ਰਬੜ੍ਹ ਦੀਆਂ ਚੱਪਲਾਂ ਪਹਿਨੀਆਂ ਨੇ ਤੇ ਮੈਂ ਮਹਿੰਗੀਆਂ ਕਾਰਾ ਚ ਕਿਵੇਂ ਬੈਠ ਸਕਦਾ ਹਾਂ...?

ਗੁਰੂ ਕੀ ਖੁਸ਼ੀ ਇਸ ਗੱਲ ਵਿਚ ਹੈ ਕਿ ਇਹ ਕਾਰ ਵੇਚ ਕੇ ਸਾਰੀ ਰਕਮ ਇਸ ਮਾਤਾ ਜੀ ਦੇ ਚਰਨਾਂ ਚ ਰੱਖ ਦੇਵੋ÷ਇਹ ਸੁਣ ਕੇ ਸੇਵਕ ਪਰਿਵਾਰ ਨੇ ਬੇਨਤੀ ਕੀਤੀ ਬਾਬਾ ਜੀ ਆਪ ਜੀ ਕਾਰ ਚ ਚਰਨ ਪਾ ਦੇਵੋ ਇਹ ਕਾਰ ਅਸੀਂ ਘਰ ਚ ਰੱਖ ਲਵਾਂਗਾ ਤੇ ਕਾਰ ਦੀ ਰਕਮ ਹੁਣੇ ਲਿਆ ਕੇ ਸ਼ਹੀਦ ਹਰਜਿੰਦਰ ਸਿੰਘ ਜੀ ਦੇ ਮਾਤਾ ਜੀ ਨੂੰ ਭੇਂਟ ਕਰ ਦੇਂਦੇ ਹਾਂ,ਫੇਰ ਉਸ ਪਰਿਵਾਰ ਨੇ ਕਾਰ ਦੀ ਸਾਰੀ ਰਕਮ ਮਾਤਾ ਜੀ ਨੂੰ ਦੇ ਦਿਤੀ।

ਪਿਛੇ ਜਹੇ ਨਾਮਧਰੀਕ ਨਿੰਦਕਾਂ ਨੇ ਜਦੋਂ ਮਹਾਂਪੁਰਸ਼ਾਂ ਬਾਰੇ ਕੂੜ੍ਹ ਪ੍ਰਚਾਰ ਕੀਤਾ ਤਾਂ ਉਨਾ ਦਾ ਮੂੰਹ ਭੰਨਣ ਲਈ ਅਮਰ ਸ਼ਹੀਦ ਭਾਈ ਜੁਗਰਾਜ ਸਿੰਘ ਦੀ ਧੀ ਨੇ ਵਿਦੇਸ਼ ਦੀ ਧਰਤੀ ਤੋਂ ਲਾਈਵ ਵੀਡੀਓ ਰਾਂਹੀ ਦੱਸਿਆ ਕਿ ਮਹਾਂਪੁਰਸ਼ ਸਿੰਘਾਂ ਨੂੰ ਏਨਾ ਪਿਆਰ ਕਰਦੇ ਸਨ ਜਿਸਦੀ ਮਿਸਾਲ ਜਦੋਂ ਮੇਰੇ ਪਿਤਾ ਸ਼ਹੀਦ ਹੋਏ ਬਾਬਾ ਜੀ ਪੈਦਲ ਚੱਲ ਕੇ ਸਾਡੇ ਘਰ ਆਏ ਤੇ ਕਹਿਣ ਲੱਗੇ "ਮੇਰਾ ਪੁੱਤ ਸ਼ਹੀਦ ਹੋ ਗਿਆ" ਸ਼ਹੀਦੀ ਤੋਂ ਬਾਅਦ ਮੇਰੀ ਮਾਂ ਨੂੰ ਮਨ ਹੀ ਮਨ ਮੇਰੀ ਬੜੀ ਚਿੰਤਾ ਸੀ ਬਾਬਾ ਜੀ ਨੇ ਮੈਨੂੰ ਗੋਦੀ ਚੁੱਕਿਆ ਤੇ ਕਹਿਣ ਲੱਗੇ ਇਹ ਮੇਰੀ ਧੀ ਹੈ ਤੁਸਾ ਚਿੰਤਾ ਨਹੀ ਕਰਨੀ ਅਸੀ ਇਸਦਾ ਵਿਆਹ ਕਰਾਂਗੇ ਤੇ ਦਾਜ ਵਿਚ ਗੱਡੀ ਦਿਆਂਗੇ।

ਸਾਰੀ ਉਮਰ ਏਨਾ ਪਿਆਰ ਕਰਦੇ ਰਹੇ ਕਿ ਜਦੋਂ ਵਿਦੇਸ਼ ਤੋਂ ਆਉਂਦੇ ਕੰਬਲ ਤੇ ਹੋਰ ਜਰੂਰਤ ਦੀਆਂ ਵਸਤਾਂ ਲੈ ਕੇ ਆਉਂਦੇ ਉਨ੍ਹਾਂ ਵਰਗਾ ਕੌਣ ਹੋ ਸਕਦਾ,ਉਹ ਤੇ ਸਾਡੇ ਲਈ ਉਸ ਬਿਖੜੇ ਸਮੇਂ ਰੱਬ ਸਨ।

ਸਿੰਘ ਸਾਹਿਬ ਗਿਆਨੀ ਜਸਵੰਤ ਸਿੰਘ ਜੀ ਨੇ ਕਥਾ ਦੌਰਾਨ ਦੱਸਿਆ ਕਿ ਇਕ ਸਬਜੀ ਵੇਚਣ ਵਾਲਾ ਜੱਲਿਆ ਵਾਲਾ ਬਾਗ਼ ਦੇ ਬਾਹਰ ਬਤਾਊ ਵੇਚ ਰਿਹਾ ਸੀ,ਬਾਬਾ ਠਾਕੁਰ ਸਿੰਘ ਜੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨਾਂ ਉਪਰੰਤ ਬਾਹਰ ਆ ਰਹੇ ਸਨ,ਏਨੇ ਚਿਰ ਨੂੰ ਕਹਿਣ ਲੱਗੇ ਸਿੰਘੋ ਅਸੀ ਬਤਾਂਊ ਲੈਣੇ ਆ ਅੱਜ ਏਥੋਂ ।

ਸਾਰੇ ਸਿੰਘ ਹੈਰਾਨੀ ਕਿ ਬਤਾਂਊ ਕੀ ਕਰਨੇ...?

ਇਹ ਤਾਂ ਲੰਗਰ ਇੰਚਾਰਜ਼ ਦਾ ਕੰਮ ਹੈ,ਟਕਸਾਲ ਮੁਖੀ ਨੂੰ ਇਹ ਕੰਮ ਕਿਥੇ ਸ਼ੋਭਦੇ...?


ਚਲੋ ਗੱਲਾਂ ਬਾਤਾਂ ਵਿਚ ਇਕ ਗਰੀਬ ਕਿਸਾਨ ਜਿਹੜਾ ਭੁੱਜੇ ਬਤਾਂਊਆਂ ਦੀ ਪੰਡ ਰੱਖ ਵੇਚ ਰਿਹਾ ਸੀ ਉਸ ਕੋਲ ਗਏ ਤੇ ਭਾਅ ਪੁੱਛਿਆ ਤੇ ਬਾਬਾ ਜੀ ਕਹਿੰਦੇ ਸਾਰੇ ਹੀ ਲੈਣੈਂ ਆ ਜੋ ਕੁੱਲ ਪੈਂਤੀ ਕਿਲੋ ਦੇ ਕਰੀਬ ਸਨ ।

ਰਮਜ਼ ਦਾ ਨਾ ਸਿੰਘਾਂ ਨੂੰ ਪਤਾ ਸੀ ਨਾ ਗਰੀਬ ਕਿਸਾਨ ਨੂੰ,ਬਾਬਾ ਜੀ ਪੁੱਛਣ ਲੱਗੇ ਕੀ ਗੱਲ ਸਿੰਘਾ ਦੁਖੀ ਬੜਾ ਲੱਗਦਾਂ...?

ਕਹਿੰਦਾ ਮਹਾਰਾਜ ਮੇਰੇ ਸਿਰ ਤੇ ਇਕ ਲੱਖ ਪੈਂਤੀ ਹਜਾਰ ਦਾ ਕਰਜਾ ਹੈ ਲੈਣ ਦੇਣ ਵਾਲੇ ਲੋਕ ਬਹੁਤ ਦੁਖੀ ਕਰਦੇ ਆ ਮੈਂ ਕੀ ਕਰਾਂ...? ਗੁਰੂ ਰਾਮਦਾਸ ਮਹਾਰਾਜ ਅੱਗੇ ਅਰਦਾਸ ਤੋਂ ਸਿਵਾਏ ਕੁਝ ਨਹੀ ਕਰ ਸਕਦਾ,ਬਾਬਾ ਠਾਕੁਰ ਸਿੰਘ ਜੀ ਕਹਿਣ ਲੱਗੇ "ਸਿੰਘੋ ਦਿਓ ਇਕ ਲੱਖ ਪੈਂਤੀ ਹਜਾਰ"

ਸਿੰਘਾਂ ਨੂੰ ਹੁਣ ਰਮਜ਼ ਦਾ ਪਤਾ ਲੱਗ ਚੁੱਕਾ ਸੀ ਕਿ ਇਹ ਖੇਡ ਤਾਂ ਗੁਰੂ ਰਾਮਦਾਸ ਮਹਾਰਾਜ ਜੀ ਨੇ ਬਾਬਾ ਜੀ ਰਾਂਹੀ ਵਰਤਾਈ ਹੈ। ਹੈ ਕੋਈ ਐਸਾ ਸੰਤ ਜੋ ਕਿਰਤੀਆਂ ਨੂੰ ਪੈਂਤੀ ਕਿਲੋ ਬਤਾਊਆਂ ਬਦਲੇ ਇਕ ਲੱਖ ਪੈਂਤੀ ਹਜਾਰ ਰੁਪਏ ਦੇ ਦੇਵੇ ।

ਹਰ ਵੇਲੇ ਗੁਰਬਾਣੀ ਪੜ੍ਹਨ,ਸ੍ਰਵਣ ਕਰਨ ਵਾਲੇ ਅਣਡਿੱਠੀ ਦੁਨੀਆਂ ਦੇ ਵਾਸੀ ਬ੍ਰਹਮਗਿਆਨੀ ਮਹਾਂਪੁਰਸ਼ ਅੱਜ ਦੇ ਦਿਨ 24 ਦਸੰਬਰ 2004 ਨੂੰ ਸਵਾਸਾਂ ਦੀ ਪੂੰਜੀ ਸਫ਼ਲ ਕਰਦਿਆਂ ਅਕਾਲ ਚਲਾਣਾ ਕਰ ਗਏ ਸਨ,ਮਹਾਂਪੁਰਸ਼ਾ ਦੀ ਘਾਲਣਾ ਕਮਾਈ ਨੂੰ ਕੋਟਾਨਿ ਕੋਟਿ ਨਮਸ਼ਕਾਰ।



### ਸਾਹਿਬਜ਼ਾਦਿਆਂ ਦੀ ਲਾਸ਼ਾਨੀ ਸ਼ਹਾਦਤ ਦੇ ਸੁਨਹਿਰੀ ਇਤਿਹਾਸ ਨਾਲ ਜੋੜਨ ਲਈ

# ਮੌਂਟੀ ਕੌਛੜ ਵਲੋਂ ਕਰਵਾਏ ਗਏ ਬੱਚਿਆਂ ਦੇ ਚਿੱਤਰਕਾਰੀ ਮੁਕਾਬਲੇ



**ਨਵੀਂ ਦਿੱਲੀ 23 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:- ਚਾਰ ਸਾਹਿਬਜਾਦਿਆਂ ਦੀ ਲਾਸ਼ਾਨੀ ਸ਼ਹਾਦਤ ਨੂੰ ਸਮਰਪਿਤ ਗੁਰਦੁਆਰਾ ਸਿੰਘ ਸਭਾ ਰਾਜੋਰੀ ਗਾਰਡਨ ਵਿਖ਼ੇ ਨਿੱਕੇ ਨਿੱਕੇ ਬੱਚਿਆਂ ਨੂੰ ਉਨ੍ਹਾਂ ਦੇ ਸੁਨਹਿਰੀ ਇਤਿਹਾਸ ਨਾਲ ਜੋੜਨ ਲਈ ਇੰਦਰਪ੍ਰੀਤ ਸਿੰਘ ਮੌਂਟੀ ਜੋ ਕਿ ਦਿੱਲੀ ਸਿੱਖ ਗੁਰਦੁਆਰਾ ਕਮੇਟੀ ਦੇ ਨੌਜੁਆਨ ਮੈਂਬਰ ਅਤੇ ਸਮਾਜ ਸੇਵੀ ਹਨ ਵਲੋਂ ਜਪਤਪ ਸਮਾਗਮ ਕਰਵਾ ਕੇ ਸੰਗਤਾਂ ਨੂੰ ਗੁਰੂਘਰ ਨਾਲ ਜੋੜਨ ਦਾ ਵਿਸ਼ੇਸ਼ ਉਪਰਾਲਾ ਕੀਤਾ ਗਿਆ । ਇਸ ਮੌਕੇ ਬੱਚਿਆਂ ਨੇ ਆਪਣੇ ਹੱਥੀਂ 35 ਅੱਖਰੀ ਲਿਖਣ ਦੇ ਨਾਲ ਸਾਹਿਬਜਾਦਿਆਂ ਦੇ ਚਿੱਤਰ ਬਣਾਏ ਸਨ । ਚਿੱਤਰਕਾਰੀ ਵਿਚ ਹਿੱਸਾ ਲੈਣ ਵਾਲੇ ਬੱਚਿਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ ਸੀ । ਇਸ ਮੌਕੇ ਗੁਰਦੁਆਰਾ ਸਾਹਿਬ ਵਿਖ਼ੇ ਕੀਰਤਨ ਦਰਬਾਰ ਅਤੇ ਗੁਰਬਾਣੀ ਕਥਾ ਦਾ ਵੀ ਪ੍ਰੋਗਰਾਮ ਕਰਵਾਇਆ ਗਿਆ ਸੀ ਜਿਸ ਵਿਚ ਰਾਗੀ ਵਰਿੰਦਰ ਸਿੰਘ ਅਤੇ ਗੁਰਮਤਿ ਵਿਚਾਰਾਂ ਨਾਲ ਕਥਾਵਾਚਕ ਗਿਆਨੀ ਸੁਖਜੀਤ ਸਿੰਘ ਨੇ ਸ਼ਹੀਦੀ ਦਿਹਾੜਿਆਂ ਦਾ ਲਹੂ ਭਿੱਜਿਆ ਇਤਿਹਾਸ ਸਰਵਣ ਕਰਵਾ ਕੇ ਉਨ੍ਹਾਂ ਨੂੰ ਸ਼ਹੀਦੀ ਦਿਹਾੜਿਆਂ ਦੀ ਮਹੱਤਤਾ ਦਸੀ । ਇਸ ਮੌਕੇ ਇੰਦਰਪ੍ਰੀਤ ਸਿੰਘ ਮੌਂਟੀ ਨੇ ਕਿਹਾ ਕਿ ਸੰਗਤਾਂ ਨੂੰ ਸ਼ਹੀਦੀ ਦਿਹਾੜੇ ਮੌਕੇ ਨਸ਼ੇ ਅਤੇ ਹੋਰ ਵਿਕਾਰਮਈ ਵਸਤੂਆਂ ਤੋਂ ਬਚਦੇ ਹੋਏ ਵੱਧ ਤੋਂ ਵੱਧ ਸਮਾਂ ਨਿਕਾਲ ਕੇ ਗੁਰੂ ਜਸ ਨਾਲ ਜੁੜਨਾ ਚਾਹੀਦਾ ਹੈ । ਉਨ੍ਹਾਂ ਕਿਹਾ ਕਿ ਇੰਨ੍ਹਾ ਦਿਨਾਂ ਅੰਦਰ ਸਾਨੂੰ ਖੁਸ਼ੀ ਦੇ ਪ੍ਰੋਗਰਾਮਾਂ ਤੋਂ ਬਚਦਿਆਂ ਅਕਾਲ ਤਖਤ ਤੋਂ ਜਾਰੀ ਆਦੇਸ਼ ਦੀ ਪਾਲਣਾ ਕਰਨੀ ਚਾਹੀਦੀ ਹੈ ਕਿਉਂਕਿ ਇਹ ਓਹ ਦਿਹਾੜੇ ਹਨ ਜਦੋ ਸਰਬੰਸਦਾਨੀ ਦਸਮ ਪਾਤਸ਼ਾਹ ਨੇ ਮਜ਼ਲੂਮਾਂ ਲਈ ਪਰਿਵਾਰ ਵਾਰ ਦਿੱਤਾ ਸੀ । ਇਸ ਲਈ ਸਾਡਾ ਵੀ ਫਰਜ਼ ਬਣਦਾ ਹੈ ਅਸੀ ਉਨ੍ਹਾਂ ਵਲੋਂ ਦੱਸੇ ਰਾਹ ਤੇ ਚਲਦੇ ਹੋਏ ਆਪਣਾ ਜੀਵਨ ਸਫਲ ਕਰਣ ਦਾ ਉਦਮ ਕਰੀਏ ।

### ਜਥੇਬੰਦੀ ਦੇ ਕਿਸੇ ਵੀ ਮੈਬਰ ਨੂੰ ਕੋਈ ਵੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ : ਡਾ. ਅਨਵਰ ਭਸੌੜ

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਸ਼ੇਰਪੁਰ ਦੀ ਹੋਈ ਚੋਣ



**ਸੇਰਪੁਰ ( ਰਣਜੀਤ ਸਿੰਘ ਪੇਧਨੀ )**-ਅੱਜ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਸ਼ੇਰਪੁਰ ਦਾ ਇਜਲਾਸ ਜ਼ਿਲਾ ਪ੍ਰਧਾਨ ਡਾ ਅਨਵਰ ਭਸੌੜ ਦੀ ਅਗਵਾਈ ਵਿਚ ਮਹਾਰਾਜਾ ਪੈਲੇਸ ਸ਼ੇਰਪੁਰ ਵਿਚ ਹੋਇਆ । ਜਿਸ ਵਿਚ ਮੁੱਖ ਮਹਿਮਾਨ ਡਾ ਅਨਵਰ ਭਸੌੜ ਜ਼ਿਲਾ ਪ੍ਰਧਾਨ , ਡਾ ਹਰਮੇਸ਼ ਕਾਲੀਆ ਜ਼ਿਲਾ ਸਕੱਤਰ , ਡਾ ਜਸਵੰਤ ਸਿੰਘ ਜ਼ਿਲਾ ਖਜ਼ਾਨਚੀ ਵਿਸ਼ੇਸ਼ ਤੌਰ ਤੇ ਪਹੁੰਚੇ । ਇਜਲਾਸ ਵਿਚ ਸਾਰੇ ਮੈਂਬਰ ਸਹਿਬਾਨਾਂ ਨੇ ਸਰਬਸੰਤੀ ਨਾਲ਼ ਨਵੀਂ ਕਮੇਟੀ ਦੀ ਚੋਣ ਕੀਤੀ । ਜਿਸ ਵਿੱਚ ਪ੍ਰਧਾਨ ਡਾ ਹਰਦੀਪ ਰੰਧਾਵਾ , ਸਕੱਤਰ ਡਾ ਬਲਜੀਤ ਮਾਣਕੀ , ਖਜ਼ਾਨਚੀ ਡਾ ਗੁਰਜੀਤ ਬਾਜਵਾ , ਜ਼ਿਲਾ ਕਮੇਟੀ ਮੈਂਬਰ ਡਾ ਰਸ਼ੀਦ ਖਾਨ , ਡਾ ਗੁਰਦੇਵ ਬੜੀ ਅਤੇ ਪ੍ਰੈੱਸ ਸਕੱਤਰ ਡਾ ਸਿਕੰਦਰ ਘਨੌਰ ਨੂੰ ਸਰਬਸੰਮਤੀ ਨਾਲ ਚੁਣਿਆ ਗਿਆ । ਜ਼ਿਲਾ ਪ੍ਰਧਾਨ ਡਾ ਅਨਵਰ ਭਸੌੜ ਨੇ ਗੱਲਬਾਤ ਕਰਦੇ ਹੋਏ ਕਿਹਾ ਕੇ ਕਿਸੇ ਵੀ ਸਾਡੇ ਮੈਂਬਰ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਪਰੈਕਟਿਸ ਵਿਚ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਜਥੇਬੰਦੀ ਹਮੇਸ਼ਾ ਹਰ ਇੱਕ ਮੈਂਬਰ ਦੇ ਦੁੱਖ ਸੁਖ ਵਿਚ ਉਹਨਾਂ ਨਾਲ ਖੜ੍ਹੀ ਹੈ ਅਤੇ ਓਹਨਾ ਨੇ ਨਵੀਂ ਬਣੀ ਕਮੇਟੀ ਨੂੰ ਮੁਬਾਰਕਬਾਦ ਦਿੱਤੀ । ਇਸ ਮੌਕੇ ਡਾ ਜਗਸੀਰ ਸਿੰਘ , ਡਾ ਗੁਰਤੇਜ ਸਿੰਘ , ਡਾ ਹਰਦੀਪ ਸਿੰਘ , ਡਾ ਸੁਖਜਿੰਦਰ ਸਿੰਘ , ਡਾ ਭੋਲਾ ਸਿੰਘ, ਡਾ. ਅਜੈਬ ਸਿੰਘ, ਡਾ ਬਲਜਿੰਦਰ ਸਿੰਘ ਅਤੇ ਸਾਰੇ ਹੀ ਮੈਂਬਰ ਹਾਜ਼ਰ ਸਨ।

### ਸੁਸ਼ਾਸਨ ਹ.ਫਤੇ ਤਹਿਤ ਇਮਾਨਦਾਰੀ ਤੇ ਤਨਦੇਹੀ ਨਾਲ

# ਜ਼ਿੰਮੇਵਾਰੀ ਨਿਭਾਉਣ ਅਧਿਕਾਰੀ ਤੇ ਕਰਮਚਾਰੀ: ਵਧੀਕ ਡਿਪਟੀ ਕਮਿਸ਼ਨਰ

**ਸੰਗਰੂਰ ( ਰਣਜੀਤ ਸਿੰਘ ਪੇਧਨੀ )** -ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਸੰਗਰੂਰ ਸੰਦੀਪ ਰਿਸ਼ੀ ਦੀ ਅਗਵਾਈ ਹੇਠ ਜ਼ਿਲ੍ਹਾ ਸੰਗਰੂਰ ਵਿਖੇ ਸੁਸ਼ਾਸਨ ਹਫਤਾ ਮਨਾਇਆ ਜਾ ਰਿਹਾ ਹੈ ਜਿਸ ਤਹਿਤ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰ (ਜ) ਅਮਿਤ ਬੈਂਬੀ ਨੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਇਮਾਨਦਾਰੀ ਤੇ ਤਨਦੇਹੀ ਨਾਲ ਕੰਮ ਕਰਨ ਦੀ ਹਦਾਇਤ ਕੀਤੀ । ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਿਹਤ, ਸਿੱਖਿਆ ਤੇ ਬੁਨਿਆਦੀ ਢਾਂਚੇ ਦੇ ਵਿਸਥਾਰ ਲਈ ਨਿਰੰਤਰ ਸ਼ਲਾਘਾਯੋਗ ਉਪਰਾਲੇ ਕੀਤੇ ਜਾਂਦੇ ਹਨ ਅਤੇ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਦਾ ਵੀ ਇਹ ਨੈਤਿਕ ਫਰਜ਼ ਬਣਦਾ ਹੈ ਕਿ ਉਹ ਸਰਕਾਰ ਦੀਆਂ ਨੀਤੀਆਂ ਨੂੰ ਲਾਗੂ ਕਰਨ ਵਿੱਚ ਤਨਦੇਹੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣ । ਉਨ੍ਹਾਂ ਕਿਹਾ ਕਿ ਖੁਦ ਚੰਗੇ ਨਾਗਰਿਕ ਵਜੋਂ ਵਿਚਰਦੇ ਹੋਏ ਲੋਕਾਂ ਨੂੰ ਸਰਵੋਤਮ ਪ੍ਰਸ਼ਾਸਕੀ ਸੇਵਾਵਾਂ ਮੁਹੱਈਆ ਕਰਵਾਈਆਂ ਜਾਣ ਅਤੇ ਕਮਜ਼ੋਰ ਵਰਗਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਲਗਾਤਾਰ ਕਾਰਜਸ਼ੀਲ ਰਹਿਣ । ਵਧੀਕ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜਨਤਕ ਸ਼ਿਕਾਇਤ ਨਿਵਾਰਣ ਪ੍ਰਣਾਲੀ (ਪੀ.ਜੀ.ਆਰ.ਐੱਸ) ਪੋਰਟਲ 'ਤੇ ਪੈਂਡਿੰਗ ਸ਼ਿਕਾਇਤਾਂ ਦਾ ਨਿਪਟਾਰਾ 12 ਘੰਟੇ ਦੇ ਅੰਦਰ ਕਰਨਾ ਵੀ ਯਕੀਨੀ ਬਣਾਇਆ ਜਾਵੇ । ਇਸਦੇ ਨਾਲ ਹੀ ਉਨ੍ਹਾਂ ਆਮ ਲੋਕਾਂ ਵੱਲੋਂ ਪੀ.ਜੀ.ਆਰ.ਐੱਸ ਪੋਰਟਲ ਰਾਹੀਂ ਭੇਜੀਆਂ ਜਾਂਦੀਆਂ ਵੱਖ-ਵੱਖ ਤਰ੍ਹਾਂ ਦੀਆਂ ਸ਼ਿਕਾਇਤਾਂ ਨਿਸ਼ਿਚਤ ਸਮੇਂ ਵਿੱਚ ਹੱਲ ਕਰਨ ਲਈ ਅਧਿਕਾਰੀਆਂ ਨੂੰ ਹਦਾਇਤ ਕੀਤੀ । ਉਨ੍ਹਾਂ ਦੱਸਿਆ ਕਿ ਸਾਰੇ ਵਿਭਾਗ ਸੁਸਾਸ਼ਨ ਹਫ਼ਤੇ ਦੌਰਾਨ ਵਿਸ਼ੇਸ਼ ਮੁਹਿੰਮ ਚਲਾ ਕੇ ਪਿੰਡਾਂ ਵਿੱਚ ਵਿਸ਼ੇਸ਼ ਕੈਂਪਾਂ ਜ਼ਰੀਏ ਲੋਕਾਂ ਨੂੰ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਦੇਣ ਲਈ ਯਤਨਸ਼ੀਲ ਹਨ। ਇਸ ਮੌਕੇ ਸਹਾਇਕ ਕਮਿਸ਼ਨਰ ਓਪਿੰਦਰਜੀਤ ਕੌਰ ਬਰਾੜ, ਮੁੱਖ ਖੇਤੀਬਾੜੀ ਅਫ਼ਸਰ ਹਰਬੰਸ ਸਿੰਘ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।



# ਆਪ ਦੇ ਰਾਜ 'ਚ ਲੁੱਟਾਂ ਖੋਹਾਂ, ਗੈਂਗਵਾਰਾਂ ਤੇ ਥਾਣਿਆਂ 'ਚ ਧਮਾਕੇ ਆਮ ਹੋਏ : ਐਡਵੋਕੇਟ ਖੇੜੀ



ਸੇਰਪੁਰ ( ਰਣਜੀਤ ਸਿੰਘ ਪੇਧਨੀ ) -ਪੰਜਾਬ ਵਿਚ ਜਦੋਂ ਤੋਂ ਬਦਲਾਅ ਦੇ ਨਾਂਅ 'ਤੇ ਆਮ ਆਦਮੀ ਪਾਰਟੀ ਦੀ ਸਰਕਾਰ ਸੱਤਾ ਉੱਤੇ ਕਾਬਜ ਹੋਈ ਹੈ ਅਦੋਂ ਤੋਂ ਹੀ ਪੰਜਾਬ ਵਿੱਚ ਕਤਲ, ਲੁੱਟਾਂ, ਖੋਹਾਂ , ਚੋਰੀਆ , ਡਕੈਤੀਆਂ ਦੀ ਭਰਮਾਰ ਆਮ ਰੋਜ਼ਾਨਾ ਦੇਖਣ ਨੂੰ ਮਿਲ ਰਹੀ ਹੈ। ਪੰਜਾਬ ਲਾਅ ਇੰਨ ਆਰਡਰ ਦੀ ਸਥਿਤੀ ਬਹੁਤ ਗੰਭੀਰ ਬਣੀ ਹੋਈ ਹੈ ਜਿਸ ਦੀ ਸੂਬਾ ਸਰਕਾਰ ਜਿਮੇਵਾਰ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਹਲਕਾ ਮਹਿਲ ਕਲਾਂ ਤੋਂ ਇੰਚਾਰਜ ਦੇ ਪ੍ਰਮੁੱਖ ਦਾਅਵੇਦਾਰ ਐਡਵੋਕੇਟ ਜਸਵੀਰ ਸਿੰਘ ਖੇੜੀ ਨੇ ਕੀਤਾ। ਉਨ੍ਹਾਂ ਕਿਹਾ ਕਿ ਕਿਹਾ ਕਿ ਆਪ ਸਰਕਾਰ ਦੀ ਢਿੱਲ ਕਾਰਨ ਪੰਜਾਬ ਦੇ ਹਰਮਨ ਪਿਆਰੇ ਕਲਾਕਾਰ ਸਿੱਧੂ ਮੂਸੇਵਾਲਾ, ਕਬੱਡੀ ਖਿਡਾਰੀ ਸੰਦੀਪ ਨੰਗਲ ਅੰਬੀਆ ਵਰਗੇ ਅਨੇਕਾਂ ਮਾਵਾਂ ਦੇ ਪੁੱਤਰਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਗਿਆ ਜਿਸਦਾ ਹਾਲੇ ਤੱਕ ਵੀ ਇਨਸਾਫ ਨਹੀਂ ਮਿਲਿਆ। ਪੰਜਾਬ ਸਰਕਾਰ ਤੇ ਜੇਲ ਪ੍ਰਸ਼ਾਸਨ ਦੇ ਮਾੜੇ ਪ੍ਰਬੰਧਾਂ ਕਾਰਨ ਗੈਂਗਸਟਰ ਲੋਰੈਂਸ ਵਰਗੇ ਜੇਲ ਅੰਦਰੋਂ ਹੀ ਬੜੀ ਸਾਨ ਨਾਲ ਆਪਣੀ ਇੰਟਰਵਿਊ ਕਰ ਰਹੇ ਹਨ। ਇੰਟਰਵਿਊ ਮਾਮਲੇ 'ਤੇ ਵੀ ਪੰਜਾਬ ਸਰਕਾਰ ਪੂਰੀ ਤਰ੍ਹਾਂ ਨਾਲ ਫੇਲ ਸਾਬਤ ਹੋਈ ਹੈ।

# ਸਤਨਾਮ ਸਿੰਘ ਗੰਭੀਰ ਦੀ ਪਟੀਸ਼ਨ 'ਤੇ 1984 ਸਿੱਖ ਕਤਲੇਆਮ ਪੀੜਤ ਬਲਵੰਤ ਸਿੰਘ ਨੂੰ ਮਿਲਿਆ 12 ਲੱਖ ਰੁਪਏ ਦਾ ਮੁਆਵਜ਼ਾ

**ਨਵੀਂ ਦਿੱਲੀ 23 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:- ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਈਸਟ ਇੰਡੀਆ ਪ੍ਰਧਾਨ ਸਤਨਾਮ ਸਿੰਘ ਗੰਭੀਰ ਨੇ ਕਿਹਾ ਕਿ ਫੈਡਰੇਸ਼ਨ ਵੱਲੋਂ 1984 ਦੇ ਸਿੱਖ ਕਤਲੇਆਮ ਨਾਲ ਪੀੜਿਤ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣ ਲਈ ਹਾਈਕੋਰਟ ਰਾਂਚੀ ਵਿੱਚ ਇੱਕ ਜਨਹਿੱਤ ਪਟੀਸ਼ਨ ਦਾਇਰ ਕੀਤੀ ਗਈ ਸੀ, ਜਿਸ 'ਤੇ ਕਾਰਵਾਈ ਕਰਦਿਆਂ ਮਾਣਯੋਗ ਹਾਈਕੋਰਟ ਨੇ ਇੱਕ ਕਮਿਸ਼ਨ ਦਾ ਗਠਨ ਕੀਤਾ ਸੀ। ਹਜ਼ਾਰੀਬਾਗ ਦੇ ਰਹਿਣ ਵਾਲੇ ਸਰਦਾਰ ਬਲਵੰਤ ਸਿੰਘ 1984 ਦੇ ਕਤਲੇਆਮ ਤੋਂ ਬਾਅਦ ਆਪਣੇ ਪਰਿਵਾਰ ਨਾਲ ਜੰਮੂ ਚਲਾ ਗਿਆ ਸੀ ਅਤੇ ਉਸ ਨੇ ਕਮਿਸ਼ਨ ਕੋਲ ਪਟੀਸ਼ਨ ਦਾਇਰ ਕਰਕੇ ਕਤਲੇਆਮ ਵਿਚ ਹੋਏ ਨੁਕਸਾਨ ਬਾਰੇ ਜਾਣਕਾਰੀ ਦੇਣ ਦੇ ਨਾਲ ਉਸਦੇ ਠੋਸ ਦਸਤਾਵੇਜ਼ ਪੇਸ਼ ਕੀਤੇ ਸਨ। ਪੂਰੀ ਜਾਂਚ ਅਤੇ ਨੁਕਸਾਨ ਦਾ ਮੁਲਾਂਕਣ ਕਰਨ ਤੋਂ ਬਾਅਦ, ਕਮਿਸ਼ਨ ਨੇ ਹਜ਼ਾਰੀਬਾਗ ਦੇ ਡਿਪਟੀ ਕਮਿਸ਼ਨਰ ਨੂੰ ਸਿੱਖ ਕਤਲੇਆਮ ਨਾਲ ਪੀੜਤ ਬਲਵੰਤ ਸਿੰਘ ਨੂੰ 12 ਲੱਖ ਰੁਪਏ ਮੁਆਵਜ਼ੇ ਵਜੋਂ ਦੇਣ ਦੀ ਸਿਫਾਰਸ਼ ਕੀਤੀ। ਝਾਰਖੰਡ ਸਰਕਾਰ ਵੱਲੋਂ ਫੰਡ ਮੁਹੱਈਆ ਕਰਵਾਉਣ ਤੋਂ ਬਾਅਦ ਹਜ਼ਾਰੀਬਾਗ ਦੇ ਡਿਪਟੀ ਕਮਿਸ਼ਨਰ ਨੇ ਸਰਦਾਰ ਬਲਵਾਨ ਸਿੰਘ ਦੇ ਖਾਤੇ ਵਿੱਚ 12 ਲੱਖ ਰੁਪਏ ਟਰਾਂਸਫਰ ਕਰ ਦਿੱਤੇ ਹਨ । ਇਸ ਸਬੰਧੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਸਤਨਾਮ ਸਿੰਘ ਗੰਭੀਰ ਨੇ ਹਜ਼ਾਰੀਬਾਗ ਦੇ ਡਿਪਟੀ ਕਮਿਸ਼ਨਰ ਨੂੰ ਫੋਨ ਕਰਕੇ ਉਨ੍ਹਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਕੋਸ਼ਿਸ਼ ਰਹੇਗੀ ਕਿ ਹਰ ਪੀੜਤ ਪਰਿਵਾਰ ਨੂੰ ਇਨਸਾਫ਼ ਮਿਲੇ।




# ਕੇਂਦਰ ਦੀ ਮੋਦੀ ਸਰਕਾਰ ਤੁਰੰਤ ਕਿਸਾਨਾਂ ਦੀਆਂ ਮੰਗਾਂ ਮੰਨੇ: ਆਪ ਆਗੂ ਕਾਂਝਲਾ



**ਧੂਰੀ( ਰਣਜੀਤ ਸਿੰਘ ਪੇਧਨੀ)**- ਕਿਸਾਨੀ ਮੰਗਾਂ ਨੂੰ ਲੈ ਕੇ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਬਹੁਤ ਨਾਜ਼ੁਕ ਬਣੀ ਹੋਈ ਹੈ ਅਤੇ ਕੇਂਦਰ ਸਰਕਾਰ ਨੂੰ ਆਪਣੀ ਜਿੱਦ ਛੱਡ ਕੇ ਕਿਸਾਨੀ ਮੰਗਾਂ ਸੰਬੰਧੀ ਤੁਰੰਤ ਗੌਰ ਕਰਨਾ ਚਾਹੀਦਾ ਹੈ ਅਤੇ ਤੁਰੰਤ ਕਿਸਾਨਾਂ ਦੀਆਂ ਮੰਗਾਂ ਮੰਨਣੀਆਂ ਚਾਹੀਦੀਆਂ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕਰਮਜੀਤ ਸਿੰਘ ਕਾਂਝਲਾ ਪਰਮਜੀਤ ਸਿੰਘ ਕਾਂਝਲਾ ਰਣਜੋਧ ਸਿੰਘ ਕਾਂਝਲਾ ਅਤੇ ਬਸੰਤ ਕੁਮਾਰ ਕਾਂਝਲਾ ਨੇ ਸਾਂਝੇ ਤੌਰ 'ਤੇ ਕੀਤਾ । ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਦੇ ਅਵੇਸਲੇਪਣ ਕਾਰਨ ਕਿਸਾਨਾਂ ਵਿਚ ਰੋਸ ਦਿਨੋਂ-ਦਿਨ ਵਧ ਜਾ ਰਿਹਾ ਹੈ ਅਤੇ ਕੇਂਦਰ ਸਰਕਾਰ ਨੂੰ ਕਿਸਾਨ ਆਗੂ ਦੀ ਨਾਜ਼ੁਕ ਸਿਹਤ ਨੂੰ ਵੇਖਦਿਆਂ ਗੰਭੀਰ ਹੋਣ ਦੀ ਲੋੜ ਹੈ ਉਨ੍ਹਾਂ ਕਿਹਾ ਕਿ ਕਿਸਾਨ ਇਸ ਦੇਸ਼ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ ਜਿਸ ਨੂੰ ,ਅਜਾਈਂ ਨਹੀਂ ਛੱਡਿਆ ਜਾ ਸਕਦਾ, ਇਸ ਲਈ ਕੇਂਦਰ ਸਰਕਾਰ ਨੂੰ ਆਪਣੀ ਜਿੰਮੇਵਾਰੀ ਨਿਭਾਉਂਦਿਆਂ ਕਿਸਾਨਾਂ ਨਾਲ ਗੱਲ ਕਰਕੇ ਉਨ੍ਹਾਂ ਦੀਆਂ ਮੰਗਾਂ ਦਾ ਹੱਲ ਕਰਨਾ ਚਾਹੀਦਾ ਹੈ।

# ਡਿਪਟੀ ਕਮਿਸ਼ਨਰ ਵੱਲੋਂ ਦੁਕਾਨਦਾਰਾਂ ਅਤੇ ਆਮ ਲੋਕਾਂ ਨੂੰ ਅਫਵਾਹਾਂ ਤੋਂ ਸੁਚੇਤ ਰਹਿਣ ਦਾ ਸੱਦਾ

**ਸੰਗਰੂਰ( ਰਣਜੀਤ ਸਿੰਘ ਪੇਧਨੀ)** -ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਰਿਸ਼ੀ ਨੇ ਉਨ੍ਹਾਂ ਅਫਵਾਹਾਂ ਨੂੰ ਬੇਬੁਨਿਆਦ ਦੱਸਿਆ ਹੈ ਜਿਸ ਵਿੱਚ ਕਿਹਾ ਜਾ ਰਿਹਾ ਹੈ ਕਿ ਧੂਰੀ ਤੋਂ ਸੰਗਰੂਰ ਵੱਲ ਆਉਂਦੇ ਸਮੇਂ ਕੱਕੜਵਾਲ ਚੌਂਕ ਨਜ਼ਦੀਕ ਬਣੇ ਰੇਲਵੇ ਓਵਰ ਬ੍ਰਿਜ ਨੂੰ ਸੰਗਰੂਰ ਵਾਲੇ ਪਾਸੇ ਤੋਂ ਅੱਗੇ ਤੱਕ ਵਧਾਇਆ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਰਿਸ਼ੀ ਨੇ ਦੱਸਿਆ ਕਿ ਅੱਜ ਇਸ ਮਸਲੇ ਨੂੰ ਲੈ ਕੇ ਉਸ ਇਲਾਕੇ ਦੇ ਦੁਕਾਨਦਾਰਾਂ ਦਾ ਇੱਕ ਵਫਦ ਉਹਨਾਂ ਨੂੰ ਮਿਲਿਆ ਸੀ ਅਤੇ ਇਸ ਰੇਲਵੇ ਓਵਰ ਬ੍ਰਿਜ ਨੂੰ ਵਧਾਉਣ ਨਾਲ ਉਹਨਾਂ ਦੀ ਰੋਜੀ ਰੋਟੀ ਨੂੰ ਨੁਕਸਾਨ ਪਹੁੰਚਣ ਦਾ ਖਦਸ਼ਾ ਪ੍ਰਗਟਾਇਆ ਗਿਆ ਸੀ। ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਰਿਸ਼ੀ ਨੇ ਦੱਸਿਆ ਕਿ ਉਹਨਾਂ ਨੇ ਦੁਕਾਨਦਾਰਾਂ ਦੇ ਮਸਲੇ ਨੂੰ ਧਿਆਨ ਨਾਲ ਸੁਣਿਆ ਅਤੇ ਫਿਰ ਮਲੇਰਕੋਟਲਾ ਵਿਖੇ ਤਾਇਨਾਤ ਐਕਸੀਅਨ ਲੋਕ ਨਿਰਮਾਣ ਵਿਭਾਗ ਪ੍ਰਨੀਤ ਟਿਵਾਣਾ ਨਾਲ ਇਸ ਮਾਮਲੇ 'ਤੇ ਗੱਲਬਾਤ ਕੀਤੀ ਅਤੇ ਐਕਸੀਅਨ ਵੱਲੋਂ ਜਾਣੂ ਕਰਵਾਇਆ ਗਿਆ ਹੈ ਕਿ ਮੌਜੂਦਾ ਸਮੇਂ ਵਿੱਚ ਇਸ ਰੇਲਵੇ ਓਵਰ ਬ੍ਰਿਜ ਨੂੰ ਕਿਸੇ ਵੀ ਪਾਸੇ ਵੱਲ ਵਧਾਉਣ ਸਬੰਧੀ ਕੋਈ ਪ੍ਰਪੋਜਲ ਨਹੀਂ ਹੈ। ਡਿਪਟੀ ਕਮਿਸ਼ਨਰ ਨੇ ਦੁਕਾਨਦਾਰਾਂ ਸਮੇਤ ਹੋਰਨਾਂ ਸਾਰੇ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਸੋਸ਼ਲ ਮੀਡੀਆ ਉੱਤੇ ਫੈਲਾਈਆਂ ਜਾ ਰਹੀਆਂ ਅਜਿਹੀਆਂ ਅਫਵਾਹਾਂ ਤੋਂ ਸੁਚੇਤ ਰਹਿਣ।



## ਨਿਤਨੇਮੀ ਅਤੇ ਸਿਮਰਨ ਦੇ ਪੁੰਜ

# ਸੰਤ ਬਾਬਾ ਠਾਕੁਰ ਸਿੰਘ



**ਸੰਤ ਬਾਬਾ ਠਾਕੁਰ ਸਿੰਘ ਜੀ** ਦਾ ਜਨਮ 1915 ਈ, ਨੂੰ ਪਿਤਾ ਬਹਾਦੁਰ ਸਿੰਘ ਜੀ ਮਾਤਾ ਪ੍ਰੇਮ ਕੌਰ ਜੀ ਗ੍ਰਹਿ ਵਿਖੇ ਪਿੰਡ ਈਚੇਕੋ ਤਹਿਸੀਲ ਕਸੂਰ ਜਿੱਲਾ ਲਾਹੌਰ ਵਿੱਚ ਹੋਇਆ। ਬਾਬਾ ਜੀ ਚਾਰ ਭਰਾ ਸਨ, ਅਤੇ ਦੋ ਭੈਣਾ ਸਨ, ਸਭ ਤੋਂ ਵੱਡਾ ਭਰਾ ਭਾਈ ਕਸ਼ਮੀਰ ਸਿੰਘ, ਭਾਈ ਰਤਨ ਸਿੰਘ, ਬਾਬਾ ਠਾਕੁਰ ਸਿੰਘ, ਭਾਈ ਬੀਰ ਸਿੰਘ ਸਨ ਭੈਣਾ ਸਵਰਨ ਕੌਰ, ਰਾਮ ਕੌਰ ਸਨ, ਬਾਬਾ ਜੀ ਦੇ ਮਾਤਾ ਪਿਤਾ ਸ਼ੁਰੂ ਤੋਂ ਹੀ ਅੰਮ੍ਰਿਧਾਰੀ, ਨਿਤਨੇਮੀ ਅਤੇ 24 ਘੰਟੇ ਵਾਹਿਗੁਰੂ ਜੀ ਸਿਮਰਨ ਕਰਨ ਵਾਲੀਆਂ ਰੂਹਾਂ ਸਨ ਅਤੇ ਆਪਣੀ ਖੇਤੀ ਬਾੜੀ ਕਰਦੇ ਸਨ, ਬਾਬਾ ਜੀ ਪਿਤਾ ਗੁਰਦੁਆਰਾ ਸੁਧਾਰ ਲਹਿਰ ਵਿੱਚ ਜੇਲਾ ਕੱਟੀਆਂ ਸਨ। ਛੋਟੇ ਹੁੰਦੇ ਬਾਬਾ ਠਾਕੁਰ ਸਿੰਘ ਜੀ ਆਪਣੇ ਪਿਤਾ ਜੀ ਦੇ ਨਾਲ ਨਿਤਨੇਮੀ ਅਤੇ ਸਿਮਰਨ ਕਰਦੇ ਹੁੰਦੇ ਸਨ। ਜਦੋਂ ਬਾਬਾ ਜੀ ਜੁਵਾਨ ਹੋਏ ਤਾਂ ਮਾਤਾ ਪਿਤਾ ਨੇ ਵਿਆਹ ਬਾਰੇ ਕਹਿਣਾ ਪਰ ਬਾਬਾ ਜੀ ਨਾਹ ਕਰ ਦੇਂਦੇ ਸਨ। ਬਾਬਾ ਜੀ ਨਾਨਕਾ ਪਿੰਡ ਮਾੜੀ ਜਿੱਲਾ ਸਿਆਲਕੋਟ ਪਾਕਿਸਤਾਨ ਸੀ ਬਾਬਾ ਜੀ ਦੇ ਮਾਮਾ ਭਾਈ ਲਾਭ ਸਿੰਘ, ਭਾਈ ਉਜਾਗਰ ਸਿੰਘ ਸਨ। ਪਿੰਡ ਮੇਘਾ ਮਾੜੀ ਦੇ ਗਿਆਨੀ ਭਗਵਾਨ ਸਿੰਘ ਜੀ ਦੇ ਪਿਤਾ ਭਾਈ ਕੇਹਰ ਸਿੰਘ ਸਨ, ਉਨ੍ਹਾਂ ਨੂੰ ਆਪਣੇ ਵੈਰਾਗੀ ਤਿਆਗੀ ਪੁੱਤਰ ਦੀ ਹਾਲਤ ਬਿਆਨ ਕੀਤੀ, ਦੋਨਾ ਨੇ ਰਾਏ ਦਿੱਤੀ ਭਿੰਡਰ ਕਲਾ ਦਮਦਮੀ ਟਕਸਾਲ 12 ਮੁੱਖੀ ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਹਨ,ਮੇਰੇ ਮਿਲਾਪੀ ਹਨ ਮੈ ਆਪ ਜੀ ਪੁੱਤਰ ਨੂੰ ਉਨ੍ਹਾਂ ਕੋਲ ਲੈ ਚਲਾਗਾ,ਪਿਤਾ ਜੀ ਨੇ ਘਰ ਆਕੇ ਬਾਬਾ ਜੀ ਦੱਸਿਆ,ਬਾਬਾ ਜੀ ਨੂੰ ਚਾ ਚੜ ਗਿਆ,ਭਾਈ ਕੇਹਰ ਸਿੰਘ ਜੀ ਦੇ ਨਾਲ ਸਤੰਬਰ 1947 ਈ, ਨੂੰ ਭਾਦਰੋ ਦੇ ਜੋੜ ਮੇਲੇ ਤੇ ਭਿੰਡਰ ਕਲਾ ਪਹੁੰਚ ਗਏ, ਜਿਉ ਹੀ ਭਾਈ ਕੇਹਰ ਸਿੰਘ ਨਾਲ ਬਾਬਾ ਜੀ ਨੇ ਬ੍ਰਹਮ ਗਿਆਨੀ ਸੰਤ ਬਾਬਾ ਗੁਰਬਚਨ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਦਰਸਨ ਕੀਤੇ, ਗੁਰ ਫਤਹਿ ਦੀ ਸਾਂਝ ਨਾਲ ਨਮਸਕਾਰ ਕੀਤੀ, ਬਸ ਫਿਰ ਕੀ ਸੀ ਅੰਦਰਲੀ ਘਾਟ ਪੂਰੀ ਹੋ ਗਈ, ਮਹਾਪੁਰਸ਼ਾ ਨੇ ਪੁਛਿਆ ਕਿ ਕੇਹਰ ਸਿੰਘਾ ਇਹ ਨੋਜਵਾਨ ਗੁਰਸਿੱਖ ਤੇਰੇ ਨਾਲ ਆਇਆ ਹੈਂ, ਤਾਂ ਕੇਹਰ ਸਿੰਘ ਨੇ ਬਾਬਾ ਜੀ ਦੇ ਪਿਛੋਕੜ ਖੋਲਕੇ ਦੱਸਿਆ, ਬੇਨਤੀ ਕੀਤੀ ਕਿ ਮਹਾਪੁਰਸੋ ਇਸ ਨਿਤਨੇਮੀ ਬੈਰਾਗੀ ਗੁਰਸਿੱਖ ਨੂੰ ਆਪਣੇ ਜਥੇ ਵਿੱਚ ਭਰਤੀ ਕਰ ਲਵੋ, ਵਿਦਿਆ ਪੜੇਗਾ ਸੇਵਾ ਕਰੇਗਾ,ਬਾਬਾ ਜੀ ਕਾਫੀ ਸਮਾਂ ਪੜਾਈ ਕੀਤੀ, ਸੇਵਾ ਕਰਦੇ ਰਹੇ, ਸੰਤ ਬਾਬਾ ਠਾਕੁਰ ਸਿੰਘ ਜੀ 15 ਵੇਂ ਮੁੱਖੀ ਦੇ ਦਮਦਮੀ ਟਕਸਾਲ ਦੇ ਮੁੱਖੀ ਰਹੇ, 24 ਦਸੰਬਰ 2024 ਨੂੰ ਮਹਿਤਾ ਸਾਹਿਬ ਵਿਖੇ ਗੁਰੂ ਚਰਨਾ ਵਿੱਚ ਜਾ ਬਿਰਾਜੇ।

**-ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ**

## ਭੱਟੀਵਾਲ ਕਲਾਂ ਵਿਖੇ 'ਪ੍ਰਸ਼ਾਸ਼ਨ ਗਾਓਂ ਕੀ ਔਰ' ਤਹਿਤ ਲੋਕ ਸੁਵਿਧਾ ਕੈਂਪ ਆਯੋਜਿਤ

# ਸੁਸ਼ਾਸ਼ਨ ਹਫਤੇ ਤਹਿਤ ਲਗਾਏ ਜਾ ਰਹੇ ਹਨ ਕੈਂਪ




**ਭਵਾਨੀਗੜ੍ਹ ( ਰਣਜੀਤ ਸਿੰਘ ਪੇਧਨੀ )**-ਡਾਇਰੈਕਟਰ ਪ੍ਰਬੰਧਕੀ ਸੁਧਾਰ ਅਤੇ ਲੋਕ ਸ਼ਿਕਾਇਤਾਂ ਵਿਭਾਗ, ਭਾਰਤ ਸਰਕਾਰ ਦੀਆਂ ਹਦਾਇਤਾਂ ਅਤੇ ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਰਿਸ਼ੀ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਸੰਗਰੂਰ ਵਿਖੇ 19 ਦਸੰਬਰ ਤੋਂ 24 ਦਸੰਬਰ 2024 ਤੱਕ ਸੁਸ਼ਾਸ਼ਨ ਹਫਤਾ ਮਨਾਇਆ ਜਾ ਰਿਹਾ ਹੈ। ਇਸ ਸਬੰਧ ਵਿੱਚ ਅੱਜ ਭਵਾਨੀਗੜ੍ਹ ਸਬ ਡਵੀਜ਼ਨ ਦੇ ਪਿੰਡ ਭੱਟੀਵਾਲ ਕਲਾਂ ਵਿਖੇ "ਪ੍ਰਸ਼ਾਸ਼ਨ ਗਾਓਂ ਕੀ ਔਰ " ਮੁਹਿੰਮ ਤਹਿਤ ਵਿਖੇ ਲੋਕ ਸੁਵਿਧਾ ਕੈਂਪ ਲਗਾਇਆ ਗਿਆ।ਉਪ ਮੰਡਲ ਮੈਜਿਸਟਰੇਟ ਭਵਾਨੀਗੜ੍ਹ ਰਵਿੰਦਰ ਕੁਮਾਰ ਬਾਂਸਲ ਦੀ ਦੇਖ ਰੇਖ ਹੇਠ ਲੱਗੇ ਕੈਂਪ ਦੌਰਾਨ ਨਾਇਬ ਤਹਿਸੀਲਦਾਰ ਭਵਾਨੀਗੜ੍ਹ ਆਸ਼ੂ ਪ੍ਰਭਾਸ਼ ਜੋਸ਼ੀ ਤੇ ਹੋਰ ਪ੍ਰਸ਼ਾਸ਼ਿਨਕ ਅਧਿਕਾਰੀਆਂ ਵੱਲੋਂ ਲੋਕਾਂ ਨੂੰ ਸਰਕਾਰੀ ਵਿਭਾਗਾਂ ਨਾਲ ਸਬੰਧਤ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ ਅਤੇ ਮੁਸ਼ਿਕਲਾਂ ਦਾ ਨਿਪਟਾਰਾ ਕੀਤਾ ਗਿਆ।

ਇਸ ਮੌਕੇ ਪੰਜਾਬ ਸਰਕਾਰ ਦੇ ਵੱਖ ਵੱਖ ਵਿਭਾਗਾਂ ਜਿਨ੍ਹਾਂ ਵਿੱਚੋਂ ਮਾਲ ਵਿਭਾਗ, ਤਹਿਸੀਲ ਦਫਤਰ ਭਵਾਨੀਗੜ੍ਹ, ਸਿਵਲ ਹਸਪਤਾਲ, ਖੁਰਾਕ ਤੇ ਸਿਵਲ ਸਪਲਾਈ ਵਿਭਾਗ, ਕਿਰਤ ਵਿਭਾਗ, ਜਲ ਸਰੋਤ ਵਿਭਾਗ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਬਾਗਬਾਨੀ ਵਿਭਾਗ, ਪੁਲਿਸ ਵਿਭਾਗ, ਸਾਂਝ ਕੇਂਦਰ ਭਵਾਨੀਗੜ੍ਹ, ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਸਹਿਕਾਰੀ ਸਭਾਵਾਂ ਵਿਭਾਗ, ਬਿਜਲੀ ਵਿਭਾਗ, ਸੇਵਾ ਕੇਂਦਰ, ਟਿਊਬਵੈਲ ਕਾਰਪੋਰੇਸ਼ਨ ਵਿਭਾਗ, ਮਨਰੇਗਾ ਸਕੀਮ , ਪੰਚਾਇਤ ਵਿਭਾਗ, ਬਾਲ ਵਿਕਾਸ ਵਿਭਾਗ, ਅਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਨੇ ਆਪਣੀ ਟੀਮ ਸਮੇਤ ਕੈਂਪ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਪਿੰਡ ਕਪਿਆਲ, ਭੱਟੀਵਾਲ ਕਲਾਂ, ਬਲਿਆਲ ਅਤੇ ਹੋਰ ਨਾਲ ਲਗਦੇ ਪਿੰਡਾਂ ਦੇ ਵਾਸੀਆਂ ਵੱਲੋਂ ਇਸ ਕੈਂਪ ਦਾ ਲਾਭ ਉਠਾਇਆ ਗਿਆ।

## ਕਿਸਾਨ ਲੀਡਰ ਜਗਜੀਤ ਡੱਲੇਵਾਲ ਦੀ ਹਾਲਤ ਨਾਜ਼ੁਕ

# ਇਮਿਊਨਿਟੀ ਕਮਜ਼ੋਰ, ਇਨਫੈਕਸ਼ਨ ਦਾ ਖ਼ਤਰਾ



**ਚੰਡੀਗੜ੍ਹ, 23 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਖਨੌਰੀ ਸਰਹੱਦ 'ਤੇ ਕਿਸਾਨ ਲੀਡਰ ਜਗਜੀਤ ਡੱਲੇਵਾਲ ਦੇ ਮਰਨ ਵਰਤ ਨੂੰ ਅੱਜ 28 ਦਿਨ ਹੋ ਗਏ ਹਨ। ਉਨ੍ਹਾਂ ਦੀ ਸਿਹਤ ਕਾਫੀ ਨਾਜ਼ੁਕ ਹੋ ਗਈ ਹੈ ਪਰ ਉਨ੍ਹਾਂ ਦਾ ਮਨੋਬਲ ਅਜੇ ਵੀ ਕਾਫੀ ਉੱਚਾ ਹੈ। ਡੱਲੇਵਾਲ ਦੀ ਇਮਿਊਨਿਟੀ ਵੀ ਕਾਫੀ ਕਮਜ਼ੋਰ ਹੋ ਗਈ ਹੈ। ਉਨ੍ਹਾਂ ਨੂੰ ਇਨਫੈਕਸ਼ਨ ਦਾ ਖ਼ਤਰਾ ਵੀ ਵਧ ਗਿਆ ਹੈ। ਇਸ ਕਾਰ ਹੀ ਉਹ ਐਤਵਾਰ ਨੂੰ ਪੂਰਾ ਦਿਨ ਧਰਨੇ ਵਾਲੀ ਸਟੇਜ 'ਤੇ ਵੀ ਨਹੀਂ ਆਏ। ਡਾਕਟਰ ਸਵੈਮਾਣ ਸਿੰਘ ਦੀ ਮੈਡੀਕਲ ਸੰਸਥਾ ਫਾਈਵ ਰੀਵਰ ਹਾਰਟ ਐਸੋਸੀਏਸ਼ਨ ਦੇ ਪੰਜਾਬ ਮੁਖੀ ਡਾਕਟਰ ਅਵਤਾਰ ਸਿੰਘ ਢਿਲੋਂ ਨੇ ਏਬੀਪੀ ਸਾਂਝਾ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਡੱਲੇਵਾਲ ਦੀ ਸਿਹਤ ਦਿਨੋਂ ਦਿਨ ਨਾਜ਼ੁਕ ਹੁੰਦੀ ਜਾ ਰਹੀ ਹੈ ਤੇ ਕਿਸੇ ਵੇਲੇ ਵੀ ਕੋਈ ਬੁਰੀ ਖਬਰ ਸੁਣਨ ਨੂੰ ਮਿਲ ਸਕਦੀ ਹੈ। ਉਨ੍ਹਾਂ ਦੱਸਿਆ ਬੀਤੀ ਰਾਤ ਤੋਂ ਹੋ ਰਹੀ ਭਾਰੀ ਬਾਰਸ਼ ਨੇ ਅੰਦੋਲਨਕਾਰੀ ਕਿਸਾਨਾਂ ਦੀਆਂ ਮੁਸ਼ਕਲਾਂ ਨੂੰ ਵਧਾ ਦਿੱਤਾ ਹੈ। ਡਾਕਟਰ ਅਵਤਾਰ ਸਿੰਘ ਢਿੱਲੋਂ ਨੇ ਦੱਸਿਆ ਕਿ ਅੰਦੋਲਨਕਾਰੀ ਕਿਸਾਨਾਂ ਦੇ ਟੈਂਟਾਂ ਦੀ ਖ਼ਸਤਾ ਹਾਲਤ ਹੋਣ ਕਰਕੇ ਉਨ੍ਹਾਂ ਵਿੱਚੋਂ ਪਾਣੀ ਅੰਦਰ ਆ ਰਿਹਾ ਹੈ। ਇਸ ਦੇ ਚੱਲਦਿਆਂ ਉਹ ਸਾਰੀ ਰਾਤ ਸੌਂ ਨਹੀਂ ਸਕੇ ਤੇ ਉਨ੍ਹਾਂ ਨੂੰ ਰਾਤ ਜਾਗ ਕੇ ਕੱਟਣੀ ਪਈ ਹੈ। ਡਾਕਟਰ ਅਵਤਾਰ ਸਿੰਘ ਨੇ ਦੱਸਿਆ ਸਰਦੀ ਦੇ ਨਾਲ ਬਰਸਾਤ ਹੋਣ ਕਰਕੇ ਕਈ ਬਿਮਾਰੀਆਂ ਦਾ ਅੰਦੋਲਨਕਾਰੀ ਕਿਸਾਨਾਂ ਨੂੰ ਸਾਹਮਣਾ ਕਰਨਾ ਪੈ ਸਕਦਾ ਹੈ। ਡਾਕਟਰ ਢਿੱਲੋਂ ਨੇ ਇਹ ਵੀ ਦੱਸਿਆ ਕਿ ਕੁਝ ਕਿਸਾਨਾਂ ਨੂੰ ਡਾਕਟਰ ਸਵੈਮਾਣ ਸਿੰਘ ਦੀ ਟੀਮ ਵੱਲੋਂ ਮੀਂਹ ਤੋਂ ਬਚਣ ਲਈ ਰਾਤ ਵੇਲੇ ਰਿਹਾਇਸ਼ ਦਾ ਪ੍ਰਬੰਧ ਕਰਕੇ ਦਿੱਤਾ ਗਿਆ। ਉਧਰ, ਡੱਲੇਵਾਲ ਦੇ ਡਾਕਟਰ ਸਵੈਮਨ ਸਿੰਘ ਨੇ ਕਿਹਾ ਕਿ ਇਹ ਸਾਡੇ ਲਈ ਬਹੁਤ ਚਿੰਤਾ ਦਾ ਵਿਸ਼ਾ ਹੈ। ਜੇਕਰ ਕਿਸੇ ਵਿਅਕਤੀ ਨੇ 28 ਦਿਨਾਂ ਤੋਂ ਕੁਝ ਨਹੀਂ ਖਾਧਾ ਤਾਂ ਉਸ ਦੀ ਹਾਲਤ ਆਮ ਨਹੀਂ ਹੋ ਸਕਦੀ। ਇਸ ਸਭ ਦੇ ਬਾਵਜੂਦ ਸੁਪਰੀਮ ਕੋਰਟ ਨੂੰ ਦਿੱਤੀ ਗਈ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਡੱਲੇਵਾਲ ਦੀ ਸਿਹਤ ਨਾਰਮਲ ਹੈ। ਡੱਲੇਵਾਲ ਦੀ ਜ਼ਿੰਦਗੀ ਨਾਲ ਸਿਆਸਤ ਖੇਡੀ ਜਾ ਰਹੀ ਹੈ। ਡਾਕਟਰ ਸਵੈਮਨ ਸਿੰਘ ਨੇ ਕਿਹਾ ਕਿ ਜਦੋਂ ਉਨ੍ਹਾਂ ਨੂੰ ਪੱਤਰਕਾਰਾਂ ਦੇ ਫੋਨ ਆਏ ਤਾਂ ਉਨ੍ਹਾਂ ਨੂੰ ਪਤਾ ਲੱਗਾ ਕਿ ਸੁਪਰੀਮ ਕੋਰਟ ਵਿੱਚ ਪੇਸ਼ ਕੀਤੀ ਗਈ ਰਿਪੋਰਟ ਸਾਧਾਰਨ ਸੀ। ਡੱਲੇਵਾਲ ਦੀ ਸਿਹਤ ਸਬੰਧੀ ਸੁਪਰੀਮ ਕੋਰਟ ਵਿੱਚ ਪੇਸ਼ ਕੀਤੀ ਗਈ ਰਿਪੋਰਟ ਗਲਤ ਹੈ ਤੇ ਤੁਰੰਤ ਕਾਰਵਾਈ ਦੀ ਲੋੜ ਹੈ। ਦੱਸ ਦਈਏ ਕਿ ਡੱਲੇਵਾਲ ਦੇ ਮਰਨ ਵਰਤ ਮਗਰੋਂ ਹਰਿਆਣਾ-ਪੰਜਾਬ ਦੀ ਖਨੌਰੀ ਬਾਰਡਰ ਕਿਸਾਨ ਅੰਦੋਲਨ ਦਾ ਨਵਾਂ ਕੇਂਦਰ ਬਣ ਗਿਆ ਹੈ। ਕਿਸਾਨਾਂ ਨੇ ਇੱਥੇ ਪੱਕੇ ਸ਼ੈੱਡ ਬਣਾਉਣੇ ਸ਼ੁਰੂ ਕਰ ਦਿੱਤੇ ਹਨ। ਠੰਢ ਤੋਂ ਬਚਾਅ ਲਈ ਲੱਕੜਾਂ ਵੀ ਇਕੱਠੀਆਂ ਕੀਤੀਆਂ ਜਾ ਰਹੀਆਂ ਹਨ। ਇਸ ਦੇ ਨਾਲ ਹੀ ਕੰਬਲ ਤੇ ਹੋਰ ਗਰਮ ਕੱਪੜੇ ਵੀ ਕਿਸਾਨਾਂ ਕੋਲ ਪਹੁੰਚ ਗਏ ਹਨ। ਇੱਥੇ ਵਾਈਫਾਈ ਕਨੈਕਸ਼ਨ ਵੀ ਲਾਏ ਜਾ ਰਹੇ ਹਨ। ਕਿਸਾਨ ਘੱਟੋ-ਘੱਟ ਸਮਰਥਨ ਮੁੱਲ 'ਤੇ ਫਸਲਾਂ ਦੀ ਖਰੀਦ ਦੀ ਗਰੰਟੀ ਦੇਣ ਲਈ ਕਾਨੂੰਨ ਬਣਾਉਣ ਦੀ ਮੰਗ ਕਰ ਰਹੇ ਹਨ।

# ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਹਾਲ ਜਾਨਣ ਲਈ ਗੁਰਪ੍ਰਤਾਪ ਸਿੰਘ ਵਡਾਲਾ ਖਨੌਰੀ ਬਾਰਡਰ ਪੁੱਜੇ



**ਖਨੌਰੀ ਬਾਰਡਰ, 23 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਆਪਣੇ ਸਾਥੀਆਂ ਦੇ ਨਾਲ ਖਨੌਰੀ ਬਾਰਡਰ ਤੇ ਡੱਲੇਵਾਲ ਸਾਹਿਬ ਨੂੰ ਸਮਰਥਨ ਦੇਣ ਲਈ ਅਤੇ ਉਨਾਂ ਪ੍ਰਤੀ ਆਪਣਾ ਸਤਿਕਾਰ ਭੇਟ ਕਰਨ ਲਈ ਹਾਜ਼ਰੀ ਲਗਾ ਕੇ ਆਏ ਹਾਂ ਸਮੁੱਚੇ ਪੰਜਾਬੀ ਅਤੇ ਕਿਸਾਨਾਂ ਦਾ ਦਰਦ ਸਮਝਣ ਵਾਲੇ ਲੋਕ ਉਨਾਂ ਦੀ ਲੰਬੀ ਉਮਰ ਅਤੇ ਚੰਗੀ ਸਿਹਤ ਲਈ ਅਰਦਾਸ ਕਰ ਰਹੇ ਹਨ। ਆਉ ਸਾਰੇ ਇਕੱਠੇ ਹੋ ਕੇ ਪੰਜਾਬ ਅਤੇ ਕੇਂਦਰ ਸਰਕਾਰ ਉੱਤੇ ਦਬਾਅ ਪਾਈਏ ਕਿ ਕਿਸਾਨਾਂ ਦੇ ਮਸਲਿਆਂ ਦਾ ਮੁਕੰਮਲ ਤੌਰ ਤੇ ਹੱਲ ਲੱਭਿਆ ਜਾਵੇ। ਜਿਹੜੇ ਪੰਜਾਬ ਦੇ ਕਿਸਾਨ ਇੰਨੇ ਲੰਬੇ ਸਮੇਂ ਤੋਂ ਸੰਘਰਸ਼ ਕਰ ਰਹੇ ਹਨ ਉਹਨਾਂ ਨਾਲ ਗੱਲਬਾਤ ਕਰਕੇ ਸਾਰਿਆ ਮੰਗਾਂ ਦਾ ਤਸੱਲੀ ਬਖਸ਼ ਹੱਲ ਲੱਭਣਾ ਚਾਹੀਦਾ ਹੈ।

# ਪੰਜਾਬ ਬੰਦ ਦੀਆਂ ਤਿਆਰੀਆਂ ਲਈ ਕਿਸਾਨਾਂ ਦੀ ਵਿਸ਼ਾਲ ਮੀਟਿੰਗ, ਕੀਤੀ ਅਪੀਲ

**ਚੰਡੀਗੜ੍ਹ, 23 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ਼ੰਭੂ –ਖਨੌਰੀ ਬਾਰਡਰਾਂ ਤੇ ਮੋਰਚੇ ਦੇ ਲਾਈ ਬੈਠੇ ਕਿਸਾਨਾਂ ਮਜ਼ਦੂਰਾਂ ਵੱਲੋਂ ਕਿਸਾਨ ਆਗੂ ਡੱਲੇਵਾਲ ਦੀ ਕੀਮਤੀ ਜ਼ਿੰਦਗੀ ਬਚਾਉਣ ਲਈ ਸਮੁੱਚੇ ਪੰਜਾਬ ਵਾਸੀਆਂ ਦੀ ਸ਼ਮੂਲੀਅਤ ਵਾਲਾ ਪੰਜਾਬ ਬੰਦ ਕਰਨ ਦੀ ਅਪੀਲ ਕੀਤੀ ਗਈ। 30 ਦਸੰਬਰ ਦੇ ਬੰਦ ਦੀਆਂ ਤਿਆਰੀਆਂ ਲਈ ਕਿਸਾਨਾਂ, ਮਜ਼ਦੂਰਾਂ ਅਤੇ ਬੀਬੀਆਂ ਦੀ ਵਿਸ਼ਾਲ ਮੀਟਿੰਗ ਜ਼ਿਲ੍ਹਾ ਆਗੂ ਧਰਮ ਸਿੰਘ ਸਿੱਧੂ ਦੀ ਅਗਵਾਈ 'ਚ ਗੁਰੂਦੁਆਰਾ ਪ੍ਰਗਟ ਸਾਹਿਬ ਵਿਖੇ ਹੋਏ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸ਼ਭਰਾ ਅਤੇ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ ਨੇ ਆਖਿਆ ਕਿ ਸਮੁੱਚੇ ਲੋਕਾਂ ਦੀ ਰੋਜੀ ਰੋਟੀ ਬਚਾਉਣ ਲਈ ਪਿਛਲੇ 10 ਮਹੀਨੇ ਤੋਂ ਮੋਰਚਾ ਚੱਲ ਰਿਹਾ ਹੈ ਪਰ ਕੇਂਦਰ ਸਰਕਾਰ ਗੱਲ ਸੁਣਨ ਨੂੰ ਤਿਆਰ ਨਹੀਂ ਤੇ ਸਰਕਾਰ ਨੂੰ ਜਗਾਉਣ ਲਈ ਉੱਘੇ ਕਿਸਾਨ ਆਗੂ 28 ਦਿਨਾਂ ਤੋਂ ਮਰਨ ਵਰਤ 'ਤੇ ਬੈਠੇ ਹਨ ਤੇ ਉਨ੍ਹਾਂ ਦੀ ਹਾਲਤ ਨਾਜ਼ੁਕ ਦੌਰ ਵਿਚ ਹੈ। ਕਿਸਾਨ ਆਗੂ ਨੂੰ ਬਚਾਉਣ ਤੇ ਆਪਣੀਆਂ ਮੰਗਾਂ ਮੰਨਵਾਉਣ ਲਈ ਮੋਦੀ ਸਰਕਾਰ ਨੂੰ ਜਗਾਉਣ ਲਈ 30 ਦਸੰਬਰ ਨੂੰ ਪੰਜਾਬ ਬੰਦ ਕਰਕੇ ਸਮੁੱਚੇ ਲੋਕਾਂ ਵੱਲੋਂ ਇਕਮੁਠੱਤਾ ਦਿਖਾਉਣ ਦੀ ਅਪੀਲ । ਇਸ ਮੌਕੇ ਮੰਗਲ ਸਿੰਘ, ਫੁੰਮਣ ਸਿੰਘ, ਭਗਵਾਨ ਸਿੰਘ, ਦੀਵਾਨ ਚੰਦ, ਅਵਤਾਰ ਸਿੰਘ, ਪ੍ਰੀਤਮ ਸਿੰਘ , ਸੁਖਦੇਵ ਸਿੰਘ, ਸਰਵਨ ਸਿੰਘ , ਦਰਬਾਰਾ ਸਿੰਘ, ਜਸਵਿੰਦਰ ਕੌਰ ਅਤੇ ਮਨਜੀਤ ਕੌਰ, ਮਹਿੰਦਰ ਕੌਰ ਆਦਿ ਹਾਜ਼ਰ ਸਨ।

ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi
ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼
www.damdamitaksal.net
ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੱ ਟਿੱਪੀ | ਂ ਕੰਨਾ-ਬਿੰਦੀ
www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI

## ਸਿੱਖ ਸੇਵਾ ਅਤੇ ਸਿੱਖ ਸੰਘਰਸ਼ ਦਾ ਬਾਬਾ ਬੋਹੜ

# ਸ੍ਰੀਮਾਨ ਸੰਤ ਬਾਬਾ ਠਾਕੁਰ ਸਿੰਘ ਜੀ ਭਿੰਡਰਾਂਵਾਲੇ



**ਵੀਹਵੀਂ** ਸਦੀ ਦੀਆਂ ਮਹਾਨ ਸ਼ਖਸੀਅਤਾਂ ਅਤੇ ਦਮਦਮੀ ਟਕਸਾਲ ਦੇ ਚਮਕਦੇ ਸਿਤਾਰਿਆਂ ਵਿੱਚੋਂ ਇੱਕ ਨਾਮ ਬੜੇ ਅਦਬ ਤੇ ਸਤਿਕਾਰ ਨਾਲ ਲਿਆ ਜਾਂਦਾ ਹੈ ਉਹ ਹੈ ਸ੍ਰੀਮਾਨ ਸੰਤ ਬਾਬਾ ਠਾਕੁਰ ਸਿੰਘ ਜੀ ਪੰਦਰਵੇਂ ਮੁਖੀ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ।ਜਿਨ੍ਹਾਂ ਦਾ ਜਨਮ 1912 ਈਸਵੀ ਨੂੰ ਪਿੰਡ ਈਚੋਗਿਲ ਤਹਿਸੀਲ ਕਸੂਰ ਜਿਲਾ ਲਾਹੌਰ ਪਾਕਿਸਤਾਨ ਵਿਖੇ ਪਿਤਾ ਬਾਬਾ ਬਹਾਦਰ ਸਿੰਘ ਉਰਫ ਖੜਕ ਸਿੰਘ ਦੇ ਗ੍ਰਹਿ ਮਾਤਾ ਪ੍ਰੇਮ ਕੌਰ ਜੀ ਦੀ ਕੁੱਖੋਂ ਹੋਇਆ ।ਆਪ ਜੀ ਦੇ ਤਿੰਨ ਭਰਾ ਬਾਬਾ ਸ਼ਮੀਰ ਸਿੰਘ ਬਾਬਾ ਰਤਨ ਸਿੰਘ ਅਤੇ ਬਾਬਾ ਵੀਰ ਸਿੰਘ ਦੋ ਭੈਣਾਂ ਬੀਬੀ ਸਵਰਨ ਕੌਰ ਅਤੇ ਬੀਬੀ ਰਾਮ ਕੌਰ ਜੀ ਸਨ ।ਆਪ ਜੀ ਦੇ ਪਿਤਾ ਜੀ ਬਹੁਤ ਗੁਰਬਾਣੀ ਦੇ ਰਸੀਏ ਕੱਟੜ ਅਕਾਲੀ ਸੱਚ ਤੇ ਪਹਿਰਾ ਦੇਣ ਵਾਲੇ ਸਨ ।ਉਨ੍ਹਾਂ ਨੇ ਪੰਥ ਵੱਲੋਂ ਲੱਗੇ ਹਰ ਮੋਰਚੇ ਵਿਚ ਮੋਹਰੀ ਹੋਕੇ ਗ੍ਰਿਫਤਾਰੀ ਦਿਤੀ1947 ਦੀ ਭਾਰਤ ਪਾਕਿ ਦੀ ਵੰਡ ਸਮੇਂ ਆਪ ਜੀ ਦਾ ਪਰਿਵਾਰ ਫ਼ਿਰੋਜ਼ਪੁਰ ਜ਼ਿਲ੍ਹੇ ਦੇ ਪਿੰਡ ਸਧਰਵਾਲਾ ਨਜ਼ਦੀਕ ਮੱਖੂ ਆਣ ਵੱਸਿਆ ।ਬਾਬਾ ਜੀ ਸ਼ੁਰੂ ਤੋਂ ਹੀ ਧਾਰਮਿਕ ਬਿਰਤੀ ਵਾਲੇ ਸਨ ਬਾਬਾ ਜੀ ਜੁਆਨੀ ਵਿੱਚ ਪੈਰ ਧਰਦਿਆਂ ਹੀ ਭਿੰਡਰ ਕਲਾਂ ਵਿਖੇ ਦਮਦਮੀ ਟਕਸਾਲ ਦੇ ਬਾਰ੍ਹਵੇ ਮੁਖੀ ਸ੍ਰੀਮਾਨ ਸੰਤ ਗਿਆਨੀ ਗੁਰਬਚਨ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਜੀ ਦੀ ਸੇਵਾ ਵਿਚ ਚਲੇ ਗਏ ਉੱਥੇ ਗੁਰਮਤਿ ਦੀ ਵਿੱਦਿਆ ਗ੍ਰਹਿਣ ਕੀਤੀ ਅਤੇ 22 ਸਾਲ ਗੜਵਈ ਦੇ ਤੌਰ ਤੇ ਸੇਵਾ ਨਿਭਾਈ ।ਉਹਨਾਂ ਮਹਾਂਪੁਰਖਾਂ ਦੇ ਅਕਾਲ ਚਲਾਣੇ ਤੋਂ ਬਾਅਦ ਸ੍ਰੀਮਾਨ ਸੰਤ ਕਰਤਾਰ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਨਾਲ ਅਤੇ ਫਿਰ ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਨਾਲ ਜਥੇ ਸੰਗਤ ਦੀ ਸੇਵਾ ਕੀਤੀ ।1975 ਦੇ ਦੌਰਾਨ ਜਦੋਂ ਭਾਰਤ ਦੀ ਸਰਕਾਰ ਨੇ ਪੂਰੇ ਦੇਸ਼ ਵਿੱਚ ਐਮਰਜੈਸੀ ਲਗਾ ਕੇ ਮਨੁੱਖੀ ਹੱਕਾਂ ਨੂੰ ਕੁਚਲਣ ਦੀਆਂ ਕੋਝੀਆਂ ਚਾਲਾਂ ਚਲਣੀਆਂ ਸ਼ੁਰੂ ਕੀਤੀਆਂ ਤਾਂ ਉਸ ਸਮੇਂ ਦਮਦਮੀ ਟਕਸਾਲ ਦੇ ਤੇਰ੍ਹਵੇਂ ਮੁਖੀ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਪਤਿਤ ਪੁਣੇ ਅਤੇ ਐਮਰਜੈਸੀ ਦੇ ਵਿਰੁੱਧ ਵਿਸ਼ਾਲ ਲਹਿਰ ਖੜੀ ਕਰਕੇ ਸਮੇਂ ਦੀ ਹਕੂਮਤ ਨੂੰ ਵੰਗਾਰਿਆ ਤਾਂ ਸੰਤ ਗਿਆਨੀ ਕਰਤਾਰ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਨੇ ਬਹੁਤ ਵੱਡੇ ਇਕੱਠ ਵਿੱਚ ਐਲਾਨ ਕੀਤਾ ਕਿ ਜੇਕਰ ਸਰਕਾਰ ਮੈਨੂੰ ਗ੍ਰਿਫ਼ਤਾਰ ਕਰ ਲੈਂਦੀ ਹੈ ਜਾਂ ਮੈਨੂੰ ਕੋਈ ਸਰੀਰਕ ਨੁਕਸਾਨ ਹੁੰਦਾ ਹੈ ਤਾਂ ਜਥੇ ਦੀ ਅਗਵਾਈ ਸੰਤ ਬਾਬਾ ਠਾਕੁਰ ਸਿੰਘ ਜੀ ਕਰਨਗੇ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਜੀ ਜਦ ਪੂਰੇ ਦੇਸ਼ ਵਿੱਚ ਵਿਚਾਰ ਕੇ ਸਿੱਖੀ ਦਾ ਪ੍ਰਚਾਰ ਕਰ ਰਹੇ ਸਨ ਤਾਂ ਉਸ ਸਮੇਂ ਸਤਿਕਾਰਯੋਗ ਬਾਬਾ ਠਾਕੁਰ ਸਿੰਘ ਜੀ ਨੇ ਦਮਦਮੀ ਟਕਸਾਲ ਦੇ ਹੈੱਡ ਕੁਆਟਰ ਮਹਿਤਾ ਚੌਕ ਵਿਖੇ ਵਿਦਿਆਰਥੀਆਂ ਨੂੰ ਪੜ੍ਹਾਉਣ ਦੀ ਜਿੰਮੇਵਾਰੀ ਬੜੀ ਸ਼ਿੱਦਤ ਨਾਲ਼ ਨਿਭਾਈ ।ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ. ਬਹਾਦੁਰ ਸਾਹਿਬ ਜੀ ਦੇ ਤਿੰਨ ਸੌ ਸਾਲਾ ਸ਼ਹੀਦੀ ਗੁਰਪੁਰਬ ਨੂੰ ਸਮਰਪਿਤ ਦਮਦਮੀ ਟਕਸਾਲ ਵੱਲੋਂ ਦੇਸ਼ ਵਿੱਚ 37 ਮਹਾਨ ਜਲੂਸ ਕੱਢ ਕੇ ਮਨੁੱਖਤਾ ਨੂੰ ਗੁਰੂ ਸਾਹਿਬ ਦੇ ਮਹਾਨ ਬਲੀਦਾਨ ਪ੍ਰਤੀ ਜਾਗਰੂਕ ਕੀਤਾ ਤਾਂ ਉਸ ਵਿੱਚ ਬਾਬਾ ਠਾਕੁਰ ਸਿੰਘ ਜੀ ਦਾ ਵਿਸ਼ੇਸ਼ ਯੋਗਦਾਨ ਰਿਹਾ ।ਅਗਸਤ 1977 ਨੂੰ ਜਦੋਂ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਅਕਾਲ ਚਲਾਣਾ ਕਰ ਗਏ ਤਾਂ ਪੂਰੇ ਸਿੱਖ ਜਗਤ ਵਿੱਚ ਸੋਗ ਦੀ ਲਹਿਰ ਛਾ ਗਈ ਤਾਂ ਸੰਗਤਾਂ ਬਹੁਤ ਵਿਆਕੁਲ ਸਨ ਤਾਂ ਉਸ ਸਮੇਂ ਹਾਲਾਤਾਂ ਨੂੰ ਕਾਬੂ ਵਿੱਚ ਰੱਖ ਕੇ ਬੜੀ ਸੂਝ ਨਾਲ ਹਾਲਾਤਾਂ ਨੂੰ ਸੰਭਾਲਿਆ ਅਤੇ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਅਨੁਸਾਰ ਅਗਲੇ ਮੁਖੀ ਦੀ ਚੋਣ ਵੀਹਵੀਂ ਸਦੀ ਦੇ ਮਹਾਨ ਜਰਨੈਲ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਰੂਪ ਵਿੱਚ ਕੀਤੀ ।ਸਮੁੱਚੀਆਂ ਸਿੱਖ ਸੰਪਰਦਾਵਾਂ ਦੇ ਮੁਖੀਆਂ ਅਤੇ ਟਕਸਾਲ ਦੇ ਵਿਦਿਆਰਥੀਆਂ ਨੇ ਬਾਬਾ ਠਾਕੁਰ ਸਿੰਘ ਜੀ ਦੇ ਫ਼ੈਸਲੇ ਅੱਗੇ ਸਿਰ ਝੁਕਾਉਂਦਿਆਂ ਪ੍ਰਵਾਨਗੀ ਦਿੱਤੀ ।ਸਿੱਖ ਕੌਮ ਤੇ ਹੋਰ ਅੰਦਰੂਨੀ ਅਤੇ ਬਾਹਰੀ ਹਮਲਿਆਂ ਦੇ ਚਲਦਿਆਂ ਤੇਰਾਂ ਅਪ੍ਰੈਲ 1978 ਨੂੰ ਹੋਏ ਨਿਰੰਕਾਰੀ ਕਾਂਡ ਉਪਰੰਤ ਅਰੰਭੇ ਸੰਘਰਸ਼ ਅਤੇ ਸ੍ਰੀਮਾਨ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਗ੍ਰਿਫਤਾਰੀ ਵੇਲੇ ਵੀ ਸੰਤ ਜਰਨੈਲ ਸਿੰਘ ਜੀ ਨੇ ਐਲਾਨ ਕੀਤਾ ਸੀ ਕਿ ਮੇਰੀ ਗੈਰ ਹਾਜ਼ਰੀ ਵਿੱਚ ਜਥੇ ਦੇ ਮੁਖੀ ਵਜੋਂ ਸੇਵਾਵਾਂ ਬਾਬਾ ਠਾਕੁਰ ਸਿੰਘ ਜੀ ਨਿਭਾਉਣਗੇ । ਜਿਸ ਸਮੇਂ ਧਰਮਯੁੱਧ ਮੋਰਚੇ ਦੀ ਅਗਵਾਈ ਸੰਤ ਜਰਨੈਲ ਸਿੰਘ ਜੀ ਕਰ ਰਹੇ ਸਨ ਤਾਂ ਦਮਦਮੀ ਟਕਸਾਲ ਦੀ ਸਮੁੱਚੀ ਜਿੰਮੇਵਾਰੀ ਬਾਬਾ ਠਾਕੁਰ ਸਿੰਘ ਜੀ ਨੇ ਨਿਭਾਈ ।ਜੂਨ 1984 ਦੇ ਭਾਰਤੀ ਹਕੂਮਤ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਕੀਤੇ ਟੈਂਕਾਂ ਤੇ ਤੋਪਾਂ ਦੇ ਹਮਲੇ ਸਮੇਂ ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਅਤੇ ਭਾਈ ਅਮਰੀਕ ਸਿੰਘ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੀ ਅਗਵਾਈ ਵਿੱਚ ਸਿੰਘ ਸ਼ਹੀਦ ਹੋ ਗਏ ਸ੍ਰੀ ਅਕਾਲ ਤਖ਼ਤ ਸਾਹਿਬ ਢਹਿ ਢੇਰੀ ਹੋ ਗਿਆ ਸਮੁੱਚਾ ਪੰਜਾਬ ਮਿਲਟਰੀ ਛਾਉਣੀ ਵਿੱਚ ਤਬਦੀਲ ਹੋ ਗਿਆ ਤਾਂ ਉਸ ਬਿਖੜੇ ਸਮੇਂ ਵਿੱਚ ਪੂਰੀ ਕੌਮ ਦੀਆਂ ਨਿਗਾਹਾਂ ਦਮਦਮੀ ਟਕਸਾਲ ਤੇ ਟਿਕੀਆਂ ਸਨ ਉਸ ਸਮੇਂ ਕੌਮ ਦੀ ਅਗਵਾਈ ਬਾਬਾ ਠਾਕੁਰ ਸਿੰਘ ਜੀ ਨੇ ਬੜੇ ਚੁਣੌਤੀ ਭਰੇ ਹਾਲਾਤਾਂ ਵਿੱਚ ਕੀਤੀ ਸਰਬੱਤ ਖਾਲਸਾ ਬੁਲਾਕੇ ਹੋਰ ਫੈਸਲਿਆਂ ਦੇ ਨਾਲ ਨਾਲ ਸਰਕਾਰੀ ਮਸ਼ੀਨਰੀ ਨਾਲ਼ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਬਿਲਡਿੰਗ ਨੂੰ ਨਾਂ ਪ੍ਰਵਾਨ ਕਰਕੇ ਕੌਮ ਦੀਆਂ ਭਾਵਨਾਵਾਂ ਅਨੁਸਾਰ ਉਸਾਰਨ ਦਾ ਫੈਸਲਾ ਕੀਤਾ ਅਤੇ ਬਹੁਤ ਆਲੀਸ਼ਾਨ ਬਿਲਡਿੰਗ ਤਿਆਰ ਕਰਵਾਈ ।ਫ਼ੌਜੀ ਹਮਲੇ ਸਮੇਂ ਗ੍ਰਿਫ਼ਤਾਰ ਸਿੰਘਾ ਦੇ ਪਰਿਵਾਰਾਂ ਨੂੰ ਸੰਭਾਲਿਆ ਅਤੇ ਜੋਧਪੁਰ ਸਮੇਤ ਦੇਸ਼ ਦੀਆਂ ਵੱਖ ਵੱਖ-ਵੱਖ ਜੇਲ੍ਹਾਂ ਵਿੱਚ ਨਜ਼ਰਬੰਦ ਸਿੰਘਾ ਦੀਆਂ ਮੁਲਾਕਾਤਾਂ ਕੀਤੀਆਂ ।ਸਿੱਖ ਸੰਘਰਸ਼ ਵਿੱਚ ਸ਼ਾਮਲ ਸਿੰਘਾ ਦੇ ਪਰਿਵਾਰਾਂ ਨੂੰ ਸੰਭਾਲਣ ਦੇ ਨਾਲ ਨਾਲ ਸਿੱਖ ਸੰਘਰਸ਼ ਦੀ ਅਗਵਾਈ ਵੀ ਕੀਤੀ । ਜੂਨ 1984 ਦੇ ਹਮਲੇ ਸਮੇਂ ਬੈਰਕਾਂ ਛੱਡਣ ਵਾਲੇ ਧਰਮੀ ਫ਼ੌਜੀਆਂ ਦੇ ਕੇਸਾਂ ਦੀ ਪੈਰਵਾਈ ਕੀਤੀ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਯੋਗ ਮਦਦ ਵੀ ਕੀਤੀ ।ਇਸ ਦੇ ਨਾਲ ਨਾਲ ਗੁਰਮਤਿ ਵਿਦਿਆਲਾ ਵੀ ਚਲਾਇਆ ਅਤੇ ਅਨੇਕਾਂ ਸਿੰਘਾ ਨੂੰ ਰਾਗੀ,ਗ੍ਰੰਥੀ ਅਤੇ ਕਥਾਵਾਚਕ ਬਣਾਇਆ ਦੇਸ਼ ਵਿਦੇਸ਼ ਵਿੱਚ ਸਿੱਖੀ ਪ੍ਰਚਾਰ ਅਤੇ ਅੰਮ੍ਰਿਤ ਸੰਚਾਰ ਦੀ ਲਹਿਰ ਚਲਾਈ ।ਬਾਬਾ ਠਾਕੁਰ ਸਿੰਘ ਜੀ ਨੇ ਦੇਸ਼ ਦੇ ਨਾਲ਼ ਨਾਲ ਵਿਦੇਸ਼ਾਂ ਵਿੱਚ ਵੀ ਗੁਰਮਤਿ ਵਿਦਿਆਲੇ ਤਿਆਰ ਕਰਕੇ ਬਹੁਤ ਸਾਰੇ ਸਿੱਖ ਵਿਦਵਾਨਾਂ ਅਤੇ ਬੱਚਿਆਂ ਨੂੰ ਵਿਦੇਸ਼ਾਂ ਵਿੱਚ ਸੈੱਟ ਕੀਤਾ ਜੋ ਅੱਜ ਵੀ ਸਿੱਖੀ ਦੀ ਨਿੱਗਰ ਸੇਵਾ ਕਰ ਰਹੇ ਹਨ ।ਬਾਬਾ ਜੀ ਅੱਧੀ ਸਦੀ ਤੋਂ ਵੱਧ ਸਮਾਂ ਸਿੱਖੀ ਦੀ ਮਹਾਂਨ ਸੇਵਾ ਕਰਦੇ ਹੋਏ 92 ਸਾਲ ਦੀ ਉਮਰ ਵਿੱਚ 24 ਦਸੰਬਰ 2004 ਨੂੰ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਉਨ੍ਹਾਂ ਦੇ ਅਕਾਲ ਚਲਾਣੇ ਦੀ ਖ਼ਬਰ ਸੁਣ ਹਰ ਪੰਥ ਦਰਦੀ ਦਾ ਹਿਰਦਾ ਦੁਖੀ ਅਤੇ ਅੱਖਾਂ ਨਮ ਹੋ ਗਈਆਂ ਸਿੱਖੀ ਦੀ ਮਹਾਨ ਸੇਵਾ ਕਰਨ ਵਾਲਾ ਦਮਦਮੀ ਟਕਸਾਲ ਦਾ ਬਾਬਾ ਬੋਹੜ ਅੱਜ ਸਦਾ ਲਈ ਖਾਮੋਸ਼ ਹੋ ਗਿਆ ਜਿਸ ਦੀ ਛਾਂ ਹੇਠ ਹਰੇਕ ਸੰਘਰਸ਼ੀ ਸਿੱਖ ਜਾਂ ਪੰਥਕ ਪਰਿਵਾਰ ਬਿਨਾਂ ਝਿਜਕ ਨਿੱਘ ਮਾਣ ਸਕਦਾ ਸੀ ਅਤੇ ਬਾਬਾ ਜੀ ਨੂੰ ਮਿਲਣ ਉਪਰੰਤ ਆਪਣੇ ਆਪ ਨੂੰ ਬੋਝ ਮੁਕਤ ਸਮਝਦਾ ਸੀ ।ਦੁਨੀਆਂ ਭਰ ਦੀਆਂ ਸਿੱਖ ਸੰਸਥਾਵਾਂ ਨੇ ਬਾਬਾ ਠਾਕੁਰ ਸਿੰਘ ਜੀ ਦੇ ਅਕਾਲ ਚਲਾਣੇ ਤੇ ਦੁੱਖ ਦਾ ਇਜ਼ਹਾਰ ਕਰਦਿਆਂ ਉਨ੍ਹਾਂ ਵੱਲੋਂ ਪੰਥ ਪ੍ਰਤੀ ਕੀਤੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ ।ਉਨ੍ਹਾਂ ਦੀ ਯਾਦ ਵਿੱਚ ਬਹੁਤ ਯਾਦਗਾਰਾਂ ਬਣਾਈਆਂ ਗਈਆਂ ਜਿਨ੍ਹਾਂ ਵਿੱਚ ਵਿਸ਼ੇਸ਼ ਤੌਰ ਤੇ ਉਨ੍ਹਾਂ ਦੇ ਭਤੀਜੇ ਭਾਈ ਖਜਾਨ ਸਿੰਘ ਨੇ ਪਰਿਵਾਰ ਅਤੇ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਉਨ੍ਹਾਂ ਦੇ ਨਗਰ ਸੱਧਰ ਵਾਲਾ (ਫ਼ਿਰੋਜ਼ਪੁਰ) ਵਿਖੇ ਗੁਰਦੁਆਰਾ ਅਕਾਲ ਦਰਬਾਰ ਸਾਹਿਬ ਤਿਆਰ ਕਰਵਾਇਆ ਗਿਆ ਹੈ ।ਹਰ ਸਾਲ ਸਤਿਕਾਰਯੋਗ ਬਾਬਾ ਠਾਕੁਰ ਸਿੰਘ ਜੀ ਦੀ ਸਲਾਨਾ ਬਰਸੀ 24 ਦਸੰਬਰ ਨੂੰ ਦੇਸ਼ ਵਿਦੇਸ਼ ਵਿੱਚ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਈ ਜਾਂਦੀ ਹੈ ।ਉਨ੍ਹਾਂ ਦੀ ਬਰਸੀ ਮੌਕੇ ਅਸੀਂ ਉਨ੍ਹਾਂ ਨੂੰ ਦਿਲੋਂ ਸਿਜਦਾ ਕਰਦੇ ਹਾਂ ਜੀ । ••

## ਸਧਰਵਾਲਾ (ਫ਼ਿਰੋਜ਼ਪੁਰ) ਬਹੁਤ ਸੁੰਦਰ ਗੁਰਦੁਆਰਾ ਅਕਾਲ ਦਰਬਾਰ ਸਾਹਿਬ ਤਿਆਰ ਕਰਵਾਇਆ ਗਿਆ





ਸਧਰਵਾਲਾ (ਫ਼ਿਰੋਜ਼ਪੁਰ) ਬਹੁਤ ਸੁੰਦਰ ਗੁਰਦੁਆਰਾ ਅਕਾਲ ਦਰਬਾਰ ਸਾਹਿਬ ਤਿਆਰ ਕਰਵਾਇਆ ਗਿਆ ਹੈ । ਹਰ ਸਾਲ ਸ੍ਰੀਮਾਨ ਸੰਤ ਬਾਬਾ ਠਾਕੁਰ ਸਿੰਘ ਜੀ ਦੀ ਸਾਲਾਨਾ ਬਰਸੀ ਦੇਸ਼ ਵਿਦੇਸ਼ ਵਿੱਚ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਈ ਜਾਂਦੀ ਹੈ ।ਅਸੀਂ ਉਨ੍ਹਾਂ ਦੀ ਬਰਸੀ ਮੌਕੇ ਉਨ੍ਹਾਂ ਵੱਲੋਂ ਕੌਮ ਪ੍ਰਤੀ ਕੀਤੀਆਂ ਮਹਾਨ ਸੇਵਾਵਾਂ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਸ਼ਰਧਾ ਸਤਿਕਾਰ ਭੇਂਟ ਕਰਦੇ ਹਾਂ । ਉਨ੍ਹਾਂ ਦੀਆਂ ਯਾਦਾਂ ਅੱਜ ਵੀ ਸਾਡੇ ਮਨਾਂ ਅੰਦਰ ਤਾਜ਼ਾ ਹਨ।

**ਸੁਖਦੇਵ ਸਿੰਘ ਭੂਰਾ ਕੋਹਨਾਂ**
**ਸਾਬਕਾ ਸਕੱਤਰ**
**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ**
**ਮੋਬਾਈਲ 9814898268**







## ਪੰਜਾਬ 'ਚ ਬਦਲਿਆ ਮੌਸਮ ਦਾ ਮਿਜਾਜ਼, ਚਿਤਾਵਨੀ ਜਾਰੀ

**ਚੰਡੀਗੜ੍ਹ, 23 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਚ ਮੌਸਮ ਨੂੰ ਲੈ ਕੇ ਵੱਡੀ ਅਪਡੇਟ ਸਾਹਮਣੇ ਆਈ ਹੈ। ਪੰਜਾਬ ਵਿਚ ਮੌਸਮ ਨੇ ਆਪਣਾ ਮਿਜਾਜ਼ ਬਦਲ ਲਿਆ ਹੈ। ਕਈ ਜ਼ਿਲ੍ਹਿਆਂ ਵਿਚ ਜਿੱਥੇ ਬਾਰਿਸ਼ ਨੇ ਦਸਤਕ ਦਿੱਤੀ ਹੈ, ਉਥੇ ਹੀ ਠੰਡੀਆਂ-ਠੰਡੀਆਂ ਹਵਾਵਾਂ ਵੀ ਚੱਲਣ ਲੱਗ ਗਈਆਂ ਹਨ। ਤੇਜ਼ ਹਵਾਵਾਂ ਕਾਰਨ ਠੰਡ ਵਿਚ ਹੋਰ ਵਾਧਾ ਹੋਣ ਲੱਗਾ ਹੈ। ਪਹਾੜੀ ਇਲਾਕਿਆਂ 'ਚ ਹੋ ਰਹੀ ਬਰਫ਼ਬਾਰੀ ਕਾਰਨ ਮਹਾਨਗਰ ਦਾ ਘੱਟੋ-ਘੱਟ ਤਾਪਮਾਨ 5-6 ਡਿਗਰੀ ਸੈਲਸੀਅਸ ਦੇ ਵਿਚਕਾਰ ਚੱਲ ਰਿਹਾ ਹੈ, ਜਿਸ ਨਾਲ ਠੰਡ 'ਚ ਵਾਧਾ ਦਰਜ ਹੋਇਆ ਹੈ, ਜਦਕਿ ਆਉਣ ਵਾਲੇ ਦਿਨਾਂ 'ਚ ਠੰਡ ਹੋਰ ਵਧੇਗੀ। ਇਸ ਨਾਲ ਤਾਪਮਾਨ ਵਿਚ ਹੋਰ ਗਿਰਾਵਟ ਵੇਖਣ ਨੂੰ ਮਿਲੇਗੀ। ਇਸ ਦੇ ਨਾਲ ਹੀ ਵੱਧ ਤੋਂ ਵੱਧ ਤਾਪਮਾਨ ਵਿਚ 3 ਡਿਗਰੀ ਤੱਕ ਦੀ ਗਿਰਾਵਟ ਦਰਜ ਹੋਈ ਹੈ। ਮਹਾਨਗਰ ਜਲੰਧਰ ਦਾ ਵੱਧ ਤੋਂ ਵੱਧ ਤਾਪਮਾਨ 20 ਡਿਗਰੀ ਤੋਂ ਹੇਠਾਂ, ਜਦਕਿ ਘੱਟੋ ਤੋਂ ਘੱਟ ਤਾਪਮਾਨ 4 ਤੋਂ 6 ਡਿਗਰੀ ਦੇ ਵਿਚਕਾਰ ਦਰਜ ਹੋ ਰਿਹਾ ਹੈ। ਪਿਛਲੇ ਦਿਨਾਂ ਵਿਚ ਤਾਪਮਾਨ 3 ਡਿਗਰੀ ਤੱਕ ਪਹੁੰਚ ਗਿਆ ਸੀ। ਆਉਣ ਵਾਲੇ ਦਿਨਾਂ 'ਚ ਤਾਪਮਾਨ ਫਿਰ ਤੋਂ 3 ਡਿਗਰੀ ਜਾਂ ਇਸ ਤੋਂ ਹੇਠਾਂ ਜਾਂਦਾ ਹੋਇਆ ਵੇਖਣ ਨੂੰ ਮਿਲੇਗਾ। ਮੁੱਖ ਤੌਰ 'ਤੇ ਪਹਾੜਾਂ 'ਚ ਬਰਫ਼ਬਾਰੀ ਹੋਣ ਨਾਲ ਮੈਦਾਨੀ ਇਲਾਕਿਆਂ 'ਚ ਠੰਡ ਦਾ ਕਹਿਰ ਵਧਦਾ ਹੈ, ਜਿਸ ਨਾਲ ਜਨ-ਜੀਵਨ ਪ੍ਰਭਾਵਿਤ ਹੋਣ ਲੱਗਦਾ ਹੈ। ਮੌਸਮ ਵਿਭਾਗ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ 4 ਦਿਨ ਸੰਘਣੀ ਧੁੰਦ ਪਵੇਗੀ, ਇਸੇ ਕਾਰਨ 'ਯੈਲੋ ਅਲਰਟ' ਦੀ ਚਿਤਾਵਨੀ ਜਾਰੀ ਕੀਤੀ ਗਈ ਹੈ। ਇਸ ਕਾਰਨ ਜ਼ਰੂਰੀ ਸਾਵਧਾਨੀਆਂ ਵਰਤਣ ਦੀ ਲੋੜ ਹੈ। ਇਸ ਸਮੇਂ ਪੰਜਾਬ 'ਚ ਖ਼ੁਸ਼ਕ ਮੌਸਮ ਚੱਲ ਰਿਹਾ ਹੈ ਅਤੇ ਅਜਿਹੇ ਹਾਲਾਤ 'ਚ ਠੰਡ ਵਧਣ ਨਾਲ ਲੋਕਾਂ ਲਈ ਪ੍ਰੇਸ਼ਾਨੀਆਂ ਵਧਣਗੀਆਂ। ਮਾਹਿਰਾਂ ਦਾ ਕਹਿਣਾ ਹੈ ਕਿ ਹੁਣ ਸੁੱਕੀ ਠੰਡ ਕਈ ਤਰ੍ਹਾਂ ਦੀਆਂ ਬੀਮਾਰੀਆਂ ਨੂੰ ਸੱਦਾ ਦੇਵੇਗੀ। ਅਜਿਹੀ ਠੰਡ ਵਿਚ ਬਚਾਅ ਕਰਨ ਦੀ ਲੋੜ ਹੁੰਦੀ ਹੈ। ਸੁੱਕੀ ਠੰਡ ਦੇ ਮੌਸਮ ਵਿਚ ਥੋੜ੍ਹੀ ਜਿਹੀ ਲਾਪਰਵਾਹੀ ਵੀ ਸਿਹਤ 'ਤੇ ਉਲਟ ਪ੍ਰਭਾਵ ਪਾਉਂਦੀ ਹੈ। ਅਜਿਹੀ ਹਾਲਤ 'ਚ ਸਭ ਤੋਂ ਪਹਿਲਾਂ ਗਲਾ ਖ਼ਰਾਬ ਹੈ ਅਤੇ ਛਾਤੀ ਬੰਦ ਹੋਣੀ ਸ਼ੁਰੂ ਹੋ ਜਾਂਦੀ ਹੈ। ਇਸ ਕਾਰਨ ਖੰਘ ਅਤੇ ਬੁਖਾਰ ਹੋਣ ਦੀਆਂ ਸੰਭਾਵਨਾਵਾਂ ਵਧ ਜਾਂਦੀਆਂ ਹਨ। ਸਵੇਰ ਅਤੇ ਸ਼ਾਮ ਨੂੰ ਪੈਣ ਵਾਲੀ ਠੰਡ ਦੇ ਕਹਿਰ ਕਾਰਨ ਦੇਰ ਸ਼ਾਮ ਤੋਂ ਬਾਅਦ ਲੋਕ ਘਰਾਂ ਵਿਚ ਲੁਕਣ 'ਤੇ ਮਜਬੂਰ ਹੋ ਰਹੇ ਹਨ ਅਤੇ ਸ਼ਾਮ ਸਮੇਂ ਬਾਜ਼ਾਰਾਂ ਵਿਚ ਬਹੁਤ ਘੱਟ ਚਹਿਲ-ਪਹਿਲ ਵੇਖਣ ਨੂੰ ਮਿਲ ਰਹੀ ਹੈ। ਗਾਹਕਾਂ ਦੀ ਘਾਟ ਕਾਰਨ ਮੁੱਖ ਬਾਜ਼ਾਰਾਂ ਵਿਚ ਕਈ ਦੁਕਾਨਾਂ ਆਪਣੇ ਰੁਟੀਨ ਸਮੇਂ ਤੋਂ ਦੇਰੀ ਨਾਲ ਖੁੱਲ੍ਹ ਰਹੀਆਂ ਹਨ ਅਤੇ ਜਲਦੀ ਬੰਦ ਵੀ ਹੋ ਰਹੀਆਂ ਹਨ। ਦੁਕਾਨਦਾਰਾਂ ਦਾ ਕਹਿਣਾ ਹੈ ਕਿ ਇਸ ਸੀਜ਼ਨ ਵਿਚ ਹੁਣ ਤੱਕ ਗਾਹਕੀ ਉਮੀਦ ਤੋਂ ਘੱਟ ਰਹੀ ਹੈ। ਠੰਢ ਤੋਂ ਬਾਅਦ ਬਾਜ਼ਾਰਾਂ ਵਿਚ ਗਾਹਕਾਂ ਦੀ ਗਿਣਤੀ ਵਧੇਗੀ, ਜਿਸ ਤੋਂ ਬਾਅਦ ਸਟਾਕ ਕਲੀਅਰ ਹੋਣਾ ਸ਼ੁਰੂ ਹੋਵੇਗਾ। ਮੌਸਮ ਦੇ ਮਾਹਿਰਾਂ ਦਾ ਕਹਿਣਾ ਹੈ ਕਿ ਇਸ ਵਾਰ ਸਰਦੀ ਨੇ ਕੁਝ ਹਫ਼ਤਿਆਂ ਦੀ ਦੇਰੀ ਨਾਲ ਦਸਤਕ ਦਿੱਤੀ ਹੈ, ਇਸ ਕਾਰਨ ਠੰਡ ਦਾ ਅਸਰ ਦੇਰੀ ਨਾਲ ਵੇਖਣ ਨੂੰ ਮਿਲਿਆ ਹੈ। ਇਹੀ ਕਾਰਨ ਹੈ ਕਿ ਬਾਜ਼ਾਰਾਂ ਵਿਚ ਗਰਮ ਕੱਪੜਿਆਂ ਦੀ ਖ਼ਰੀਦ ਠੰਡੀ-ਗਰਮ ਵੇਖਣ ਨੂੰ ਮਿਲ ਰਹੀ ਹੈ। ਵਿਚਾਲੇ ਠੰਡੀ ਵਧਣ ਨਾਲ ਅਚਾਨਕ ਭੀੜ ਵਧ ਜਾਂਦੀ ਹੈ ਅਤੇ ਇਸ ਦੇ ਨਾਲ ਹੀ ਤੇਜ਼ ਧੁੱਪ ਕਾਰਨ ਗਾਹਕਾਂ ਵਿਚ ਕਮੀ ਆ ਜਾਂਦੀ ਹੈ। ਮੌਸਮ ਦੇ ਜੋ ਹਾਲਾਤ ਚੱਲ ਰਹੇ ਹਨ, ਉਨ੍ਹਾਂ ਦੇ ਮੁਤਾਬਕ ਆਉਣ ਵਾਲੇ ਦਿਨਾਂ ਵਿਚ ਠੰਡ ਦਾ ਕਹਿਰ ਹੋਰ ਵਧਣ ਦੀ ਸੰਭਾਵਨਾ ਹੈ। ਇਸੇ ਸਿਲਸਿਲੇ ਵਿਚ ਮਹੀਨੇ ਦੇ ਆਖਿਰ ਤੱਕ ਸਰਦੀ ਦਾ ਕਹਿਰ ਵਧਣ ਦੀ ਸੰਭਾਵਨਾ ਹੈ। ਮੌਸਮ ਸਾਧਾਰਨ ਨਾ ਹੋਣ ਕਾਰਨ ਪੰਜਾਬ ਅਲਰਟ ਜ਼ੋਨ ਵਿਚੋਂ ਬਾਹਰ ਨਹੀਂ ਨਿਕਲ ਪਾ ਰਿਹਾ, ਜੋਕਿ ਗੰਭੀਰ ਹਾਲਾਤ ਨੂੰ ਬਿਆਨ ਕਰ ਰਿਹਾ ਹੈ। ਇਸੇ ਸਿਲਸਿਲੇ ਵਿਚ ਮੌਸਮ ਵਿਭਾਗ ਵੱਲੋਂ 'ਯੈਲੋ ਅਲਰਟ' ਐਲਾਨਿਆ ਗਿਆ ਹੈ। ਸੰਘਣੀ ਧੁੰਦ ਸਬੰਧੀ ਐਡਵਾਈਜ਼ਰੀ ਜਾਰੀ ਕਰਦੇ ਹੋਏ ਡਰਾਈਵਰਾਂ ਨੂੰ ਚੌਕਸ ਰਹਿਣ ਲਈ ਕਿਹਾ ਗਿਆ ਹੈ। ਠੰਡ ਦੇ ਦਿਨਾਂ ਵਿਚ ਧੁੰਦ ਕਾਰਨ ਵਾਹਨਾਂ ਦੀ ਰਫ਼ਤਾਰ ਮੱਠੀ ਪਵੇਗੀ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਵਿਚ ਇਜ਼ਾਫ਼ਾ ਹੋਵੇਗਾ।

ਬ੍ਰਹਮਗਿਆਨੀ ਸੰਤ ਬਾਬਾ ਠਾਕੁਰ ਸਿੰਘ ਜੀ ਭਿੰਡਰਾਂਵਾਲੇ 15ਵੇਂ ਮੁਖੀ ਦਮਦਮੀ ਟਕਸਾਲ ਜੀ ਨੂੰ ਉਨ੍ਹਾਂ ਦੀ ਬਰਸੀ ਮੌਕੇ ਸ਼ਰਧਾ ਦੇ ਫੁੱਲ ਭੇਂਟ ਕਰਦੇ ਹਾਂ।



--✶ ਗੁਰੂ ਪੰਥ ਦਾ ਸੇਵਾਦਾਰ ✶--

## ਭਾਈ ਰਘਵੀਰ ਸਿੰਘ ਵਾਲਸਾਲ

ਐਡੀਟਰ-ਇਨ-ਚੀਫ਼

ਆਵਾਜ਼ਿ-ਕੌਮ ਅੰਤਰ-ਰਾਸ਼ਟਰੀ ਅਖ਼ਬਾਰ ਤੇ ਵੈਬ ਚੈਨਲ




ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਸ਼ਹੀਦੀ ਜੋੜ ਮੇਲ ਛੋਟੇ ਸਾਹਿਬਜ਼ਾਦੇ

☛ ਸ਼ਹੀਦੀ ਦਿਹਾੜੇ ਭਾਈ ਬਚਿੱਤਰ ਸਿੰਘ ਸਾਹਿਬ ਜੀ ☛ ਸਲਾਨਾ ਬਰਸੀ ਦਮਦਮੀ ਟਕਸਾਲ ਦੇ ਪੰਦਰਵੇਂ ਮੁੱਖੀ ਸ੍ਰੀ ਮਾਨ ਬ੍ਰਹਮਗਿਆਨੀ ਸੰਤ ਬਾਬਾ ਠਾਕੁਰ ਸਿੰਘ ਭਿੰਡਰਾਂਵਾਲੇ। ☛ ਮਹਾਨ ਸ਼ਹੀਦੀ ਦਿਹਾੜਾ ਛੋਟੇ ਸਾਹਿਬਜ਼ਾਦਾ ਬਾਬਾ ਜੋਰਾਵਰ ਸਿੰਘ ਜੀ ਅਤੇ ਬਾਬਾ ਫਤਹਿ ਸਿੰਘ ਜੀ ਅਤੇ ਮਾਤਾ ਗੁਜਰ ਕੌਰ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।



ਸੋਮਵਾਰ 23 ਦਸੰਬਰ ਤੋਂ 31 ਦਸੰਬਰ ਤੱਕ ਸ਼ਾਮ ਦੇ ਦਿਵਾਨ ਸਜਣਗੇ ਅਤੇ 1 ਜਨਵਰੀ 2025 ਦਿਨ ਦੇ ਦਿਵਾਨ ਸਜਣਗੇ। ਬੁੱਧਵਾਰ 25 ਅਤੇ ਵੀਰਵਾਰ 26 ਦਸੰਬਰ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ।

ਸ਼ੁੱਕਰਵਾਰ 27 ਦਸੰਬਰ 2024 ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਇੰਡੀਆ ਦੀ ਧਰਤੀ ਤੋ ਵਿਸ਼ੇਸ਼ ਤੌਰ ਪੁਹੰਚ ਰਹੇ ਢਾਡੀ ਜਥਾ ਗਿਆਨੀ ਬਿਕਰਮਜੀਤ ਸਿੰਘ ਯੂ ਪੀ ਵਾਲੇ ਢਾਡੀ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਨਗਰ ਕਾਜਲਬੋਤਾਨੋ ਦੀਆਂ ਸਿੱਖ ਸੰਗਤਾਂ ਵੱਲੋਂ ਲਈ ਗਈ ਹੈ

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ।

☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778